Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 31 Chief Editor : Chowdhary Prabhjit Singh, Editor : Chhatarpal Singh 98146-32807, Tuesday 14 July 2026 Price : 2 Rs. Page : 6

## ਮੁੱਖ ਮੰਤਰੀ ਨੇ ਵਣ ਵਿਭਾਗ ਵਿੱਚ ਪੱਕੇ ਕੀਤੇ 516 ਮੁਲਾਜ਼ਮਾਂ ਨੂੰ ਸੌਂਪੇ ਨਿਯੁਕਤੀ ਪੱਤਰ ਪਿਛਲੀਆਂ ਸਰਕਾਰਾਂ ਨੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ ਕੁਝ ਨਹੀਂ ਕੀਤਾ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਮੁਹਾਲੀ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਇਨ੍ਹਾਂ ਦਿਹਾੜੀਦਾਰ ਕਰਮਚਾਰੀਆਂ ਵਿੱਚ ਡਰਾਈਵਰ, ਬੇਲਦਾਰ ਅਤੇ ਹੋਰ ਮੁਲਾਜ਼ਮ ਸ਼ਾਮਲ ਹਨ, ਜਿਨ੍ਹਾਂ ਵਿੱਚੋਂ ਕਈ ਪਿਛਲੇ 20 ਤੋਂ 25 ਸਾਲਾਂ ਤੋਂ ਕੱਚੇ ਤੌਰ 'ਤੇ ਹੀ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ। ਪੱਕੇ ਕੀਤੇ ਗਏ ਮੁਲਾਜ਼ਮਾਂ ਵਿੱਚ 464 ਮਰਦ ਅਤੇ 52 ਮਹਿਲਾਵਾਂ ਸ਼ਾਮਲ ਹਨ। ਇਨ੍ਹਾਂ ਵਿੱਚੋਂ 9 ਕਰਮਚਾਰੀਆਂ ਨੂੰ ਉਮਰ ਵਿੱਚ ਛੋਟ, 439 ਕਰਮਚਾਰੀਆਂ ਨੂੰ ਪੜ੍ਹਾਈ ਵਿੱਚ ਛੋਟ ਅਤੇ 58 ਕਾਮਿਆਂ ਨੂੰ ਉਮਰ ਅਤੇ ਪੜ੍ਹਾਈ ਦੋਵਾਂ ਵਿੱਚ ਛੋਟ ਦੇ ਕੇ ਪੱਕੇ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਹ ਪੱਕੇ ਕੀਤੇ ਗਏ ਕਾਮੇ ਪੰਜਾਬ ਦੇ 18 ਜ਼ਿਲ੍ਹਿਆਂ ਨਾਲ ਸਬੰਧਿਤ ਹਨ।

ਕਾਮਿਆਂ ਨੂੰ ਨਿਯੁਕਤੀ ਪੱਤਰ ਵੰਡਣ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਸਾਰਿਆਂ ਨੂੰ ਪੱਕੇ ਹੋਣ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਮੇਰੇ ਦਸਤਖ਼ਤ ਹਮੇਸ਼ਾ ਪੰਜਾਬ ਦੇ ਭਲੇ ਲਈ ਹੁੰਦੇ ਹਨ। ਉਨ੍ਹਾਂ ਐਲਾਨ ਕੀਤਾ ਕਿ ਪੰਜਾਬ ਵਿੱਚੋਂ ਜਲਦੀ ਹੀ ਠੇਕੇਦਾਰੀ ਅਤੇ ਆਊਟਸੋਰਸਿੰਗ ਪ੍ਰਥਾ ਖ਼ਤਮ ਕਰਕੇ ਸਾਰੇ ਕਰਮਚਾਰੀਆਂ ਨੂੰ ਸਰਕਾਰ ਦੇ ਅਧੀਨ ਲਿਆਂਦਾ ਜਾਵੇਗਾ, ਜਿਸ ਨਾਲ ਉਨ੍ਹਾਂ ਦੀ ਤਨਖ਼ਾਹ ਵਧੇਗੀ, ਛੁੱਟੀਆਂ ਮਿਲਿਆ ਕਰਨਗੀਆਂ ਅਤੇ ਨੌਕਰੀ ਛੁੱਟਣ ਦੀ ਅਸੁਰੱਖਿਆ ਮੁਕੰਮਲ ਤੌਰ 'ਤੇ ਖ਼ਤਮ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਬਾਕੀ ਵਿਭਾਗਾਂ ਦੇ ਕਰਮਚਾਰੀਆਂ ਨੂੰ ਪੱਕੇ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ ਅਤੇ ਇਸ ਸਬੰਧੀ ਅਦਾਲਤੀ ਰੋਕਾਂ ਨੂੰ




ਦੂਰ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਇਹ ਵੀ ਦੱਸਿਆ ਕਿ ਵਣ ਵਿਭਾਗ ਵਿੱਚ ਚਿਰਾਂ ਤੋਂ ਰੁਕੀਆਂ ਹੋਈਆਂ 237 ਕਰਮਚਾਰੀਆਂ ਅਤੇ ਅਧਿਕਾਰੀਆਂ ਦੀਆਂ ਤਰੱਕੀਆਂ ਵੀ ਕਰ ਦਿੱਤੀਆਂ ਗਈਆਂ ਹਨ।

ਮੁੱਖ ਮੰਤਰੀ ਨੇ ਪਿਛਲੀਆਂ ਸਰਕਾਰਾਂ 'ਤੇ ਵਰ੍ਹਦਿਆਂ ਕਿਹਾ ਕਿ ਇਹ ਕੰਮ ਪੰਦਰਾਂ-ਵੀਹ ਸਾਲ ਪਹਿਲਾਂ ਹੋ ਜਾਣਾ ਚਾਹੀਦਾ ਸੀ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਲੋਕਾਂ ਅਤੇ ਕਰਮਚਾਰੀਆਂ ਦੀ ਬਜਾਏ ਸਿਰਫ਼ ਆਪਣੇ ਅਤੇ ਆਪਣੇ ਪਰਿਵਾਰਾਂ ਵੱਲ ਵੇਖਿਆ ਤੇ ਲੋਕਾਂ ਨੂੰ ਕੁਝ ਨਹੀਂ ਸਮਝਿਆ। ਉਨ੍ਹਾਂ ਕਿਹਾ ਕਿ ਇਹੀ ਕਾਰਨ ਹੈ ਕਿ ਜਿਹੜੇ ਲੋਕ ਪਹਿਲਾਂ ਜਨਤਾ ਨੂੰ ਟਿੱਚ ਜਾਣਦੇ ਸਨ, ਅੱਜ ਲੋਕ ਉਨ੍ਹਾਂ ਨੂੰ ਟਿੱਚ ਜਾਣਦੇ ਹਨ ਅਤੇ ਉਹ ਹੁਣ ਰੁਲਦੇ ਫਿਰ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਨੂੰ ਮੁੜ 'ਰੰਗਲਾ' ਅਤੇ ਹਰਿਆ-ਭਰਿਆ ਬਣਾਉਣ ਲਈ ਵਣ ਵਿਭਾਗ ਦਾ ਬਹੁਤ ਵੱਡਾ ਯੋਗਦਾਨ ਹੈ। ਉਨ੍ਹਾਂ ਨੇ ਵਿਭਾਗ ਦੇ ਕਰਮਚਾਰੀਆਂ ਨੂੰ ਜੰਗਲਾਂ, ਜੰਗਲੀ ਜਾਨਵਰਾਂ ਅਤੇ ਪੰਛੀਆਂ ਦੀ ਸੰਭਾਲ ਵਰਗੇ ਇਸ ਪੁੰਨ ਦੇ ਕਾਰਜ ਨੂੰ ਹੋਰ ਵੀ ਵਧੇਰੇ ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਦਾ ਸੱਦਾ ਦਿੱਤਾ।

ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸਬੰਧੀ ਵਣ ਵਿਭਾਗ ਵੱਲੋਂ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਸਾਢੇ ਛੇ ਲੱਖ ਬੂਟੇ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕੁੱਲ ਡੇਢ ਕਰੋੜ ਬੂਟੇ ਲਗਾਏ ਜਾਣਗੇ, ਜਿਸ ਸਬੰਧੀ ਜਲਦੀ ਹੀ ਸਾਰੀ ਵਿਉਂਤਬੰਦੀ ਐਲਾਨੀ ਜਾਵੇਗੀ।

## ਮੁੱਖ ਮੰਤਰੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਭਲਾਈ ਅਤੇ ਵਿਕਾਸ ਦੇ ਅਨੇਕਾਂ ਕੰਮ ਕਰ ਰਹੀ ਹੈ: ਬਲਬੀਰ ਸਿੰਘ

**ਪਟਿਆਲਾ, 13 ਜੁਲਾਈ**
**-ਛਤਰਪਾਲ ਸਿੰਘ-**



ਸਿਹਤ ਮੰਤਰੀ ਪੰਜਾਬ ਅਤੇ ਪਟਿਆਲਾ ਦਿਹਾਤੀ ਦੇ ਵਿਧਾਇਕ ਡਾ. ਬਲਬੀਰ ਸਿੰਘ ਵੱਲੋਂ ਉਲੀਕੇ ਗਏ ਲੋਕ ਮਿਲਣੀ ਪ੍ਰੋਗਰਾਮ ਤਹਿਤ ਵਾਰਡ ਨੰਬਰ 6 ਦਾ ਪ੍ਰੋਗਰਾਮ ਕੌਂਸਲਰ ਜਸਬੀਰ ਸਿੰਘ ਗਾਂਧੀ ਅਤੇ ਉਨ੍ਹਾਂ ਦੇ ਵਾਰਡ ਸਹਿਯੋਗੀਆਂ ਵੱਲੋਂ ਆਨੰਦ ਨਗਰ ਕਮਿਊਨਿਟੀ ਸੈਂਟਰ ਵਿਖੇ ਕਰਵਾਇਆ ਗਿਆ।

ਇਲਾਕਾ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਕਮਿਊਨਿਟੀ ਸੈਂਟਰ ਪਹੁੰਚ ਕੇ ਪ੍ਰੋਗਰਾਮ ਦੀ ਸ਼ਾਨ ਵਧਾਈ। ਡਾ. ਬਲਬੀਰ ਸਿੰਘ ਦੇ ਪ੍ਰੋਗਰਾਮ ਵਿੱਚ ਪਹੁੰਚਣ 'ਤੇ ਕੌਂਸਲਰ ਜਸਬੀਰ ਸਿੰਘ ਗਾਂਧੀ, ਉਨ੍ਹਾਂ ਦੇ ਮੋਹਤਬਰ ਸਹਿਯੋਗੀਆਂ ਅਤੇ ਆਮ ਆਦਮੀ ਪਾਰਟੀ ਦੀਆਂ ਸਖੀਆਂ ਵੱਲੋਂ ਗੁਲਦਸਤਾ ਭੇਟ ਕਰਕੇ ਅਤੇ ਹਾਰ ਪਹਿਨਾ ਕੇ ਨਿੱਘਾ ਸਵਾਗਤ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਵਾਰਡ ਨੰਬਰ 6 ਵਿੱਚ ਸੜਕਾਂ, ਨਾਲੀਆਂ, ਸੀਵਰੇਜ ਅਤੇ ਪਾਰਕਾਂ ਸਮੇਤ ਹੋਰ ਬੁਨਿਆਦੀ ਸਹੂਲਤਾਂ ਦੇ ਵਿਕਾਸ ਲਈ ਦੋ ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਖਰਚ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਭਲਾਈ ਅਤੇ ਵਿਕਾਸ ਦੇ ਅਨੇਕਾਂ ਕੰਮ ਕਰ ਰਹੀ ਹੈ, ਜਿਨ੍ਹਾਂ ਦਾ ਲਾਭ ਹਰ ਵਰਗ ਦੇ ਲੋਕਾਂ ਤੱਕ ਪਹੁੰਚ ਰਿਹਾ ਹੈ। ਡਾ. ਬਲਬੀਰ ਸਿੰਘ ਨੇ ਸਰਕਾਰ ਵੱਲੋਂ ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਦੇ ਜਲਦੀ ਨਿਪਟਾਰੇ ਦਾ ਭਰੋਸਾ ਦਿੱਤਾ।

ਇਸ ਮੌਕੇ ਕੌਂਸਲਰ ਜਸਬੀਰ ਸਿੰਘ ਗਾਂਧੀ ਵੱਲੋਂ ਠੰਢੇ ਮਿੱਠੇ ਪਾਣੀ ਦੀ ਛਬੀਲ ਅਤੇ ਬਰੈੱਡ ਪਕੌੜੇ ਤੇ ਚਾਹ ਦਾ ਲੰਗਰ ਵੀ ਲਗਾਇਆ ਗਿਆ। ਪ੍ਰੋਗਰਾਮ ਦੌਰਾਨ ਲੋਕਾਂ ਵਿੱਚ ਖੁਸ਼ੀ ਅਤੇ ਉਤਸ਼ਾਹ ਦੀ ਲਹਿਰ ਦੇਖਣ ਨੂੰ ਮਿਲੀ।

ਇਸ ਮੌਕੇ ਗੁਰ ਕਿਰਪਾਲ ਸਿੰਘ, ਦਵਿੰਦਰ ਕੌਰ, ਮਨਦੀਪ ਵਿਰਦੀ, ਜਤਿੰਦਰ ਕੌਰ, ਸਰਪੰਚ ਸੰਤੋਖ ਸਿੰਘ, ਜ਼ਿਲ੍ਹਾ ਗੱਜਨ ਸਿੰਘ ਮੀਡੀਆ ਸਕੱਤਰ, ਲਾਲ ਸਿੰਘ ਦਿਹਾਤੀ ਐਸਸੀ ਵਿੰਗ ਦੇ ਇੰਚਾਰਜ, ਵਾਰਡ ਇਨਚਾਰਜ ਹਰੀਸ਼ ਸੁਖੀਜਾ ਇੰਦਰਪਾਲ ਕੋਹਲੀ, ਸੰਜੀਵ ਮਿੱਤਲ ਸੋਸ਼ਲ ਮੀਡੀਆ ਇੰਚਾਰਜ ਦਿਹਾਤੀ, ਤੋਂ ਇਲਾਵਾ ਵਾਰਡ ਦੇ ਮੋਹਤਬਰ ਵਿਅਕਤੀ ਕਰਨਲ ਸਰਬਿੰਦਰ ਸਿੰਘ ਬੂਟਰ, ਗਿਆਨ ਚੰਦ ਗੋਇਲ, ਇਸ ਕੀ ਬਾਤਿਸ਼, ਕਮਲਜੀਤ ਸਿੰਘ ਕਾਕਾ, ਕੁਲਦੀਪ ਕੌਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਸਿਰਫ਼ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਦਾ ਵਿਕਾਸ ਮੁੜ ਬਹਾਲ ਕਰ ਸਕਦਾ ਹੈ : ਰਾਜੂ ਖੰਨਾ

**ਮੰਡੀ ਗੋਬਿੰਦਗੜ੍ਹ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਦੇ ਮੈਂਬਰ ਅਤੇ ਹਲਕਾ ਅਮਲੋਹ ਦੇ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ 2007 ਤੋਂ 2017 ਦਰਮਿਆਨ ਅਕਾਲੀ ਸਰਕਾਰ ਦੌਰਾਨ ਕਰਵਾਏ ਗਏ ਵਿਕਾਸ ਕਾਰਜਾਂ ਨੂੰ ਵਿਕਾਸ ਪੱਖੀ ਦੱਸਦਿਆਂ ਪੰਜਾਬ ਦੇ ਲੋਕਾਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਨੂੰ ਮੁੜ ਸੱਤਾ ਵਿੱਚ ਲਿਆਉਣ ਦੀ ਅਪੀਲ ਕੀਤੀ। ਰਾਜੂ ਖੰਨਾ ਨੇ ਅੱਜ ਇਥੇ ਇੱਕ ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਹੋਏ ਵਿਕਾਸ ਕਾਰਜਾਂ ਦਾ ਜ਼ਿਕਰ ਕੀਤਾ। ਰਾਜੂ ਖੰਨਾ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਨੇ ਬੇਮਿਸਾਲ ਬੁਨਿਆਦੀ ਢਾਂਚੇ ਅਤੇ ਭਲਾਈ ਦੇ ਖੇਤਰ ਵਿੱਚ ਵਾਧਾ ਵੇਖਿਆ। ਉਨ੍ਹਾਂ ਨੇ ਸੂਬੇ ਭਰ ਵਿੱਚ ਵੱਡੇ ਹਵਾਈ ਅੱਡਿਆਂ ਦੀ ਉਸਾਰੀ, ਬਿਨਾਂ ਰੁਕਾਵਟ ਸਰਕਾਰੀ ਬਿਜਲੀ ਸਪਲਾਈ, ਅਤੇ ਕਿਸਾਨਾਂ ਦੇ ਟਿਊਬਵੈੱਲਾਂ ਲਈ ਮੁਫ਼ਤ ਬਿਜਲੀ ਕੁਨੈਕਸ਼ਨਾਂ ਨੂੰ ਉਸ ਦੌਰ ਦੀਆਂ ਵੱਡੀਆਂ ਪ੍ਰਾਪਤੀਆਂ ਦੱਸਿਆ।

ਉਨ੍ਹਾਂ ਖਾਸ ਤੌਰ 'ਤੇ ਜ਼ੋਰ ਦਿੱਤਾ ਕਿ ਅਕਾਲੀ ਸਰਕਾਰ ਦੌਰਾਨ ਪੰਜਾਬ ਬਿਜਲੀ ਪੱਖੋਂ ਸਰਪਲੱਸ ਸੂਬਾ ਸੀ, ਜੋ ਕਿ ਮੌਜੂਦਾ ਆਪ ਸਰਕਾਰ ਦੀ ਹਾਲਤ ਦੇ ਬਿਲਕੁਲ ਉਲਟ ਹੈ, ਜਿਸ ਨੇ ਸੂਬੇ ਨੂੰ ਬਿਜਲੀ ਸੰਕਟ ਵਿੱਚ ਧੱਕ ਦਿੱਤਾ ਹੈ ਅਤੇ ਕਿਸਾਨ ਬਿਜਾਈ ਦੇ ਸੀਜ਼ਨ ਦੌਰਾਨ ਲਗਾਤਾਰ ਬਿਜਲੀ ਸਪਲਾਈ ਨੂੰ ਲੈ ਕੇ ਅਨਿਸ਼ਚਿਤਤਾ ਦਾ ਸਾਹਮਣਾ ਕਰ ਰਹੇ ਹਨ।÷ਇਹ ਸੁਖਬੀਰ ਸਿੰਘ ਬਾਦਲ ਹੀ ਸਨ ਜਿਨ੍ਹਾਂ ਨੇ ਗਰੀਬਾਂ ਲਈ ਆਟਾ-ਦਾਲ, 200 ਯੂਨਿਟ ਮੁਫ਼ਤ ਬਿਜਲੀ, ਅਤੇ ਸਕੂਲੀ ਬੱਚਿਆਂ ਲਈ ਮੁਫ਼ਤ ਸਾਈਕਲਾਂ ਅਤੇ ਵਜ਼ੀਫ਼ਿਆਂ ਦਾ ਪ੍ਰਬੰਧ ਯਕੀਨੀ ਬਣਾਇਆ,÷ ਰਾਜੂ ਖੰਨਾ ਨੇ ਕਿਹਾ, ਨਾਲ ਹੀ ਦੱਸਿਆ ਕਿ ਇਸੇ ਦੌਰ ਦੌਰਾਨ ਪੰਜਾਬ ਭਰ ਵਿੱਚ ਚੌੜੀਆਂ ਸੜਕਾਂ, ਹਾਈਵੇਅ ਅਤੇ ਚਾਰ-ਮਾਰਗੀ ਸੜਕਾਂ ਦਾ ਜਾਲ ਵਿਛਾਇਆ ਗਿਆ।ਉਨ੍ਹਾਂ ਨੇ ਅੱਗੇ ਅਕਾਲੀ ਲੀਡਰਸ਼ਿਪ ਨੂੰ ਚੱਪੜ ਚਿੜੀ, ਵਿਰਾਸਤ-ਏ-ਖ਼ਾਲਸਾ ਅਜਾਇਬਘਰ, ਅਤੇ ਅੰਮ੍ਰਿਤਸਰ ਵਿੱਚ ਗੋਲਡਨ ਗੇਟ ਸਮੇਤ ਧਾਰਮਿਕ ਅਤੇ ਵਿਰਾਸਤੀ ਥਾਵਾਂ ਦੇ ਵਿਕਾਸ ਦਾ ਸਿਹਰਾ ਦਿੱਤਾ, ਨਾਲ ਹੀ ਪਿੰਡ ਸੁੰਦਰੀਕਰਨ ਮੁਹਿੰਮ ਤਹਿਤ ਪਿੰਡਾਂ ਦੀਆਂ ਗਲੀਆਂ ਨੂੰ ਪੱਕਾ ਕਰਨ ਦਾ ਵੀ ਜ਼ਿਕਰ ਕੀਤਾ। ਰਾਜੂ ਖੰਨਾ ਨੇ ਗਰੀਬ ਵਿਦਿਆਰਥੀਆਂ ਨੂੰ ਮੁਫ਼ਤ ਸਿੱਖਿਆ ਦੇਣ ਵਾਲੇ ਮੈਡੀਕਲ ਕਾਲਜਾਂ ਦੀ ਸਥਾਪਨਾ ਵੱਲ ਵੀ ਇਸ਼ਾਰਾ ਕੀਤਾ, ਨਾਲ ਹੀ ਸੂਬੇ ਭਰ ਵਿੱਚ ਵੱਡੇ ਹਸਪਤਾਲਾਂ ਦੀ ਉਸਾਰੀ, ਜਿਸ ਵਿੱਚ ਬਠਿੰਡਾ ਦਾ ਏਮਸ ਵੀ ਸ਼ਾਮਲ ਹੈ, ਜਿਸ ਨੂੰ ਉਨ੍ਹਾਂ ਨੇ ਕਿਹਾ ਕਿ ਸਿਹਤ ਖੇਤਰ ਵਿੱਚ ਅਕਾਲੀ ਸਰਕਾਰ ਦੇ ਯਤਨਾਂ ਤਹਿਤ ਹੀ ਬਣਾਇਆ ਗਿਆ ਸੀ।÷ਸੁਖਬੀਰ ਸਿੰਘ ਬਾਦਲ ਨੇ ਪੰਜਾਬ ਭਰ ਦੇ ਪਿੰਡਾਂ ਵਿੱਚ ਮੰਡੀਆਂ ਸਥਾਪਿਤ ਕੀਤੀਆਂ, ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਵਿਸ਼ਵ ਕਬੱਡੀ ਕੱਪ ਸ਼ੁਰੂ ਕੀਤਾ, ਅਤੇ ਅੰਮ੍ਰਿਤਸਰ ਤੇ ਲੁਧਿਆਣਾ ਵਿੱਚ ਸਥਾਨਕ ਏਸੀ ਬੱਸ ਸੇਵਾਵਾਂ ਸ਼ੁਰੂ ਕੀਤੀਆਂ, ਉਹ ਸੇਵਾਵਾਂ ਜੋ ਬਾਅਦ ਵਿੱਚ ਕਾਂਗਰਸ ਸਰਕਾਰ ਨੇ ਬੰਦ ਕਰ ਦਿੱਤੀਆਂ,÷ ਉਨ੍ਹਾਂ ਦੋਸ਼ ਲਗਾਇਆ। ਉਨ੍ਹਾਂ ਨੇ ਇਹ ਵੀ ਸਿਹਰਾ ਦਿੱਤਾ ਕਿ ਅਕਾਲੀ ਲੀਡਰਸ਼ਿਪ ਨੇ ਕਿਸਾਨਾਂ ਲਈ ਟਰੈਕਟਰ ਟੋਲ ਟੈਕਸ ਮੁਆਫ਼ ਕਰਵਾਇਆ ਸੀ।÷ਪੰਜਾਬ ਦੇ ਇਤਿਹਾਸ ਵਿੱਚ ਕਿਸੇ ਵੀ ਸਰਕਾਰ ਨੇ ਓਨਾ ਵਿਕਾਸ ਨਹੀਂ ਕੀਤਾ ਜਿੰਨਾ ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ ਨੇ 2007 ਤੋਂ 2017 ਦਰਮਿਆਨ ਕੀਤਾ। ਇਸ ਸਮੇਂ ਦੌਰਾਨ ਪੰਜਾਬ ਦੇ ਨੌਜਵਾਨਾਂ ਨੂੰ 20 ਲੱਖ ਤੋਂ ਵੱਧ ਨੌਕਰੀਆਂ ਦਿੱਤੀਆਂ ਗਈਆਂ।

## ਯਮੁਨਾ 'ਚ ਚਾਰ ਨਾਬਾਲਗਾਂ ਦੇ ਡੁੱਬਣ ਦਾ ਖ਼ਦਸ਼ਾ; ਭਾਲ ਜਾਰੀ



**ਨਵੀਂ ਦਿੱਲੀ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬਾਹਰੀ ਉੱਤਰੀ ਦਿੱਲੀ ਦੇ ਅਲੀਪੁਰ ਇਲਾਕੇ ਵਿੱਚ ਹਿਰਨਕੀ ਪਿੰਡ ਦੇ ਨੇੜੇ ਯਮੁਨਾ ਵਿੱਚ ਨਹਾਉਂਦੇ ਸਮੇਂ ਨਦੀ ਦੀ ਤੇਜ਼ ਧਾਰਾ ਵਿੱਚ ਵਹਿ ਜਾਣ ਕਾਰਨ ਚਾਰ ਨਾਬਾਲਗਾਂ ਦੇ ਡੁੱਬਣ ਦਾ ਖ਼ਦਸ਼ਾ ਹੈ। ਕਈ ਏਜੰਸੀਆਂ ਨੇ ਸੋਮਵਾਰ ਨੂੰ ਲਗਾਤਾਰ ਦੂਜੇ ਦਿਨ ਤਲਾਸ਼ੀ ਅਭਿਆਨ ਜਾਰੀ ਰੱਖਿਆ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ।

ਪੁਲੀਸ ਨੇ ਦੱਸਿਆ ਕਿ ਘਟਨਾ ਦੇ ਸਬੰਧ ਵਿੱਚ ਐਤਵਾਰ ਸ਼ਾਮ ਕਰੀਬ ਸਾਢੇ ਸੱਤ ਵਜੇ ਪੁਲੀਸ ਕੰਟਰੋਲ ਰੂਮ (ਪੀ ਸੀ ਆਰ) ਨੂੰ ਸੂਚਨਾ ਦਿੱਤੀ ਗਈ ਸੀ।

ਸ਼ੁਰੂਆਤੀ ਜਾਂਚ ਮੁਤਾਬਕ, ਐਤਵਾਰ ਸ਼ਾਮ ਪੰਜ ਨਾਬਾਲਗ ਲੜਕੇ ਹਿਰਨਕੀ ਪਿੰਡ ਦੇ ਨੇੜੇ ਯਮੁਨਾ ਘਾਟ 'ਤੇ ਗਏ ਸਨ।

ਜਦੋਂ ਉਹ ਨਦੀ ਦੇ ਕਿਨਾਰੇ 'ਤੇ ਸਨ, ਉਨ੍ਹਾਂ ਵਿੱਚੋਂ ਚਾਰ ਪਾਣੀ ਵਿੱਚ ਉਤਰ ਗਏ ਅਤੇ ਤੇਜ਼ ਧਾਰਾ ਵਿੱਚ ਵਹਿ ਗਏ। ਪੰਜਵੇਂ ਲੜਕੇ ਨੇ ਭੱਜ ਕੇ ਆਸ-ਪਾਸ ਦੇ ਲੋਕਾਂ ਨੂੰ ਸੁਚੇਤ ਕੀਤਾ, ਜਿਸ ਤੋਂ ਬਾਅਦ ਪੁਲੀਸ ਅਤੇ ਬਚਾਅ ਦਲ ਨੂੰ ਸੂਚਿਤ ਕੀਤਾ ਗਿਆ। ਐੱਨ ਡੀ ਆਰ ਐੱਫ, ਦਿੱਲੀ ਆਫ਼ਤ ਪ੍ਰਬੰਧਨ ਅਥਾਰਟੀ, ਦਿੱਲੀ ਫਾਇਰ ਸਰਵਿਸ ਅਤੇ ਦਿੱਲੀ ਪੁਲੀਸ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ। ਅਭਿਆਨ ਸੋਮਵਾਰ ਨੂੰ ਵੀ ਜਾਰੀ ਰਿਹਾ, ਪਰ ਖ਼ਬਰ ਲਿਖੇ ਜਾਣ ਤੱਕ ਕਿਸੇ ਦੀ ਲਾਸ਼ ਬਰਾਮਦ ਨਹੀਂ ਹੋਈ।

ਉਸ ਨੇ ਦੱਸਿਆ, ਘਾਟ ਵੱਲ ਜਾਣ ਵਾਲੇ ਰਸਤੇ 'ਤੇ ਚਿੱਕੜ ਸੀ। ਅਸੀਂ ਉੱਥੇ ਇਕੱਠੇ ਗਏ ਸੀ ਅਤੇ ਸ਼ੁਰੂ ਵਿੱਚ ਸਿਰਫ਼ ਆਪਣੇ ਹੱਥ-ਪੈਰ ਧੋ ਰਹੇ ਸੀ, ਪਰ ਸੌਰਵ ਨਦੀ ਵਿੱਚ ਨਹਾਉਣ ਲਈ ਉਤਰ ਗਿਆ ਅਤੇ ਉਸਦੇ ਪਿੱਛੇ-ਪਿੱਛੇ ਰਾਹੁਲ, ਅਮਨਦੀਪ ਅਤੇ ਅੰਸ਼ੂ ਵੀ ਯਮੁਨਾ ਵਿੱਚ ਉਤਰ ਗਏ।

## ਕਿਸਾਨਾਂ ਨੂੰ ਟਿਊਬਵੈੱਲ ਕੁਨੈਕਸ਼ਨਾਂ ਦਾ ਚੋਗਾ; ਜ਼ਮੀਨ ਦੇਣ ਵਾਲਿਆਂ ਨੂੰ ਮਿਲੇਗਾ ਤਰਜੀਹੀ ਕੁਨੈਕਸ਼ਨ

**ਚੰਡੀਗੜ੍ਹ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਨੇ ਸੋਧੀ ਹੋਈ ਲੈਂਡ ਪੂਲਿੰਗ ਨੀਤੀ ਨੂੰ ਕਾਮਯਾਬ ਕਰਨ ਲਈ ਕਿਸਾਨਾਂ ਨੂੰ ਟਿਊਬਵੈੱਲ ਕੁਨੈਕਸ਼ਨ ਦੇਣ ਦਾ ਚੋਗਾ ਵੀ ਪਾਇਆ ਹੈ। ਪਹਿਲੀ ਜੁਲਾਈ 2026 ਨੂੰ ਪੰਜਾਬ ਕੈਬਨਿਟ ਨੇ ਸੋਧੀ ਹੋਈ ਲੈਂਡ ਪੂਲਿੰਗ ਨੀਤੀ ਨੂੰ ਪ੍ਰਵਾਨਗੀ ਦੇ ਦਿੱਤੀ ਸੀ ਜਿਸ ਦਾ ਹੁਣ ਨੋਟੀਫਿਕੇਸ਼ਨ ਜਾਰੀ ਹੋ ਗਿਆ ਹੈ। ਇਸ ਨੋਟੀਫਿਕੇਸ਼ਨ ਅਨੁਸਾਰ ਜਿਨ੍ਹਾਂ ਕਿਸਾਨਾਂ ਦੀ ਜ਼ਮੀਨ ਲੈਂਡ ਪੂਲਿੰਗ ਨੀਤੀ ਤਹਿਤ ਐਕੁਆਇਰ ਹੋਵੇਗੀ, ਉਨ੍ਹਾਂ ਕਿਸਾਨਾਂ ਨੂੰ ਤਰਜੀਹੀ ਅਧਾਰ 'ਤੇ ਟਿਊਬਵੈੱਲ ਕੁਨੈਕਸ਼ਨ ਦਿੱਤਾ ਜਾਵੇਗਾ।

ਪੰਜਾਬ ਸਰਕਾਰ ਵੱਲੋਂ ਪਾਵਰਕੌਮ ਲਈ ਇਹ ਲਾਜ਼ਮੀ ਕਰਾਰ ਦਿੱਤਾ ਗਿਆ ਹੈ ਕਿ ਜਿਉਂ ਹੀ ਕਿਸਾਨ ਲੈਂਡ ਪੂਲਿੰਗ ਨੀਤੀ ਤਹਿਤ ਐਕੁਆਇਰ ਹੋਈ ਜ਼ਮੀਨ ਬਾਰੇ ਭੌਂ ਪ੍ਰਾਪਤੀ ਕਲੈਕਟਰ ਵੱਲੋਂ ਜਾਰੀ ਸਰਟੀਫਿਕੇਟ ਪਾਵਰਕੌਮ ਕੋਲ ਅਰਜ਼ੀ ਨਾਲ ਦੇਵੇਗਾ ਤਾਂ ਉਸ ਨੂੰ ਤੁਰੰਤ ਤੇ ਪਹਿਲ ਦੇ ਅਧਾਰ 'ਤੇ ਟਿਊਬਵੈੱਲ ਕੁਨੈਕਸ਼ਨ ਜਾਰੀ ਕੀਤਾ ਜਾਵੇ। ਇਹ ਕੁਨੈਕਸ਼ਨ ਲੈਣ ਦੀ ਮਿਆਦ ਵੀ ਚਾਰ ਸਾਲ ਤੱਕ ਦੀ ਰਹੇਗੀ। ਪੰਜਾਬ 'ਚ ਸਾਲ 2017-18 ਤੋਂ ਨਵੇਂ ਖੇਤੀ ਮੋਟਰਾਂ 'ਤੇ ਪਾਬੰਦੀ ਲੱਗੀ ਹੋਈ ਹੈ। ਪੰਜਾਬ 'ਚ ਕੁਨੈਕਸ਼ਨ ਲੈਣ ਦੇ ਚਾਹਵਾਨ ਕਿਸਾਨਾਂ ਲਈ ਨਵਾਂ ਖੇਤੀ ਮੋਟਰ ਕੁਨੈਕਸ਼ਨ ਲੈਣਾ ਵੱਡੀ ਸਮੱਸਿਆ ਹੈ। ਜਦੋਂ ਹੁਣ ਪੰਜਾਬ ਸਰਕਾਰ ਨਹਿਰੀ ਪਾਣੀ ਦੀ ਵਰਤੋਂ ਨੂੰ ਹੁਲਾਰਾ ਦੇ ਰਹੀ ਹੈ ਤਾਂ ਠੀਕ ਉਸ ਸਮੇਂ ਹੀ ਨਵੇਂ ਖੇਤੀ ਕੁਨੈਕਸ਼ਨਾਂ ਦਾ ਰਾਹ ਵੀ ਖੋਲ੍ਹ ਦਿੱਤਾ ਗਿਆ ਹੈ। ਸੂਬਾ ਸਰਕਾਰ ਨੇ ਸੋਧੀ ਹੋਈ ਲੈਂਡ ਪੂਲਿੰਗ ਨੀਤੀ ਤਹਿਤ ਕਿਸਾਨਾਂ ਨੂੰ ਹੋਰ ਲਾਭਾਂ ਦੇ ਨਾਲ ਟਿਊਬਵੈੱਲ ਕੁਨੈਕਸ਼ਨ ਦੇਣ ਦਾ ਵੀ ਫ਼ੈਸਲਾ ਕੀਤਾ ਹੈ। ਇਸ ਵੇਲੇ ਟਿਊਬਵੈੱਲ ਕੁਨੈਕਸ਼ਨ ਕਿਸਾਨਾਂ ਦੀ ਵੱਡੀ ਲੋੜ ਬਣੀ ਹੋਈ ਹੈ। ਦੇਖਣਾ ਹੋਵੇਗਾ ਕਿ ਖੇਤੀ ਮੋਟਰ ਕੁਨੈਕਸ਼ਨਾਂ ਦਾ ਚੋਗਾ ਕਿਸਾਨਾਂ ਨੂੰ ਕਿੰਨਾ ਕੁ ਲੈਂਡ ਪੂਲਿੰਗ ਨੀਤੀ ਵੱਲ ਖਿੱਚ ਸਕੇਗਾ। ਪੰਜਾਬ 'ਚ ਆਖ਼ਰੀ ਸਮੇਂ 2017 ਦੀਆਂ ਵਿਧਾਨ ਸਭਾ ਚੋਣਾਂ ਲਈ ਚੋਣ ਜ਼ਾਬਤਾ ਲੱਗਣ ਤੋਂ ਪਹਿਲਾਂ ਤਤਕਾਲੀ ਅਕਾਲੀ ਭਾਜਪਾ ਗੱਠਜੋੜ ਸਰਕਾਰ ਨੇ ਕਰੀਬ 32 ਹਜ਼ਾਰ ਟਿਊਬਵੈੱਲ ਕੁਨੈਕਸ਼ਨ ਚੇਅਰਮੈਨੀ ਕੋਟੇ ਵਾਲੇ ਵੰਡੇ ਸਨ ਤਾਂ ਜੋ ਕਿਸਾਨਾਂ ਦੀਆਂ ਵੋਟਾਂ ਲਈਆਂ ਜਾ ਸਕਣ। ਉਸ ਮਗਰੋਂ ਬਣੀ ਕਾਂਗਰਸ ਸਰਕਾਰ ਨੇ ਇਨ੍ਹਾਂ 32 ਹਜ਼ਾਰ ਕੁਨੈਕਸ਼ਨਾਂ ਚੋਂ ਸਿਰਫ਼ 7 ਹਜ਼ਾਰ ਕੁਨੈਕਸ਼ਨਾਂ ਨੂੰ ਹੀ ਪ੍ਰਵਾਨਗੀ ਦਿੱਤੀ ਸੀ ਕਿਉਂਕਿ ਬਾਕੀ 25 ਹਜ਼ਾਰ ਕੁਨੈਕਸ਼ਨਾਂ ਦੀ ਪ੍ਰੋਸੈਸਿੰਗ ਫ਼ੀਸ ਨਹੀਂ ਭਰੀ ਗਈ ਸੀ।

## ਮਿਸ਼ਨ ਆਰੰਭ' ਡਿਜੀਟਲ ਮਾਧਿਅਮ ਰਾਹੀਂ 1.6 ਲੱਖ ਤੋਂ ਵੱਧ ਮਾਪਿਆਂ ਨੂੰ ਜੋੜ ਕੇ ਮੁਢਲੀ ਸਿੱਖਿਆ ਨੂੰ ਕਰ ਰਿਹਾ ਮਜ਼ਬੂਤ: ਡਾ. ਬਲਜੀਤ ਕੌਰ

**ਚੰਡੀਗੜ੍ਹ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰੇਕ ਬੱਚੇ ਨੂੰ ਜੀਵਨ ਦੀ ਸਭ ਤੋਂ ਵਧੀਆ ਸੰਭਵ ਸ਼ੁਰੂਆਤ ਦੇਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਮਿਸ਼ਨ ਆਰੰਭ' ਡਿਜੀਟਲ ਪਲੇਟਫਾਰਮਾਂ ਰਾਹੀਂ ਮਾਪਿਆਂ ਅਤੇ ਆਂਗਣਵਾੜੀ ਵਰਕਰਾਂ ਨੂੰ ਇੱਕ ਦੂਜੇ ਦੇ ਨੇੜੇ ਲਿਆ ਕੇ ਮੁਢਲੀ ਬਾਲ ਅਵਸਥਾ ਦੀ ਸਿੱਖਿਆ ਵਿੱਚ ਵੱਡੀ ਤਬਦੀਲੀ ਲਿਆ ਰਿਹਾ ਹੈ।



ਕੈਬਨਿਟ ਮੰਤਰੀ ਨੇ ਦੱਸਿਆ ਕਿ 'ਪ੍ਰਥਮ' ਅਤੇ 'ਰੌਕੇਟ ਲਰਨਿੰਗ' ਦੇ ਸਹਿਯੋਗ ਨਾਲ ਚਲਾਇਆ ਜਾ ਰਿਹਾ 'ਮਿਸ਼ਨ ਆਰੰਭ' ਪੰਜਾਬ ਭਰ ਵਿੱਚ ਵਟਸਐਪ-ਆਧਾਰਿਤ 'ਘਰ ਬੈਠੇ ਸਿੱਖਣ' ਦੇ ਪ੍ਰੋਗਰਾਮ ਰਾਹੀਂ 1.6 ਲੱਖ ਤੋਂ ਵੱਧ ਮਾਪਿਆਂ ਤੱਕ ਪਹੁੰਚ ਚੁੱਕਾ ਹੈ। ਪਰਿਵਾਰਾਂ ਨੂੰ ਸਿੱਧੇ ਤੌਰ 'ਤੇ ਸਰਲ, ਦਿਲਚਸਪ ਅਤੇ ਉਮਰ ਦੇ ਅਨੁਕੂਲ ਸਿੱਖਣ ਦੀਆਂ ਗਤੀਵਿਧੀਆਂ ਪ੍ਰਦਾਨ ਕਰਕੇ, ਇਹ ਪਹਿਲਕਦਮੀ ਮਾਪਿਆਂ ਨੂੰ ਘਰ ਵਿੱਚ ਹੀ ਆਪਣੇ ਬੱਚਿਆਂ ਦੀ ਸਿੱਖਿਆ ਅਤੇ ਵਿਕਾਸ ਵਿੱਚ ਸਰਗਰਮੀ ਨਾਲ ਸਹਿਯੋਗ ਕਰਨ ਦੇ ਯੋਗ ਬਣਾ ਰਹੀ ਹੈ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਨੇ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਨੂੰ ਸਫ਼ਲਤਾਪੂਰਵਕ ਆਪਣੇ ਘੇਰੇ ਵਿੱਚ ਲਿਆ ਹੈ ਅਤੇ ਵਿਸ਼ੇਸ਼ ਵਟਸਐਪ ਗਰੁੱਪਾਂ ਰਾਹੀਂ 26,209 ਆਂਗਣਵਾੜੀ ਵਰਕਰਾਂ ਨੂੰ ਜੋੜਿਆ ਹੈ। ਲਗਭਗ 70 ਫੀਸਦੀ ਆਂਗਣਵਾੜੀ ਵਰਕਰ ਇਸ ਪਲੇਟਫਾਰਮ 'ਤੇ ਸਰਗਰਮੀ ਨਾਲ ਜੁੜੇ ਹੋਏ ਹਨ, ਜਦੋਂ ਕਿ ਲਗਭਗ 35 ਫੀਸਦੀ ਨੇ ਆਪਣੀ ਸ਼ਾਨਦਾਰ ਭਾਗੀਦਾਰੀ ਅਤੇ ਨਿਰੰਤਰ ਪ੍ਰਦਰਸ਼ਨ ਲਈ 'ਗੋਲਡ ਮੈਡਲ' ਜਾਂ 'ਸੁਪਰਸਟਾਰ ਆਂਗਣਵਾੜੀ ਵਰਕਰ' ਵਜੋਂ ਮਾਨਤਾ ਪ੍ਰਾਪਤ ਕੀਤੀ ਹੈ।

ਉਨ੍ਹਾਂ ਦੱਸਿਆ ਕਿ ਮਾਪਿਆਂ ਨੂੰ ਵਟਸਐਪ ਰਾਹੀਂ ਹਫ਼ਤਾਵਾਰੀ ਗਤੀਵਿਧੀ ਕੈਲੰਡਰ, ਰੋਜ਼ਾਨਾ ਸਿੱਖਣ ਵਾਲੀਆਂ ਵੀਡੀਓਜ਼, ਇੰਟਰਐਕਟਿਵ ਕੁਇਜ਼ ਅਤੇ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਸਿੱਖਣ ਸਮੱਗਰੀ ਮਿਲਦੀ ਹੈ, ਜਿਸ ਨਾਲ ਘਰ ਵਿੱਚ ਬੱਚਿਆਂ ਨੂੰ ਸਿਖਾਉਣਾ ਮਾਪਿਆਂ ਲਈ ਸਰਲ, ਆਨੰਦਦਾਇਕ ਅਤੇ ਪ੍ਰਭਾਵਸ਼ਾਲੀ ਬਣ ਜਾਂਦਾ ਹੈ। ਇਹ ਪਹਿਲਕਦਮੀ ਆਂਗਣਵਾੜੀ ਵਰਕਰਾਂ ਨੂੰ ਪਰਿਵਾਰਾਂ ਨਾਲ ਨਿਯਮਿਤ ਤੌਰ 'ਤੇ ਜੁੜਨ ਅਤੇ ਬੱਚਿਆਂ ਦੇ ਬੌਧਿਕ, ਭਾਸ਼ਾਈ, ਸਮਾਜਿਕ ਅਤੇ ਭਾਵਨਾਤਮਕ ਵਿਕਾਸ ਵਿੱਚ ਸਹਾਇਤਾ ਕਰਨ ਲਈ ਡਿਜੀਟਲ ਸਾਧਨਾਂ ਨਾਲ ਵੀ ਲੈਸ ਕਰਦੀ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ 'ਮਿਸ਼ਨ ਆਰੰਭ' ਮਾਨ ਸਰਕਾਰ ਦੇ ਬੱਚਿਆਂ ਦੀ ਮੁਢਲੀ ਬਾਲ ਅਵਸਥਾ ਦੀ ਸਿੱਖਿਆ ਵਿੱਚ ਮਾਪਿਆਂ ਨੂੰ ਬਰਾਬਰ ਦਾ ਭਾਈਵਾਲ ਬਣਾਉਣ ਦੇ ਵਿਜ਼ਨ ਨੂੰ ਦਰਸਾਉਂਦਾ ਹੈ। ਤਕਨਾਲੋਜੀ, ਭਾਈਚਾਰਕ ਭਾਗੀਦਾਰੀ ਅਤੇ ਆਂਗਣਵਾੜੀ ਵਰਕਰਾਂ ਦੇ ਸਮਰਪਣ ਨੂੰ ਜੋੜ ਕੇ, ਇਹ ਪਹਿਲਕਦਮੀ ਪੰਜਾਬ ਦੇ ਬੱਚਿਆਂ ਦੇ ਸਭ ਤੋਂ ਮਹੱਤਵਪੂਰਨ ਸ਼ੁਰੂਆਤੀ ਸਾਲਾਂ ਦੌਰਾਨ ਉਨ੍ਹਾਂ ਦੇ ਸਿੱਖਣ ਦੀ ਇੱਕ ਮਜ਼ਬੂਤ ਨੀਂਹ ਰੱਖਣ ਵਿੱਚ ਮਦਦ ਕਰ ਰਹੀ ਹੈ।

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੰਚਕੂਲਾ ਤੋਂ ਰਾਜਵਿਆਪੀ ਸਵੱਛਤਾ ਮੁਹਿੰਮ ਦੀ ਕੀਤੀ ਸ਼ੁਰੂਆਤ

**ਚੰਡੀਗੜ੍ਹ 13 ਜੁਲਾਈ**
**-ਛਤਰਪਾਲ ਸਿੰਘ-**

ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੇ ਸਵੱਛ ਭਾਰਤ ਅਭਿਆਨ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਸਵੱਛਤਾ ਪ੍ਰਤੀ ਵਿਆਪਕ ਜਨ-ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅੱਜ ਪੰਚਕੂਲਾ ਤੋਂ ਰਾਜਵਿਆਪੀ ਸਵੱਛਤਾ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਮੌਕੇ 'ਤੇ ਉਨ੍ਹਾਂ ਨੇ ਖੁਦ ਸ਼ਰਮਦਾਨ ਕਰਕੇ ਸਫਾਈ ਕੀਤੀ ਅਤੇ ਸੂਬਾ ਵਾਸੀਆਂ ਨੂੰ ਸਵੱਛਤਾ ਨੂੰ ਜਨ-ਅੰਦੋਲਨ ਬਣਾਉਣ ਦੀ ਅਪੀਲ ਕੀਤੀ।



ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮੁਹਿੰਮ ਦੀ ਸ਼ੁਰੂਆਤ ਪੰਚਕੂਲਾ ਦੇ ਸੈਕਟਰ-20 ਦੀ ਮੁੱਖ ਮਾਰਕੀਟ ਦੇ ਸਾਹਮਣੇ ਖੁਦ ਝਾੜੂ ਲਗਾ ਕੇ ਕੀਤੀ। ਉਨ੍ਹਾਂ ਨੇ ਆਸ-ਪਾਸ ਦੇ ਇਲਾਕੇ ਦੀ ਸਫਾਈ ਕਰਦੇ ਹੋਏ ਨਾਗਰਿਕਾਂ ਨੂੰ ਸਵੱਛ ਵਾਤਾਵਰਣ ਬਣਾਈ ਰੱਖਣ ਦਾ ਸੰਦੇਸ਼ ਦਿੱਤਾ। ਇਸ ਦੇ ਨਾਲ ਹੀ, ਉਨ੍ਹਾਂ ਨੇ ਕੂੜੇ ਦੇ ਵਿਗਿਆਨਕ ਅਤੇ ਉਚਿਤ ਨਿਪਟਾਰੇ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਖੁਦ ਕੂੜਾ ਇਕੱਠਾ ਕਰਕੇ ਰੇਹੜੀ ਵਿੱਚ ਪਾਇਆ। ਇਸ ਮੌਕੇ 'ਤੇ ਉਨ੍ਹਾਂ ਨੇ 'ਇੱਕ ਪੇੜ ਮਾਂ ਦੇ ਨਾਮ' ਮੁਹਿੰਮ ਤਹਿਤ ਪੌਦੇ ਵੀ ਲਗਾਏ।

ਇਸ ਮੌਕੇ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਵੱਛਤਾ ਸਿਰਫ਼ ਸਰਕਾਰ ਦੀ ਹੀ ਨਹੀਂ, ਸਗੋਂ ਹਰ ਨਾਗਰਿਕ ਦੀ ਵੀ ਨੈਤਿਕ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਸੂਬਾ ਵਾਸੀਆਂ ਨੂੰ ਆਪਣੇ ਘਰ, ਮੁਹੱਲੇ, ਬਾਜ਼ਾਰ ਅਤੇ ਜਨਤਕ ਸਥਾਨਾਂ ਨੂੰ ਸਾਫ਼ ਰੱਖਣ ਅਤੇ ਕੂੜੇ ਦਾ ਉਚਿਤ ਪ੍ਰਬੰਧਨ ਯਕੀਨੀ ਬਣਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ।

ਮੁੱਖ ਮੰਤਰੀ ਸ੍ਰੀਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੇ ਸਵੱਛਤਾ ਦੇ ਸੰਦੇਸ਼ ਤੋਂ ਪ੍ਰੇਰਿਤ ਹੋ ਕੇ ਦੇਸ਼ ਭਰ ਦੇ ਲੋਕਾਂ ਨੇ ਸਵੱਛਤਾ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਅਭਿੰਨ ਅੰਗ ਬਣਾਇਆ ਹੈ। ਉਨ੍ਹਾਂ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ 17 ਜੁਲਾਈ ਨੂੰ ਹਰਿਆਣਾ ਦੇ ਦੌਰੇ 'ਤੇ ਆਉਣਗੇ। ਇਸ ਮੌਕੇ ਨੂੰ ਧਿਆਨ ਵਿੱਚ ਰੱਖਦਿਆਂ 13 ਜੁਲਾਈ ਤੋਂ 17 ਜੁਲਾਈ ਤੱਕ ਪੂਰੇ ਹਰਿਆਣਾ ਵਿੱਚ ਰੋਜ਼ਾਨਾ ਵਿਆਪਕ ਪੱਧਰ 'ਤੇ ਸਵੱਛਤਾ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਹੈ, ਜਿਸ ਦੀ ਸ਼ੁਰੂਆਤ ਅੱਜ ਪੰਚਕੂਲਾ ਤੋਂ ਕੀਤੀ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਮੁਹਿੰਮ ਤਹਿਤ ਸੂਬੇ ਦੇ ਵੱਖ-ਵੱਖ ਸਥਾਨਾਂ 'ਤੇ ਮੰਤਰੀ, ਸੰਸਦ ਮੈਂਬਰ, ਵਿਧਾਇਕ, ਸਥਾਨਕ ਨੁਮਾਇੰਦੇ ਅਤੇ ਪਾਰਟੀ ਅਹੁਦੇਦਾਰ ਸਵੱਛਤਾ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਨਿਭਾਉਂਦੇ ਹੋਏ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੇ ਸਵੱਛ ਅਤੇ ਵਿਕਸਤ ਭਾਰਤ ਦੇ ਸੰਕਲਪ ਨੂੰ ਅੱਗੇ ਵਧਾਉਣ ਦਾ ਕੰਮ ਕਰਨਗੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦਾ ਹਰਿਆਣਾ ਆਉਣਾ ਸਾਡੇ ਸਾਰਿਆਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਆਪਣੇ ਹਰਿਆਣਾ ਦੌਰੇ ਦੌਰਾਨ ਇੱਕ ਹਾਈਡ੍ਰੋਜਨ ਟ੍ਰੇਨ ਨੂੰ ਹਰੀ ਝੰਡੀ ਦਿਖਾਉਣਗੇ ਅਤੇ ਹਰਿਆਣਾ ਦੇ ਵਿਕਾਸ ਨਾਲ ਜੁੜੇ ਵੱਖ-ਵੱਖ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਵੀ ਰੱਖਣਗੇ। ਇੱਕ ਹੋਰ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਨੇ ਕਿਹਾ ਕਿ ਜਲਵਾਯੂ ਪਰਿਵਰਤਨ ਦੇ ਪ੍ਰਭਾਵ ਅੱਜ ਪੂਰੀ ਦੁਨੀਆ ਮਹਿਸੂਸ ਕਰ ਰਹੀ ਹੈ, ਵਾਤਾਵਰਣ ਦੀਆਂ ਚੁਣੌਤੀਆਂ ਵਧ ਗਈਆਂ ਹਨ। ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਪ੍ਰਧਾਨ ਮੰਤਰੀ ਸ੍ਰੀਨਰੇਂਦਰ ਮੋਦੀ ਨੇ 'ਇੱਕ ਪੇੜ ਮਾਂ ਦੇ ਨਾਮ' ਮੁਹਿੰਮ ਦੀ ਸ਼ੁਰੂਆਤ ਕੀਤੀ ਅਤੇ ਦੇਸ਼ ਵਾਸੀਆਂ ਨੂੰ ਆਪਣੀ ਮਾਂ ਦੇ ਸਨਮਾਨ ਵਿੱਚ ਘੱਟੋ-ਘੱਟ ਇੱਕ ਪੌਦਾ ਲਗਾਉਣ ਅਤੇ ਉਸਦੀ ਸਾਂਭ-ਸੰਭਾਲ ਕਰਨ ਦਾ ਸੱਦਾ ਦਿੱਤਾ।

ਮੁੱਖ ਮੰਤਰੀ ਨੇ ਸੂਬਾ ਵਾਸੀਆਂ ਨੂੰ ਵੀ ਇਸ ਮੁਹਿੰਮ ਨਾਲ ਜੁੜਦੇ ਹੋਏ ਘੱਟੋ-ਘੱਟ ਇੱਕ ਪੌਦਾ ਲਗਾਉਣ ਅਤੇ ਉਸਦੀ ਨਿਯਮਤ ਦੇਖਭਾਲ ਕਰਕੇ ਉਸਨੂੰ ਰੁੱਖ ਬਣਨ ਤੱਕ ਸੁਰੱਖਿਅਤ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਨੇ ਕਿਹਾ ਕਿ ਵੱਧ ਤੋਂ ਵੱਧ ਪੌਦੇ ਲਗਾਉਣ ਨਾਲ ਵਾਤਾਵਰਣ ਸਾਫ਼ ਹੋਵੇਗਾ, ਹਵਾ ਪ੍ਰਦੂਸ਼ਣ ਘਟੇਗਾ ਅਤੇ ਲੋਕਾਂ ਦੀ ਸਿਹਤ ਬਿਹਤਰ ਹੋਵੇਗੀ, ਜਿਸ ਨਾਲ ਕਈ ਬਿਮਾਰੀਆਂ ਦੀ ਰੋਕਥਾਮ ਵਿੱਚ ਵੀ ਮਦਦ ਮਿਲੇਗੀ। ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਨੇ ਸੰਕਲਪ ਲਿਆ ਹੈ ਕਿ ਉਹ ਜਿੱਥੇ ਵੀ ਜਾਣਗੇ, ਉੱਥੇ ਘੱਟੋ-ਘੱਟ 100 ਪੌਦੇ ਜ਼ਰੂਰ ਲਗਾਉਣਗੇ। ਇਸੇ ਲੜੀ ਵਿੱਚ ਅੱਜ ਪੰਚਕੂਲਾ ਵਿੱਚ ਵੀ ਪੌਦੇ ਲਗਾਏ ਗਏ। ਇਸ ਮੌਕੇ 'ਤੇ ਹਰਿਆਣਾ ਵਿਧਾਨ ਸਭਾ ਦੇ ਸਾਬਕਾ ਸਪੀਕਰ ਸ੍ਰੀ ਗਿਆਨਚੰਦ ਗੁਪਤਾ, ਪੰਚਕੂਲਾ ਦੇ ਮੇਅਰ ਸ੍ਰੀਸ਼ਿਆਮ ਲਾਲ ਬਾਂਸਲ, ਹਰਿਆਣਾ ਸ਼ਿਵਾਲਿਕ ਵਿਕਾਸ ਬੋਰਡ ਦੇ ਕਾਰਜਕਾਰੀ ਉਪ ਚੇਅਰਮੈਨ ਸ੍ਰੀਓਮ ਪ੍ਰਕਾਸ਼ ਦੇਵੀਨਗਰ, ਭਾਜਪਾ ਸੂਬਾ ਮੀਤ ਪ੍ਰਧਾਨ ਸ੍ਰੀਮਤੀ ਬੰਤੋ ਕਟਾਰੀਆ, ਸਾਬਕਾ ਮੇਅਰ ਸ੍ਰੀਕੁਲਭੂਸ਼ਣ ਗੋਇਲ, ਡਿਪਟੀ ਕਮਿਸ਼ਨਰ ਸ੍ਰੀ ਸਤਪਾਲ ਸ਼ਰਮਾ ਸਮੇਤ ਹੋਰ ਮਾਣਯੋਗ ਸੱਜਣ ਅਤੇ ਵੱਡੀ ਗਿਣਤੀ ਵਿੱਚ ਆਮ ਲੋਕ ਮੌਜੂਦ ਸਨ।

## ਪ੍ਰਧਾਨ ਮੰਤਰੀ ਮੋਦੀ ਦੇ ਦੌਰੇ ਤੋਂ ਪਹਿਲਾਂ ਚੰਡੀਗੜ੍ਹ, ਮੁਹਾਲੀ ਤੇ ਜਲੰਧਰ ਦੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ



**ਚੰਡੀਗੜ੍ਹ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਚੰਡੀਗੜ੍ਹ ਅਤੇ ਪੰਜਾਬ ਦੌਰੇ ਤੋਂ ਠੀਕ ਪਹਿਲਾਂ ਸਥਾਨਕ ਸਕੂਲਾਂ ਨੂੰ ਇੱਕ ਧਮਕੀ ਭਰੀ ਈ-ਮੇਲ ਭੇਜੀ ਗਈ ਹੈ, ਜਿਸ ਵਿੱਚ 17 ਜੁਲਾਈ ਨੂੰ ਚੰਡੀਗੜ੍ਹ ਅਤੇ ਜਲੰਧਰ ਵਿੱਚ ਵੱਖ-ਵੱਖ ਥਾਵਾਂ 'ਤੇ ਬੰਬ ਧਮਾਕੇ ਕਰਨ ਦਾ ਦਾਅਵਾ ਕੀਤਾ ਗਿਆ ਹੈ। ਇਸ ਦੇ ਨਾਲ ਹੀ ਭਾਰਤੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਜਾਨੋਂ ਮਾਰਨ ਦੀ ਧਮਕੀ ਵੀ ਦਿੱਤੀ ਗਈ ਹੈ। ਇਸ ਧਮਕੀ ਭਰੀ ਮੇਲ ਤੋਂ ਬਾਅਦ ਸੁਰੱਖਿਆ ਏਜੰਸੀਆਂ ਅਤੇ ਪੁਲੀਸ ਹਾਈ ਅਲਰਟ 'ਤੇ ਹਨ।

ਮੁਹਾਲੀ ਅਤੇ ਚੰਡੀਗੜ੍ਹ ਦੇ ਕਈ ਸਕੂਲਾਂ ਨੂੰ ਭੇਜੀ ਗਈ ਇਸ ਈ-ਮੇਲ ਵਿੱਚ ਲਿਖਿਆ ਗਿਆ ਹੈ ਕਿ 17 ਜੁਲਾਈ ਨੂੰ ਸਥਾਨਕ ਸਕੂਲਾਂ, ਮੁਹਾਲੀ ਮੇਅਰ ਦੇ ਦਫ਼ਤਰ ਅਤੇ ਜਲੰਧਰ-ਚੰਡੀਗੜ੍ਹ ਰੇਲਵੇ ਸਟੇਸ਼ਨਾਂ 'ਤੇ ਆਈ.ਈ.ਡੀ. (954) ਧਮਾਕੇ ਕੀਤੇ ਜਾਣਗੇ। ਮੇਲ ਭੇਜਣ ਵਾਲੇ ਨੇ ਧਮਕੀ ਦਿੱਤੀ ਹੈ ਕਿ 17 ਜੁਲਾਈ ਨੂੰ ਦੁਪਹਿਰ 1:11 ਵਜੇ ਸਕੂਲਾਂ ਵਿੱਚ ਅਤੇ ਦੁਪਹਿਰ 3:11 ਵਜੇ ਮੁਹਾਲੀ ਮੇਅਰ ਦੇ ਦਫ਼ਤਰ ਨੂੰ ਬੰਬ ਨਾਲ ਉਡਾਇਆ ਜਾਵੇਗਾ। ਜ਼ਿਕਰਯੋਗ ਹੈ ਕਿ 17 ਜੁਲਾਈ ਨੂੰ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਖ-ਵੱਖ ਪ੍ਰੋਜੈਕਟਾਂ ਦੇ ਉਦਘਾਟਨ ਅਤੇ ਐਲਾਨਾਂ ਲਈ ਚੰਡੀਗੜ੍ਹ, ਪੰਜਾਬ ਅਤੇ ਹਰਿਆਣਾ ਦੇ ਦੌਰੇ 'ਤੇ ਆ ਰਹੇ ਹਨ।

ਕਥਿਤ ਤੌਰ 'ਤੇ 'ਖ਼ਾਲਿਸਤਾਨ ਨੈਸ਼ਨਲ ਆਰਮੀ' (ਇੰਜੀ. ਗੁਰਨਾਖ ਸਿੰਘ, ਰੁਕਨ ਸ਼ਾਹਵਾਲਾ, ਡਾ. ਗੁਰਨਿਰਵਾਰ ਸਿੰਘ ਅਤੇ ਖ਼ਾਨ ਰਾਜਾਦਾ) ਵੱਲੋਂ ਭੇਜੀ ਗਈ ਇਸ ਮੇਲ ਵਿੱਚ ਕੇਂਦਰੀ ਮੰਤਰੀ ਰਵਨੀਤ ਬਿੱਟੂ ਨੂੰ ਸਿੱਧੀ ਚਿਤਾਵਨੀ ਦਿੱਤੀ ਗਈ ਹੈ। ਮੇਲ ਵਿੱਚ ਲਿਖਿਆ ਗਿਆ ਹੈ, ਰਵਨੀਤ ਬਿੱਟੂ ਜੋ ਦਿਲਜੀਤ ਦੋਸਾਂਝ ਖ਼ਿਲਾਫ਼ ਬੋਲ ਰਿਹਾ ਹੈ... ਹੁਣ ਸਮਾਂ ਆ ਗਿਆ ਹੈ, ਤੇਰੇ ਦਾਦੇ ਬੇਅੰਤੇ (ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ) ਨਾਲ ਮਿਲਾਉਣ ਦਾ।

ਇਸ ਈ-ਮੇਲ ਰਾਹੀਂ ਪੰਜਾਬ ਦੇ ਆਮ ਲੋਕਾਂ ਨੂੰ ਵੀ ਪ੍ਰਧਾਨ ਮੰਤਰੀ ਮੋਦੀ ਦੀ ਰੈਲੀ ਵਿੱਚ ਸ਼ਾਮਲ ਨਾ ਹੋਣ ਦੀ ਤਾਕੀਦ ਕੀਤੀ ਗਈ ਹੈ। ਮੇਲ ਵਿੱਚ ਦਾਅਵਾ ਕੀਤਾ ਗਿਆ ਹੈ, ਖ਼ਾਲਿਸਤਾਨ ਵਾਲੇ ਬੱਚਿਆਂ ਦੇ ਖ਼ਿਲਾਫ਼ ਨਹੀਂ, ਹੁਣ ਜਲੰਧਰ-ਚੰਡੀਗੜ੍ਹ ਵਿੱਚ ਕਿਸਾਨਾਂ ਦਾ; ਸਿੱਖਾਂ ਦਾ; ਸ਼ਹੀਦ ਖਾਲੜਾ ਸਤਲੁਜ ਦਾ; ਸ਼ਹੀਦ ਨਿੱਜਰ ਦਾ... ਦੁਸ਼ਮਣ ਮੋਦੀ ਆਏਗਾ। ਕੋਈ ਵੀ ਪਰਿਵਾਰ, ਮੋਦੀ ਰੈਲੀਆਂ ਵਿੱਚ ਨਾ ਜਾਣਾ... ਨਹੀਂ ਮਾਰੇ ਜਾਓਗੇ ਬੰਬ ਧਮਾਕਿਆਂ ਵਿੱਚ। ਇਸ ਦੇ ਨਾਲ ਹੀ ਪੱਤਰ ਵਿੱਚ ਕਿਹਾ ਗਿਆ ਹੈ ਕਿ ਉਹ ਗਾਇਕ ਤੇ ਅਦਾਕਾਰ ਦਿਲਜੀਤ ਦੋਸਾਂਝ ਦੇ ਨਾਲ ਖੜ੍ਹੇ ਹਨ।

ਸੰਪਾਦਕੀ

## ਇਰਾਨ-ਅਮਰੀਕਾ ਤਣਾਅ ਅਤੇ ਮਹਿੰਗਾਈ ਦੀ ਮਾਰ, ਆਮ ਆਦਮੀ ਲਈ ਚਿੰਤਾ ਦਾ ਵਿਸ਼ਾ

ਇਰਾਨ ਅਤੇ ਅਮਰੀਕਾ ਵਿਚਕਾਰ ਵਧਦਾ ਤਣਾਅ ਇੱਕ ਵਾਰ ਫਿਰ ਵਿਸ਼ਵ ਅਰਥਵਿਵਸਥਾ ਲਈ ਚਿੰਤਾ ਦਾ ਕਾਰਨ ਬਣ ਰਿਹਾ ਹੈ। ਮੱਧ ਪੂਰਬ ਵਿੱਚ ਅਸਥਿਰਤਾ ਦਾ ਸਭ ਤੋਂ ਪਹਿਲਾਂ ਅਸਰ ਕੱਚੇ ਤੇਲ ਦੀਆਂ ਕੀਮਤਾਂ 'ਤੇ ਪੈਂਦਾ ਹੈ ਅਤੇ ਭਾਰਤ ਵਰਗੇ ਤੇਲ ਆਯਾਤ ਕਰਨ ਵਾਲੇ ਦੇਸ਼ਾਂ ਨੂੰ ਇਸ ਦਾ ਸਿੱਧਾ ਪ੍ਰਭਾਵ ਮਹਿੰਗਾਈ ਦੇ ਰੂਪ ਵਿੱਚ ਝੱਲਣਾ ਪੈਂਦਾ ਹੈ। ਜੂਨ ਮਹੀਨੇ ਵਿੱਚ ਪ੍ਰਚੂਨ ਮਹਿੰਗਾਈ ਦਰ 4.38 ਫ਼ੀਸਦੀ ਤੱਕ ਪਹੁੰਚਣਾ ਇਸ ਗੱਲ ਦਾ ਸੰਕੇਤ ਹੈ ਕਿ ਖਪਤਕਾਰਾਂ 'ਤੇ ਕੀਮਤਾਂ ਦਾ ਦਬਾਅ ਮੁੜ ਵਧ ਰਿਹਾ ਹੈ।

ਭਾਰਤ ਆਪਣੀ ਤੇਲ ਦੀ ਲੋੜ ਦਾ ਵੱਡਾ ਹਿੱਸਾ ਵਿਦੇਸ਼ਾਂ ਤੋਂ ਮੰਗਵਾਉਂਦਾ ਹੈ। ਜੇਕਰ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚਾ ਤੇਲ ਮਹਿੰਗਾ ਹੁੰਦਾ ਹੈ ਤਾਂ ਇਸ ਦਾ ਪ੍ਰਭਾਵ ਆਵਾਜਾਈ, ਉਦਯੋਗ, ਖੇਤੀਬਾੜੀ ਅਤੇ ਰੋਜ਼ਾਨਾ ਵਰਤੋਂ ਦੀਆਂ ਵਸਤੂਆਂ ਦੀਆਂ ਕੀਮਤਾਂ 'ਤੇ ਵੀ ਪੈਂਦਾ ਹੈ। ਟਰਾਂਸਪੋਰਟ ਦੀ ਲਾਗਤ ਵਧਣ ਨਾਲ ਸਬਜ਼ੀਆਂ, ਫਲ, ਦੁੱਧ, ਅਨਾਜ ਅਤੇ ਹੋਰ ਜ਼ਰੂਰੀ ਸਾਮਾਨ ਵੀ ਮਹਿੰਗਾ ਹੋ ਜਾਂਦਾ ਹੈ।

ਮਹਿੰਗਾਈ ਸਿਰਫ਼ ਅੰਕੜਿਆਂ ਦਾ ਮਾਮਲਾ ਨਹੀਂ, ਸਗੋਂ ਹਰ ਘਰ ਦੇ ਰਸੋਈ ਬਜਟ ਨਾਲ ਜੁੜਿਆ ਮੁੱਦਾ ਹੈ। ਮੱਧ ਵਰਗ ਅਤੇ ਘੱਟ ਆਮਦਨ ਵਾਲੇ ਪਰਿਵਾਰਾਂ ਲਈ ਵਧਦੀਆਂ ਕੀਮਤਾਂ ਮਹੀਨਾਵਾਰ ਖਰਚ ਚਲਾਉਣਾ ਔਖਾ ਕਰ ਦਿੰਦੀਆਂ ਹਨ। ਜਦੋਂ ਖਾਣ-ਪੀਣ ਦੀਆਂ ਵਸਤੂਆਂ ਮਹਿੰਗੀਆਂ ਹੁੰਦੀਆਂ ਹਨ ਤਾਂ ਸਭ ਤੋਂ ਵੱਧ ਪ੍ਰਭਾਵ ਆਮ ਲੋਕਾਂ 'ਤੇ ਪੈਂਦਾ ਹੈ।

ਸਰਕਾਰ ਲਈ ਇਹ ਸਮਾਂ ਸਾਵਧਾਨੀ ਨਾਲ ਕਦਮ ਚੁੱਕਣ ਦਾ ਹੈ। ਜ਼ਰੂਰੀ ਵਸਤੂਆਂ ਦੀ ਸਪਲਾਈ ਨੂੰ ਸੁਚਾਰੂ ਰੱਖਣਾ, ਜਮਾਖੋਰੀ 'ਤੇ ਸਖ਼ਤ ਕਾਰਵਾਈ ਕਰਨਾ ਅਤੇ ਲੋੜ ਪੈਣ 'ਤੇ ਕੀਮਤਾਂ ਨੂੰ ਕਾਬੂ ਵਿੱਚ ਰੱਖਣ ਲਈ ਨੀਤੀਗਤ ਫ਼ੈਸਲੇ ਲੈਣਾ ਬਹੁਤ ਜ਼ਰੂਰੀ ਹੋਵੇਗਾ। ਇਸ ਦੇ ਨਾਲ-ਨਾਲ ਊਰਜਾ ਦੇ ਵਿਕਲਪਕ ਸਰੋਤਾਂ ਨੂੰ ਉਤਸ਼ਾਹਿਤ ਕਰਨਾ ਅਤੇ ਤੇਲ ਆਯਾਤ 'ਤੇ ਨਿਰਭਰਤਾ ਘਟਾਉਣਾ ਵੀ ਲੰਬੇ ਸਮੇਂ ਦਾ ਹੱਲ ਹੈ।

ਹਾਲਾਂਕਿ ਮੌਜੂਦਾ ਮਹਿੰਗਾਈ ਵਿੱਚ ਕਈ ਘਰੇਲੂ ਕਾਰਕ, ਜਿਵੇਂ ਮੌਸਮ, ਸਪਲਾਈ ਚੇਨ ਅਤੇ ਖੁਰਾਕ ਦੀਆਂ ਕੀਮਤਾਂ ਵੀ ਭੂਮਿਕਾ ਨਿਭਾਉਂਦੀਆਂ ਹਨ, ਪਰ ਜੇਕਰ ਮੱਧ ਪੂਰਬ ਵਿੱਚ ਤਣਾਅ ਲੰਮਾ ਖਿੱਚਦਾ ਹੈ ਅਤੇ ਕੱਚੇ ਤੇਲ ਦੀਆਂ ਕੀਮਤਾਂ ਉੱਚ ਪੱਧਰ 'ਤੇ ਰਹਿੰਦੀਆਂ ਹਨ, ਤਾਂ ਆਉਣ ਵਾਲੇ ਮਹੀਨਿਆਂ ਵਿੱਚ ਮਹਿੰਗਾਈ ਦਾ ਦਬਾਅ ਹੋਰ ਵੱਧ ਸਕਦਾ ਹੈ।

ਭਾਰਤ ਨੂੰ ਅਜਿਹੀ ਸਥਿਤੀ ਵਿੱਚ ਆਰਥਿਕ ਸੰਤੁਲਨ, ਮਹਿੰਗਾਈ 'ਤੇ ਕਾਬੂ ਅਤੇ ਆਮ ਲੋਕਾਂ ਦੇ ਹਿੱਤਾਂ ਦੀ ਰੱਖਿਆ ਵਿਚਕਾਰ ਸਹੀ ਤਾਲਮੇਲ ਬਣਾਉਣਾ ਹੋਵੇਗਾ। ਇਹੀ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।

-ਛੱਤਰਪਾਲ ਸਿੰਘ

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, pubĺished and owned by Harjinder Chaudhary printed at Raftaar Printing Press, Factory Area, Patiaĺa and pubĺished at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਅੱਜ ਦੇ ਵੇਲਿਆਂ 'ਚ ਏਨਾ ਸੱਚ ਕੌਣ ਬੋਲਦੈ ?

**ਅਰਵਿੰਦਰ ਜੋਹਲ**

ਪਿਛਲਾ ਹਫ਼ਤਾ ਮੀਡੀਆ ਤੇ ਸੋਸ਼ਲ ਮੀਡੀਆ ਵਿੱਚ 'ਸਤਲੁਜ' ਫਿਲਮ, ਜਿਸ ਦਾ ਪਹਿਲਾਂ ਨਾਂ 'ਪੰਜਾਬ-95' ਅਤੇ ਇਸ ਤੋਂ ਵੀ ਪਹਿਲਾਂ 'ਘੱਲੂਘਾਰਾ' ਰੱਖਿਆ ਗਿਆ ਸੀ, ਨੂੰ ਜ਼ੀ-5 ਤੋਂ ਦੋ ਦਿਨਾਂ ਦੇ ਅੰਦਰ ਅੰਦਰ ਹਟਾਏ ਜਾਣ ਅਤੇ ਇਸ ਦੀ ਸਰਟੀਫਿਕੇਸ਼ਨ ਬਾਰੇ ਪੈਦਾ ਹੋਏ ਬਹੁਤ ਸਾਰੇ ਸਵਾਲਾਂ ਵਿੱਚ ਲੰਘਿਆ। ਇਸ ਮੁੱਦੇ ਨੂੰ ਲੈ ?ਕੇ ਪੈਦਾ ਹੋਏ ਸਵਾਲਾਂ ਦਾ ਕਿਸੇ ਵੱਲੋਂ ਕੋਈ ਠੋਸ ਤੇ ਪ੍ਰਮਾਣਿਕ ਜਵਾਬ ਨਹੀਂ ਦਿੱਤਾ ਗਿਆ। ਇਨ੍ਹਾਂ ਸਵਾਲਾਂ ਦੇ ਨਾ ਮਿਲਣ ਵਾਲੇ ਜਵਾਬਾਂ ਤੋਂ ਵੀ ਅੱਗੇ ਜਾਂਦਿਆਂ ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਆਪੋ-ਆਪਣਾ ਨਫ਼ਾ ਨੁਕਸਾਨ ਦੇਖਦਿਆਂ ਸਿਆਸੀ ਪੈਂਤੜੇ ਅਪਣਾ ਕੇ ਪੰਜਾਬ ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਮਾਹੌਲ ਭਖਾਉਣ ਦਾ ਅਮਲ ਸ਼ੁਰੂ ਕਰ ਦਿੱਤਾ ਗਿਆ ਹੈ।

ਵਿਵਾਦ ਦਾ ਮੁੱਦਾ ਬਣੀ ਫਿਲਮ 'ਸਤਲੁਜ' ਦੀ ਗੱਲ ਕਰਨ ਤੋਂ ਪਹਿਲਾਂ ਫਿਲਮਸਾਜ਼ੀ ਬਾਰੇ ਗੱਲ ਕਰੀਏ ਤਾਂ ਕੋਈ ਵੀ ਫਿਲਮਸਾਜ਼ ਸਭ ਤੋਂ ਪਹਿਲਾਂ ਫਿਲਮ ਦੀ ਕਹਾਣੀ, ਉਸ ਦੇ ਸੰਦਰਭ, ਕਥਾਨਕ, ਪਾਤਰਾਂ ਤੇ ਘਟਨਾਵਾਂ ਨੂੰ ਆਪਣੀ ਕਲਪਨਾ 'ਚ ਸਾਕਾਰ ਕਰਦਾ ਹੈ ਅਤੇ ਫਿਰ ਉਸ ਨੂੰ ਆਪਣੀ ਸਿਰਜਣਸ਼ੀਲਤਾ ਤੇ ਸੁਹਜਾਤਮਕਤਾ ਨਾਲ ਇਉਂ ਪੇਸ਼ ਕਰਦਾ ਹੈ ਕਿ ਉਹ ਦਰਸ਼ਕਾਂ ਦਾ ਦਿਲ ਟੁੰਬ ਲਏ। ਇਸ ਫਿਲਮ ਦਾ ਆਧਾਰ ਪੰਜਾਬ ਦੀਆਂ 1990ਵਿਆਂ ਦੇ ਮੱਧ ਦੀਆਂ ਘਟਨਾਵਾਂ ਹਨ, ਜਿਨ੍ਹਾਂ 'ਤੇ ਪੰਜਾਬ ਵਿੱਚ ਅੱਸੀਵਿਆਂ ਤੋਂ ਸ਼ੁਰੂ ਹੋਏ ਕਾਲੇ ਦੌਰ ਦਾ ਵੀ ਗੂੜ੍ਹਾ ਪਰਛਾਵਾਂ ਸੀ। ਇਸ ਫਿਲਮ ਨੂੰ ਬਣਾਉਣ ਮਗਰੋਂ ਇਸ ਨੂੰ ਪ੍ਰਦਰਸ਼ਿਤ ਕਰਨ ਦੀ ਗੱਲ ਕਰੀਏ ਤਾਂ ਇਸ ਫਿਲਮ ਦਾ ਸਮੁੱਚਾ ਸਫ਼ਰ ਹੀ ਬਹੁਤ ਦੁਸ਼ਵਾਰੀਆਂ ਭਰਿਆ ਰਿਹਾ ਹੈ। ਇਸ ਫਿਲਮ ਦੀ ਸ਼ੂਟਿੰਗ ਜਨਵਰੀ 2022 'ਚ ਸ਼ੁਰੂ ਹੋਈ ਅਤੇ ਦਸੰਬਰ 2022 ਤੱਕ ਮੁਕੰਮਲ ਹੋ ਗਈ ਸੀ।

ਫਿਲਮ 'ਸਤਲੁਜ' ਦੇ ਡਾਇਰੈਕਟਰ ਹਨੀ ਤ੍ਰੇਹਨ ਨੇ ਏਸ਼ਿਆਈ ਮਨੋਰੰਜਨ ਜਗਤ ਬਾਰੇ ਫਰੀਲਾਂਸ ਰਿਪੋਰਟਿੰਗ ਕਰਨ ਵਾਲੀ ਹੰਨਾ ਅਬਰਾਹਮ, ਜਿਸ ਦੀਆਂ ਰਿਪੋਰਟਾਂ ਤੇ ਲੇਖ 'ਦਿ ਗਾਰਡੀਅਨ', 'ਵੈਰਾਇਟੀ' ਅਤੇ ਔਨਲਾਈਨ ਐਂਟਰਟੇਨਮੈਂਟ ਨਿਊਜ਼ ਮੈਗਜ਼ੀਨ 'ਡੈੱਡਲਾਈਨ ਹੌਲੀਵੁੱਡ' ਵਿੱਚ ਪ੍ਰਕਾਸ਼ਿਤ ਹੁੰਦੀਆਂ ਹਨ, ਨੂੰ ਹਾਲ ਹੀ ਵਿੱਚ ਦਿੱਤੀ ਇੱਕ ਇੰਟਰਵਿਊ 'ਚ ਦੱਸਿਆ ਸੀ ਕਿ ਇਸ 5 ਜੁਲਾਈ ਨੂੰ ਸ਼ਾਮ ਅੱਠ ਵਜੇ ਦੇ ਕਰੀਬ ਉਸ ਨੂੰ ਇੱਕ ਫੋਨ ਆਇਆ। ਪਹਿਲਾਂ ਹੀ ਉਸ ਨੂੰ ਅਹਿਸਾਸ ਹੋ ਗਿਆ ਸੀ ਕਿ ਕੁਝ ਨਾ ਕੁਝ ਗੜਬੜ ਹੈ। ਉਸ ਦੇ ਦਿਲ ਦੇ ਕਰੀਬ ਇਸ ਫਿਲਮ ਨੂੰ ਅਜੇ 48 ਘੰਟੇ ਪਹਿਲਾਂ 3 ਜੁਲਾਈ ਨੂੰ ਹੀ ਜ਼ੀ-5 ਓ ਟੀ ਟੀ ਪਲੈਟਫਾਰਮ 'ਤੇ ਪ੍ਰਦਰਸ਼ਿਤ ਕੀਤਾ ਗਿਆ ਸੀ ਅਤੇ ਫਿਰ 5 ਜੁਲਾਈ ਨੂੰ ਹੀ ਰਾਤ 9 ਵਜੇ ਉਸ ਨੂੰ ਦੱਸਿਆ ਗਿਆ ਕਿ ਉਹ (ਜ਼ੀ-5 ਦੇ ਪ੍ਰਬੰਧਕ) ਸਰਕਾਰ ਦੇ ਦਬਾਅ ਕਾਰਨ ਪਲੈਟਫਾਰਮ ਤੋਂ ਫਿਲਮ ਨੂੰ ਹਟਾ ਰਹੇ ਹਨ। ਕੇਂਦਰ ਵੱਲੋਂ ਇਸ ਬਾਰੇ ਕਾਇਮ ਕੀਤੀ ਗਈ ਕਮੇਟੀ ਨੇ ਵੀ ਸ਼ਨਿੱਚਰਵਾਰ ਨੂੰ ਆਪਣੀ ਰਿਪੋਰਟ ਵਿੱਚ ਫਿਲਮ 'ਤੇ ਪਾਬੰਦੀ ਨੂੰ ਸਹੀ ਠਹਿਰਾਉਂਦਿਆਂ ਔਨਲਾਈਨ ਸਟਰੀਮਿੰਗ ਪਲੈਟਫਾਰਮ ਰਾਹੀਂ ਇਸ ਦੀ ਜਨਤਕ ਪਹੁੰਚ 'ਤੇ ਪਾਬੰਦੀ ਜਾਰੀ ਰੱਖਣ ਦੀ ਸਿਫ਼ਾਰਿਸ਼ ਕੀਤੀ ਹੈ। ਕਮੇਟੀ ਦਾ ਕਹਿਣਾ ਹੈ ਕਿ ਇਹ ਫਿਲਮ ਦੇਸ਼ ਦੀ ਖ਼ੁਦਮੁਖਤਿਆਰੀ ਤੇ ਅਖੰਡਤਾ ਦੇ ਖ਼ਿਲਾਫ਼ ਹੈ ਅਤੇ ਇਹ ਪਾਬੰਦੀ ਸੂਚਨਾ ਤਕਨਾਲੋਜੀ ਕਾਨੂੰਨ ਦੀ ਧਾਰਾ 69ਏ ਤਹਿਤ ਵਾਜਬ ਹੈ, ਜਿਸ ਅਧੀਨ ਸਰਕਾਰ ਨੂੰ ਦੇਸ਼ ਦੀ ਖ਼ੁਦਮੁਖਤਿਆਰੀ, ਅਖੰਡਤਾ ਅਤੇ ਸੁਰੱਖਿਆ ਨੂੰ ਖ਼ਤਰੇ ਦੇ ਆਧਾਰ 'ਤੇ ਕਿਸੇ ਵੀ ਔਨਲਾਈਨ ਕੰਟੈਂਟ ਨੂੰ ਬਲੌਕ ਕਰਨ ਦਾ ਅਧਿਕਾਰ ਹੈ।

ਉਂਜ, ਓ ਟੀ ਟੀ ਪਲੈਟਫਾਰਮਾਂ 'ਤੇ ਪਾਈ ਜਾਂਦੀ ਸਮੱਗਰੀ 'ਤੇ ਸਾਡੇ ਦੇਸ਼ ਵਿੱਚ ਬਹੁਤੀ ਸਖ਼ਤ ਨਿਗਰਾਨੀ ਨਹੀਂ ਹੈ। ਸਾਲ 2019 'ਚ ਕਰਨਾਟਕ ਹਾਈਕੋਰਟ ਨੇ ਡਿਜੀਟਲ ਸਮੱਗਰੀ ਨੂੰ ਨਿਯਮਿਤ ਕਰਨ ਲਈ ਦਾਇਰ ਕੀਤੀ ਗਈ ਰਿੱਟ ਪਟੀਸ਼ਨ ਨੂੰ ਖਾਰਜ ਕਰਦਿਆਂ ਆਖਿਆ ਸੀ ਕਿ ਸਿਨੇਮੈਟੋਗਰਾਫ ਐਕਟ ਅਧੀਨ ਫਿਲਮ ਦੀ ਜਨਤਕ ਸਕਰੀਨਿੰਗ ਅਤੇ ਓ ਟੀ ਟੀ ਪਲੈਟਫਾਰਮਾਂ 'ਤੇ ਨਿੱਜੀ ਤੌਰ 'ਤੇ ਸਮੱਗਰੀ ਦੇਖਣ ਵਿੱਚ ਬਹੁਤ ਫ਼ਰਕ ਹੈ। ਉਦੋਂ ਸਰਕਾਰ ਨੇ ਵੀ ਪਟੀਸ਼ਨਰ ਦੀ ਦਲੀਲ ਦਾ ਵਿਰੋਧ ਕਰਦਿਆਂ ਕਿਹਾ ਸੀ ਕਿ ਪਟੀਸ਼ਨਰ ਵੱਲੋਂ ਪ੍ਰਗਟਾਏ ਗਏ ਤੌਖ਼ਲਿਆਂ ਨੂੰ ਆਈ ਟੀ ਐਕਟ ਦੂਰ ਕਰਦਾ ਹੈ।

ਖ਼ੈਰ, ਹਨੀ ਤ੍ਰੇਹਨ ਨੇ ਪਹਿਲੀ ਵਾਰ ਕਿਸੇ ਇੰਟਰਵਿਊ 'ਚ ਫਿਲਮ ਨੂੰ ਇਸ ਪਲੈਟਫਾਰਮ ਤੋਂ ਹਟਾਏ ਜਾਣ ਦਾ ਸਪੱਸ਼ਟ ਕਾਰਨ ਦੱਸਿਆ ਸੀ। ਦੂਜੇ ਪਾਸੇ ਜ਼ੀ-5 ਵੱਲੋਂ ਜਨਤਕ ਤੌਰ 'ਤੇ ਫਿਲਮ ਨੂੰ ਹਟਾਏ ਜਾਣ ਦਾ ਕਾਰਨ 'ਮੌਜੂਦਾ ਘਟਨਾਕ੍ਰਮ' ਦੱਸਿਆ ਗਿਆ ਸੀ। ਓਧਰ, ਤ੍ਰੇਹਨ ਦਾ ਕਹਿਣਾ ਹੈ, "ਮੈਨੂੰ ਲੱਗਦਾ ਹੈ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਇਹ ਫਿਲਮ ਖ਼ੁਦ ਤੋਂ ਕਿਤੇ ਵੱਡੀ ਬਣ ਗਈ ਹੈ। ਹੁਣ ਇਹ ਇੱਕ ਫਿਲਮ ਨਹੀਂ ਰਹੀ ਸਗੋਂ ਇੱਕ ਭਾਵਨਾ ਬਣ ਗਈ ਹੈ।"

ਇਹ ਫਿਲਮ ਪੰਜਾਬ ਦੇ ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਦੇ ਜੀਵਨ 'ਤੇ ਆਧਾਰਿਤ ਹੈ, ਜਿਸ ਨੇ ਸੂਬੇ ਵਿੱਚ ਖਾੜਕੂਵਾਦ ਦੇ



ਦੌਰ 'ਚ ਨੌਜਵਾਨਾਂ ਨੂੰ ਪੁਲੀਸ ਵੱਲੋਂ ਝੂਠੇ ਮੁਕਾਬਲਿਆਂ 'ਚ ਮਾਰ ਕੇ ਤੇ ਲਾਸ਼ਾਂ ਨੂੰ ਲਾਵਾਰਿਸ ਦੱਸ ਕੇ ਉਨ੍ਹਾਂ ਦਾ ਸਸਕਾਰ ਕੀਤੇ ਜਾਣ ਦਾ ਕਰੂਰ ਅਮਲ ਲੋਕਾਂ ਸਾਹਮਣੇ ਲਿਆਂਦਾ ਸੀ। ਉਸ ਨੇ ਸ਼ਮਸ਼ਾਨਘਾਟਾਂ ਤੋਂ ਉਹ ਅੰਕੜੇ ਹਾਸਲ ਕੀਤੇ, ਜਿੱਥੇ ਹਜ਼ਾਰਾਂ ਨੌਜਵਾਨਾਂ ਦੀਆਂ ਲਾਸ਼ਾਂ ਨੂੰ ਲਾਵਾਰਿਸ ਦੱਸ ਕੇ ਉਨ੍ਹਾਂ ਦਾ ਸਸਕਾਰ ਕੀਤਾ ਗਿਆ ਸੀ। ਖਾਲੜਾ ਅਨੁਸਾਰ, ਉਸ ਕਾਲੇ ਦੌਰ ਦੌਰਾਨ ਪੰਜਾਬ ਦੇ ਕੋਈ 25,000 ਨੌਜਵਾਨਾਂ ਦਾ ਇਹੋ ਹਸ਼ਰ ਹੋਇਆ ਸੀ।

ਹਨੀ ਤ੍ਰੇਹਨ ਲਈ 'ਸਤਲੁਜ' ਫਿਲਮ ਨੂੰ ਲੈ ਕੇ ਪ੍ਰੇਸ਼ਾਨੀਆਂ ਦਾ ਦੌਰ ਤਾਂ ਉਦੋਂ ਹੀ ਸ਼ੁਰੂ ਹੋ ਗਿਆ ਸੀ ਜਦੋਂ ਦਸੰਬਰ 2022 ਵਿੱਚ ਉਸ ਨੇ ਇਹ ਫਿਲਮ ਸਰਟੀਫਿਕੇਟ ਲੈਣ ਲਈ ਸੀ ਬੀ ਐੱਫ ਸੀ (ਸੈਂਟਰਲ ਬੋਰਡ ਔਫ ਫਿਲਮ ਸਰਟੀਫਿਕੇਸ਼ਨ) ਕੋਲ ਜਮ੍ਹਾਂ ਕਰਵਾ ਦਿੱਤੀ ਸੀ। ਸਭ ਤੋਂ ਪਹਿਲਾਂ ਬੋਰਡ ਨੇ ਅੱਧੇ ਘੰਟੇ ਦੀ ਫਿਲਮ ਦੇਖਣ ਮਗਰੋਂ ਸਵਾਲ ਉਠਾਇਆ ਕਿ ਇਹ ਤਾਂ ਪੰਜਾਬੀ ਫਿਲਮ ਹੈ, ਫਿਰ ਇਸ ਲਈ ਹਿੰਦੀ ਸਰਟੀਫਿਕੇਟ ਕਿਉਂ ਚਾਹੀਦਾ ਹੈ ? ਇਸ ਤੋਂ ਬਾਅਦ ਫਿਲਮ ਦੇਖਣ ਮਗਰੋਂ ਬੋਰਡ ਦਾ ਕਹਿਣਾ ਸੀ ਕਿ ਉਸ ਨੂੰ ਕੁਝ ਇਤਰਾਜ਼ ਹਨ। ਇਸ ਲਈ 13 ਮੈਂਬਰੀ ਰੀਵਾਇਜ਼ਿੰਗ ਕਮੇਟੀ ਇਹ ਫਿਲਮ ਦੇਖੇਗੀ। ਇਸ ਕਮੇਟੀ ਨੇ ਫਿਲਮ 'ਚ 21 ਕੱਟ ਲਾਉਣ ਅਤੇ ਕੁਝ ਚੀਜ਼ਾਂ ਬਦਲਣ ਲਈ ਕਿਹਾ। ਫਿਲਮ 'ਚ ਜਸਵੰਤ ਸਿੰਘ ਖਾਲੜਾ, ਜਿਸ ਦੀ ਜ਼ਿੰਦਗੀ 'ਤੇ ਇਹ ਫਿਲਮ ਆਧਾਰਿਤ ਹੈ, ਦਾ ਨਾਂ ਬਦਲਣ ਲਈ ਕਿਹਾ ਗਿਆ। ਇਸ ਤੋਂ ਇਲਾਵਾ ਇਹ ਜ਼ਿਕਰ ਕਰਨ ਲਈ ਵੀ ਕਿਹਾ ਗਿਆ ਕਿ ਇਹ ਫਿਲਮ ਕਿਸੇ ਸੱਚੀ ਘਟਨਾ 'ਤੇ ਆਧਾਰਿਤ ਨਹੀਂ ਅਤੇ ਨਾ ਹੀ ਇਸ ਫਿਲਮ ਦੀ ਕਹਾਣੀ ਸੱਚੀ ਹੈ। ਤ੍ਰੇਹਨ ਅਨੁਸਾਰ ਉਹ ਇਸ ਲਈ ਤਿਆਰ ਨਹੀਂ ਸੀ ਅਤੇ ਜੂਨ 2023 ਵਿੱਚ ਉਹ ਇਸ ਮਾਮਲੇ ਸਬੰਧੀ ਬੰਬੇ ਹਾਈਕੋਰਟ ਚਲੇ ਗਏ।

ਇਸ ਫਿਲਮ ਦੇ ਕੇਸ ਨੂੰ ਅਦਾਲਤ ਵਿੱਚ ਲੜੇ ਜਾਣ ਦੀ ਕਹਾਣੀ ਵੀ ਕਿਸੇ ਫਿਲਮੀ ਕਹਾਣੀ ਵਾਂਗ ਹੀ ਜਾਪਦੀ ਹੈ। ਜੂਨ 'ਚ ਕੇਸ ਦਾਇਰ ਕਰਨ ਤੋਂ ਲੈ ਕੇ 30 ਜੁਲਾਈ ਤੱਕ ਬੋਰਡ ਨੇ ਆਪਣਾ ਪੱਖ ਪੇਸ਼ ਕਰਨ ਲਈ ਚਾਰ ਵਕੀਲ ਬਦਲੇ। ਤ੍ਰੇਹਨ ਵੱਲੋਂ ਮੀਡੀਆ ਨੂੰ ਦਿੱਤੀਆਂ ਇੰਟਰਵਿਊਜ਼ 'ਚ ਦੱਸਿਆ ਗਿਆ ਕਿ ਕਾਨੂੰਨੀ ਪੱਖੋਂ ਬੋਰਡ ਲਈ ਇਹ ਕੇਸ ਲੜਨਾ ਔਖਾ ਸੀ ਕਿਉਂਕਿ ਸਮੁੱਚੀ ਫਿਲਮ ਹੀ ਕਾਨੂੰਨੀ ਗਵਾਹੀਆਂ ਅਤੇ ਕਾਨੂੰਨੀ ਪ੍ਰਕਿਰਿਆਵਾਂ 'ਤੇ ਆਧਾਰਿਤ ਸੀ। ਉਸ ਅਨੁਸਾਰ ਬੋਰਡ ਦਾ ਇੱਕ ਵਕੀਲ ਜਦੋਂ ਤਰੀਕ 'ਤੇ ਪੇਸ਼ ਨਾ ਹੋਇਆ ਤਾਂ ਸਾਥੀ ਵਕੀਲ ਨੇ ਦੱਸਿਆ ਕਿ ਉਹ ਤਾਂ ਅੱਜ ਰਿਟਾਇਰ ਹੋ ਗਿਆ। ਜੱਜ ਦਾ ਪ੍ਰਤੀਕਰਮ ਸੀ ਕਿ ਕੀ ਉਸ ਨੂੰ ਇੱਕ ਮਹੀਨਾ ਪਹਿਲਾਂ ਨਹੀਂ ਸੀ ਪਤਾ ਕਿ ਉਹ ਰਿਟਾਇਰ ਹੋਣ ਵਾਲਾ ਹੈ। ਜਦੋਂ ਬੋਰਡ ਦਾ ਚੌਥਾ ਵਕੀਲ ਅਦਾਲਤ ਵਿੱਚ ਫਿਲਮ ਬਾਰੇ ਸਵਾਲ ਉਠਾਉਣ ਲੱਗਿਆ ਤਾਂ ਮਾਣਯੋਗ ਜੱਜ ਨੇ ਉਸ ਨੂੰ ਪੁੱਛਿਆ ਕਿ ਕੀ ਉਸ ਨੇ ਫਿਲਮ ਦੇਖੀ ਹੈ ? ਵਕੀਲ ਦਾ ਜਵਾਬ 'ਨਾਂਹ' ਵਿੱਚ ਸੀ। ਵਕੀਲ ਨੇ ਕਿਹਾ ਕਿ ਉਸ ਨੇ ਪਿਛਲੇ ਵਕੀਲਾਂ ਦੀਆਂ ਟਿੱਪਣੀਆਂ ਗਹੁ ਨਾਲ ਪੜ੍ਹੀਆਂ ਹਨ, ਪਰ ਜੱਜ ਨੇ ਕਿਹਾ, "ਤੁਸੀਂ ਪਹਿਲਾਂ ਫਿਲਮ ਦੇਖੋ। ਅਸੀਂ ਫਿਰ ਇਸ ਫਿਲਮ 'ਤੇ ਗੱਲ ਕਰਾਂਗੇ।" ਫਿਰ ਜੱਜ ਅਤੇ ਬੋਰਡ ਦੇ ਵਕੀਲ ਦੋਵਾਂ ਨੇ ਫਿਲਮ ਦੇਖੀ ਅਤੇ ਅਗਲੇ ਦਿਨ ਅਦਾਲਤ 'ਚ ਵਕੀਲ ਨੇ ਜੱਜ ਨੂੰ ਕਿਹਾ, "ਸਰ, ਮੈਂ ਰਾਤ ਨੂੰ ਫਿਲਮ ਦੇਖੀ। ਇਹ ਫਿਲਮ ਮਨ ਨੂੰ ਬਹੁਤ ਪ੍ਰੇਸ਼ਾਨ ਕਰਨ ਵਾਲੀ ਸੀ। ਫਿਲਮ ਦੇਖਣ ਮਗਰੋਂ ਸਾਰੀ ਰਾਤ ਮੈਨੂੰ ਚੰਗੀ ਤਰ੍ਹਾਂ ਨੀਂਦ ਨਹੀਂ ਆਈ।" ਤ੍ਰੇਹਨ ਅਨੁਸਾਰ ਜੱਜ ਦਾ ਅੱਗੋਂ ਕਹਿਣਾ ਸੀ, "ਰਾਤ ਮੈਂ ਵੀ ਫਿਲਮ ਦੇਖੀ। ਮੈਨੂੰ ਵੀ ਇਉਂ ਹੀ ਮਹਿਸੂਸ ਹੋਇਆ। ਮੈਨੂੰ ਵੀ ਸਾਰੀ ਰਾਤ ਚੰਗੀ ਤਰ੍ਹਾਂ ਨੀਂਦ ਨਹੀਂ ਆਈ।"

ਵਕੀਲ ਦਾ ਕਹਿਣਾ ਸੀ ਕਿ ਇਸ ਨਾਲ ਵੱਖਵਾਦੀ ਤੇ ਖਾਲਿਸਤਾਨੀ ਲਹਿਰ ਨੂੰ ਹੁਲਾਰਾ ਮਿਲੇਗਾ, ਪਰ ਜੱਜ ਦੀ ਰਾਇ ਵੱਖਰੀ ਸੀ। ਜੱਜ ਦਾ ਵਕੀਲ ਨੂੰ ਕਹਿਣਾ ਸੀ ਕਿ ਤੁਹਾਡੇ ਵਿਚਾਰ ਕਲਪਨਾ 'ਤੇ ਆਧਾਰਿਤ ਹਨ, ਪਰ ਅਦਾਲਤ ਕਲਪਨਾ ਦੇ ਆਧਾਰ 'ਤੇ ਫ਼ੈਸਲੇ ਨਹੀਂ ਕਰਦੀ। ਵਕੀਲ ਨੇ ਅਮਨ ਤੇ ਕਾਨੂੰਨ ਦਾ ਮਸਲਾ ਪੈਦਾ ਹੋਣ ਦੀ ਦਲੀਲ ਵੀ ਦਿੱਤੀ। ਜੱਜ ਦਾ ਕਹਿਣਾ ਸੀ ਕਿ ਇਹ ਸੀ ਬੀ ਐੱਫ ਸੀ ਦਾ ਮਸਲਾ ਕਿਵੇਂ ਹੈ ? ਇਹ ਰਾਜ ਸਰਕਾਰ ਦਾ ਮਸਲਾ ਹੈ। ਬੋਰਡ ਦਾ ਕੰਮ ਸਰਟੀਫਿਕੇਟ ਦੇਣਾ ਹੈ। ਵਕੀਲ ਨੇ ਫਿਰ ਇਹ ਦਲੀਲ ਵਰਤੀ ਕਿ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਨੂੰ ਵੀ ਇਸ ਫਿਲਮ 'ਤੇ ਇਤਰਾਜ਼ ਹੈ। ਇੱਥੇ ਜੱਜ ਨੇ ਵਕੀਲ ਨੂੰ ਪੁੱਛਿਆ ਕਿ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਨੂੰ ਇਹ ਫਿਲਮ ਕਿਸ ਨੇ ਦਿਖਾਈ ? ਜਦੋਂ ਫਿਲਮ ਨੂੰ ਸੈਂਸਰ ਹੀ ਨਹੀਂ ਕੀਤਾ ਗਿਆ ਤਾਂ ਉਸ ਨੂੰ ਕਿਸੇ ਨੂੰ ਦਿਖਾ ਕਿਵੇਂ ਦਿੱਤਾ ਗਿਆ ? ਸੀ ਬੀ ਐੱਫ ਸੀ ਸੁਤੰਤਰ ਤੇ ਖ਼ੁਦਮੁਖ਼ਤਿਆਰ ਬੌਡੀ ਹੈ, ਜਿਸ ਦਾ ਮਕਸਦ ਸਿਰਜਣਾਤਮਕਤਾ, ਪ੍ਰਗਟਾਵੇ ਦੀ ਆਜ਼ਾਦੀ ਅਤੇ ਕਲਾਕਾਰ ਦੇ ਪ੍ਰਗਟਾਵੇ ਦੀ ਸੁਤੰਤਰਤਾ ਨੂੰ ਕਾਇਮ ਰੱਖਣਾ ਹੈ। ਸੀ ਬੀ ਐੱਫ ਸੀ ਦੀ ਰਾਇ ਕਿਸੇ ਵੀ ਸਰਕਾਰ ਦੇ ਨਜ਼ਰੀਏ ਤੋਂ ਪ੍ਰਭਾਵਿਤ ਨਹੀਂ ਹੋਣੀ ਚਾਹੀਦੀ।

ਤ੍ਰੇਹਨ ਅਨੁਸਾਰ, "ਇਸ ਮਾਮਲੇ ਦੀ ਆਖ਼ਰੀ ਤੋਂ ਪਹਿਲੀ ਸੁਣਵਾਈ ਵੇਲੇ ਸ਼ਾਮ 4.30 ਵਜੇ ਦੇ ਕਰੀਬ ਹੀ ਜੱਜ ਨੇ ਸਪੱਸ਼ਟ ਕਰ ਦਿੱਤਾ ਸੀ ਕਿ ਇਹ ਫਿਲਮ ਬਿਨਾਂ ਕਿਸੇ ਕੱਟ ਦੇ ਰਿਲੀਜ਼ ਹੋਣੀ ਚਾਹੀਦੀ ਹੈ। ਉਸੇ ਸ਼ਾਮ ਫਿਲਮ ਦੇ ਨਿਰਮਾਤਾ ਰੌਨੀ ਸਕਰਿਊਵਾਲਾ ਨੂੰ ਦਿੱਲੀ ਤੋਂ ਫੋਨ ਆਇਆ ਤੇ ਉਹ ਦਿੱਲੀ ਚਲਾ ਗਿਆ। ਉੱਥੋਂ ਉਸ ਨੇ ਫੋਨ ਕਰ ਕੇ ਕਿਹਾ ਕਿ ਸਾਨੂੰ ਹਾਈਕੋਰਟ ਵਿੱਚੋਂ ਆਪਣਾ ਕੇਸ ਵਾਪਸ ਲੈਣਾ ਪੈਣੈ ਅਤੇ ਕਿਸੇ ਵੀ ਸੂਰਤ ਅਸੀਂ ਟੋਰਾਂਟੋ ਇੰਟਰਨੈਸ਼ਨਲ ਫਿਲਮ ਫੈਸਟੀਵਲ ਵਿੱਚ ਇਸ ਦਾ ਪ੍ਰੀਮੀਅਰ ਨਹੀਂ ਕਰ ਰਹੇ। ਸਾਨੂੰ ਅਦਾਲਤ ਦੇ ਬਾਹਰ ਹੀ ਸਮਝੌਤਾ ਕਰਨਾ ਪੈਣਾ ਹੈ, ਸਾਨੂੰ 21 ਕੱਟ ਲਗਾਉਣੇ ਪੈਣਗੇ। ਫਿਰ ਗੱਲ ਤੁਰਦੀ ਤੁਰਦੀ 21 ਤੋਂ 85 ਕੱਟਾਂ ਤੱਕ ਪਹੁੰਚ ਗਈ। ਅਸੀਂ ਇਸ ਲਈ ਵੀ ਤਿਆਰ ਹੋ ਗਏ ਕਿਉਂਕਿ ਸਾਨੂੰ ਬੋਰਡ ਨੇ ਸਰਟੀਫਿਕੇਟ ਦੇਣ ਦੀ ਗੱਲ ਆਖੀ ਸੀ। ਪਰ ਫਿਰ ਬੋਰਡ ਦੇ ਚੇਅਰਮੈਨ ਕੋਲ ਫਿਲਮ ਦੇਖਣ ਦਾ ਸਮਾਂ ਨਹੀਂ ਸੀ। ਬੋਰਡ ਦਾ ਕਹਿਣਾ ਸੀ ਕਿ ?ਚੇਅਰਮੈਨ ਜਿਉਂ ਹੀ ਇਹ ਫਿਲਮ ਦੇਖ ਲੈਣਗੇ, ਉਹ ਸਰਟੀਫਿਕੇਟ ਦੇ ਦੇਣਗੇ। ਬੋਰਡ ਵਾਲੇ ਇਹ ਵੀ ਮੰਨਣ ਲਈ ਤਿਆਰ ਨਹੀਂ ਸਨ ਕਿ ਇਹ ਸੱਚੀ ਕਹਾਣੀ ਹੈ।" ਤ੍ਰੇਹਨ ਅਨੁਸਾਰ, "ਮੈਂ ਉਨ੍ਹਾਂ ਨੂੰ 1800 ਪੰਨਿਆਂ ਦੇ ਦਸਤਾਵੇਜ਼ ਸੌਂਪੇ ਅਤੇ ਦੱਸਿਆ ਕਿ ਫਿਲਮ ਦਾ ਹਰ ਦ੍ਰਿਸ਼ ਕਾਨੂੰਨੀ ਗਵਾਹੀ ਅਤੇ ਦਸਤਾਵੇਜ਼ 'ਤੇ ਆਧਾਰਿਤ ਹੈ। ਇਨ੍ਹਾਂ ਦਸਤਾਵੇਜ਼ਾਂ 'ਚੋਂ ਗੁਜ਼ਰਨ ਅਤੇ ਫਿਲਮ ਦੇਖਣ ਮਗਰੋਂ ਇਹ ਸਪੱਸ਼ਟ ਹੋ ਗਿਆ ਕਿ ਇਹ ਫਿਲਮ ਸੱਚ 'ਤੇ ਆਧਾਰਿਤ ਹੈ।" ਇਸ ਮਗਰੋਂ ਜਦੋਂ ਤ੍ਰੇਹਨ ਨੇ ਆਪਣੀ ਫਿਲਮ ਬਾਰੇ ਪ੍ਰਤੀਕਰਮ ਜਾਣਨਾ ਚਾਹਿਆ ਤਾਂ ਜਵਾਬ ਮਿਲਿਆ, "ਤ੍ਰੇਹਨ, ਅੱਜ ਦੇ ਵੇਲਿਆਂ 'ਚ ਏਨਾ ਸੱਚ ਕੌਣ ਬੋਲਦੈ ?" ਤੇ ਨਿਰਦੇਸ਼ਕ ਦੇ ਹੱਥ ਸਰਟੀਫਿਕੇਟ ਖੁਣੋਂ ਖਾਲੀ ਰਹੇ। ਇਸ ਮਗਰੋਂ ਉਸ ਨੂੰ ਫਿਲਮ 'ਚ 16 ਤਬਦੀਲੀਆਂ ਕਰਨ ਲਈ ਕਿਹਾ ਗਿਆ, ਜਿਸ ਦਾ ਮਤਲਬ 37 ਹੋਰ ਕੱਟ ਸਨ ਅਤੇ ਇਸ ਨਾਲ ਫਿਲਮ ਨੂੰ ਲਾਏ ਜਾਣ ਵਾਲੇ ਕੱਟਾਂ ਦੀ ਗਿਣਤੀ 127 ਤੋਂ ਵੀ ਵੱਧ ਹੋ ਗਈ। ਇੱਥੇ ਆ ਕੇ ਤ੍ਰੇਹਨ ਦੀ ਬੱਸ ਹੋ ਗਈ। ਉਸ ਨੇ ਕਿਹਾ ਕਿ ਹੁਣ ਉਹ ਫਿਲਮ 'ਤੇ ਕੋਈ ਕੱਟ ਨਹੀਂ ਲਗਾਵੇਗਾ, ਜੇ ਕਦੇ ਸੰਭਵ ਹੋਇਆ ਤਾਂ ਮੂਲ ਰੂਪ 'ਚ ਬਣੀ ਮੁਕੰਮਲ ਫਿਲਮ ਹੀ ਰਿਲੀਜ਼ ਕਰੇਗਾ; ਨਹੀਂ ਤਾਂ ਫਿਲਮ ਡੱਬੇ 'ਚ ਹੀ ਬੰਦ ਰਹੇਗੀ। ਨਿਰਦੇਸ਼ਕ ਅਤੇ ਨਿਰਮਾਤਾ ਦੀ ਫਿਲਮ ਅੰਤ ਓ ਟੀ ?ਟੀ ਪਲੈਟਫਾਰਮ ਤੋਂ ਵੀ ਹਟ ਗਈ। ਫਿਲਮ 'ਤੇ ਪਾਬੰਦੀ ਨੇ ਲੋਕਾਂ 'ਚ ਇਸ ਬਾਰੇ ਬਹੁਤ ਉਤਸੁਕਤਾ ਪੈਦਾ ਕਰ ਦਿੱਤੀ। ਫਿਲਮ ਦੇ ਮੁੱਖ ਅਦਾਕਾਰ ਦਿਲਜੀਤ ਦੋਸਾਂਝ ਨੂੰ ਇਸ ਫਿਲਮ ਦੀ ਹੋਣੀ ਬਾਰੇ ਪਹਿਲਾਂ ਹੀ ਖ਼ਦਸ਼ਾ ਸੀ। ਇਸੇ ਲਈ ਉਸ ਨੇ ਲੋਕਾਂ ਨੂੰ ਇਹ ਫਿਲਮ ਡਾਊਨਲੋਡ ਕਰ ਲੈਣ ਦਾ ਇਸ਼ਾਰਾ ਕੀਤਾ ਸੀ ਤੇ ਲੋਕਾਂ ਨੇ ਫਿਲਮ ਡਾਊਨਲੋਡ ਕਰ ਵੀ ਲਈ, ਜਿਸ ਦੀਆਂ ਹੁਣ ਜਨਤਕ ਸਕਰੀਨਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਫਿਲਮ ਵੱਡੀ ਗਿਣਤੀ ਲੋਕਾਂ ਤੱਕ ਪਹੁੰਚ ਵੀ ਰਹੀ ਹੈ।

ਦਰਅਸਲ, 'ਸਤਲੁਜ' ਜਿਹੀਆਂ ਫਿਲਮਾਂ ਸਾਡੇ ਅਤੀਤ ਦੀਆਂ ਗ਼ਲਤੀਆਂ ਨੂੰ ਨੰਗੇ-ਚਿੱਟੇ ਰੂਪ 'ਚ ਸਾਡੇ ਸਾਹਮਣੇ ਲਿਆ ਖੜ੍ਹਾ ਕਰਦੀਆਂ ਹਨ। ਇਹ ਸਮਾਜ ਤੇ ਉਸ ਦੇ ਲੋਕਾਂ 'ਤੇ ਨਿਰਭਰ ਕਰਦਾ ਹੈ ਕਿ ਹੁਣ ਉਹ ਅਜਿਹੀਆਂ ਗ਼ਲਤੀਆਂ ਬਾਰੇ ਤੁਹਮਤਬਾਜ਼ੀ ਦੀ ਸਿਆਸਤ ਦਾ ਸ਼ਿਕਾਰ ਹੋ ਕੇ ਮੁੜ ਧਰਮਾਂ ਦੀਆਂ ਵੰਡੀਆਂ ਅਤੇ ਫ਼ਿਰਕਾਪ੍ਰਸਤੀ ਦਾ ਬਿਰਤਾਂਤ ਸਿਰਜਦੇ ਨੇ ਜਾਂ ਅਜਿਹੀ ਸਿਆਸਤ ਪਛਾਣ ਕੇ ਬੀਤੇ ਤੋਂ ਸਬਕ ਸਿੱਖਦਿਆਂ ਭਵਿੱਖ ਨੂੰ ਸੰਵਾਰਨ ਦੇ ਰਾਹ ਤੁਰਦੇ ਨੇ !

# ਐਸ ਐਸ ਪੀ ਵਰੁਣ ਸ਼ਰਮਾ ਦੀ ਅਗਵਾਈ ਹੇਠ ਰੁੱਖ ਮਿੱਤਰ ਮੁਹਿੰਮ ਤਹਿਤ ਵਿਆਪਕ ਪੱਧਰ 'ਤੇ ਬੂਟੇ ਲਗਾਉਣ ਦੀ ਸ਼ੁਰੂਆਤ ਕਰਨੀ ਸ਼ਲਾਘਾਯੋਗ

**ਪਟਿਆਲਾ, 13 ਜੁਲਾਈ**
**-ਬਲਜੀਤ ਸਰਨਾ-**

ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸਰਕਾਰੀ ਆਈ ਟੀ ਆਈ ਲੜਕੇ ਨਾਭਾ ਰੋਡ ਪਟਿਆਲਾ ਵਿਖੇ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਅਤੇ ਐਨ ਐਸ ਐਸ ਵਲੰਟੀਅਰ,ਪੰਜ ਪੰਜਾਬ ਬਟਾਲੀਅਨ ਐਨ ਸੀ ਸੀ ਕੈਡਿਟਸ ਦੇ ਸਹਿਯੋਗ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਾਮਊਨਿਟੀ ਅਫੇਅਰ ਡਵੀਜ਼ਨ ਪੰਜਾਬ ਗੁਰਪ੍ਰੀਤ ਕੌਰ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ -ਕਮ- ਜ਼ਿਲ੍ਹਾ ਕਾਮਊਨਟੀ ਅਫੇਅਰ ਅਫਸਰ ਵੈਭਵ ਚੋਧਰੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਾਤਾਵਰਨ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਦੇ ਉਦੇਸ਼ ਨਾਲ ਪਟਿਆਲਾ ਪੁਲਿਸ ਵੱਲੋਂ ਅੱਜ ਰੁੱਖ ਮਿੱਤਰ ਮੁਹਿੰਮ ਤਹਿਤ ਵਿਸ਼ਾਲ ਬੂਟਾ ਲਗਾਓ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੁਹਿੰਮ ਦਾ ਮਕਸਦ ਸ਼ਹਿਰ ਅਤੇ ਜ਼ਿਲ੍ਹੇ ਭਰ ਵਿੱਚ ਵੱਧ ਤੋਂ ਵੱਧ ਰੁੱਖ ਲਗਾ ਕੇ ਵਾਤਾਵਰਨ ਪ੍ਰਦੂਸ਼ਣ ਨੂੰ ਘਟਾਉਣਾ ਅਤੇ ਆਉਣ ਵਾਲੀਆਂ




ਪੀੜ੍ਹੀਆਂ ਲਈ ਸਾਫ਼ ਹਵਾ ਅਤੇ ਹਰਿਆਲੀ ਯਕੀਨੀ ਬਣਾਉਣਾ ਹੈ। ਸਮਾਗਮ ਦੀ ਸ਼ੁਰੂਆਤ ਵੱਖ-ਵੱਖ ਕਿਸਮਾਂ ਦੇ ਫਲਦਾਰ ਬੂਟੇ ਲਗਾ ਕੇ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਸੁਖਜਿੰਦਰ ਸਿੰਘ ਬਾਜਵਾ ਅਤੇ ਸਰਕਾਰੀ ਆਈ ਟੀ ਆਈ ਦੇ ਡਿਪਟੀ ਡਾਇਰੈਕਟਰ -ਕਮ- ਪ੍ਰਿੰਸੀਪਲ ਰਾਕੇਸ਼ ਕੁਮਾਰ ਬੰਗਾ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੌਸਲਿੰਗ ਸੈਲ ਪਟਿਆਲਾ ਪੁਲਿਸ ਨੇ ਕੀਤੀ। ਪ੍ਰੋਗਰਾਮ ਦਾ ਉਦਘਾਟਨ ਭੁਪਿੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਸਿਟੀ 1 ਪੁਲਿਸ ਨੇ ਕੀਤਾ।ਇਸ ਮੌਕੇ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫਸਰ ਆਈ ਟੀ ਆਈ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਉਪਕਾਰ ਸਿੰਘ, ਸੁਖਵੰਤ ਸਿੰਘ ਟ੍ਰੇਨਿੰਗ ਅਫਸਰ, ਮੇਜ਼ਰ ਸਿੰਘ ਟ੍ਰੇਨਿੰਗ ਅਫਸਰ, ਹਰਜੋਤ ਸਿੰਘ ਟ੍ਰੇਨਿੰਗ ਅਫਸਰ, ਨਿਰਮਲ ਸਿੰਘ ਇੰਸਟਰਕਟਰ, ਵਰਿੰਦਰ ਸਿੰਘ ਖਰੋੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ਼ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ,ਖੁਸ਼ਪ੍ਰੀਤ ਕੌਰ, ਗਗਨਪ੍ਰੀਤ ਕੌਰ, ਗੁਰਸਾਹਿਬ ਸਿੰਘ, ਗੁਰਕੀਰਤ ਸਿੰਘ,ਗੁਰਮਨਜੋਤ ਕੌਰ ਨੇ ਸ਼ਿਰਕਤ ਕੀਤੀ।ਇਸ ਮੌਕੇ ਪ੍ਰਿੰਸੀਪਲ ਰਾਕੇਸ਼ ਬੰਗਾ, ਸੁਖਜਿੰਦਰ ਬਾਜਵਾ,ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਸੰਬੋਧਨ ਕਰਦਿਆ ਕਿਹਾ ਕਿ ਗਲੋਬਲ ਵਾਰਮਿੰਗ, ਪ੍ਰਦੂਸ਼ਣ ਅਤੇ ਦਰੱਖਤਾਂ ਦੀ ਕਟਾਈ ਕਾਰਨ ਵਾਤਾਵਰਨ ਨੂੰ ਬਹੁਤ ਨੁਕਸਾਨ ਹੋਇਆ ਹੈ। ਅਜਿਹੇ ਸਮੇਂ ਵਿੱਚ ਹਰੇਕ ਵਿਅਕਤੀ ਦਾ ਫਰਜ਼ ਬਣਦਾ ਹੈ ਕਿ ਉਹ ਘੱਟ ਤੋਂ ਘੱਟ ਇੱਕ ਬੂਟਾ ਜ਼ਰੂਰ ਲਗਾਏ। ਉਹਨਾਂ ਨੇ ਕਿਹਾ ਕਿ ਇਹ ਮੁਹਿੰਮ ਸਿਰਫ਼ ਇੱਕ ਦਿਨ ਦੀ ਨਹੀਂ ਹੈ ਬਲਕਿ ਲਗਾਤਾਰ ਚੱਲਣ ਵਾਲੀ ਪ੍ਰਕਿਰਿਆ ਹੈ। ਅਸੀਂ ਹਰ ਮਹੀਨੇ ਵੱਖ-ਵੱਖ ਥਾਵਾਂ 'ਤੇ ਬੂਟੇ ਲਗਾਵਾਂਗੇ ਅਤੇ ਸਕੂਲਾਂ, ਕਾਲਜਾਂ ਦੇ ਵਿਦਿਆਰਥੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਇਸ ਮੁਹਿੰਮ ਨਾਲ ਜੋੜਾਂਗੇ। ਜਿਹੜੇ ਬੂਟੇ ਅੱਜ ਲਗਾਏ ਜਾ ਰਹੇ ਹਨ ਉਨ੍ਹਾਂ ਦੀ ਦੇਖਭਾਲ ਲਈ ਐਨ ਐਸ ਐਸ ਵਲੰਟੀਅਰ ਦੀ ਡਿਊਟੀ ਵੀ ਲਗਾਈ ਗਈ ਹੈ ਤਾਂ ਜੋ ਉਹ ਸੁੱਕਣ ਨਾ।

ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਦੇ ਨਾਲ-ਨਾਲ ਵਾਤਾਵਰਨ ਨੂੰ ਬਚਾਉਣਾ ਵੀ ਸਮਾਜ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜਨਮ ਦਿਨ ਅਤੇ ਹੋਰ ਖਾਸ ਮੌਕਿਆਂ 'ਤੇ ਤੋਹਫ਼ਿਆਂ ਦੀ ਬਜਾਏ ਬੂਟੇ ਲਗਾਉਣ ਦੀ ਪਰੰਪਰਾ ਸ਼ੁਰੂ ਕੀਤੀ। ਉਹਨਾਂ ਪਟਿਆਲਾ ਪੁਲਿਸ ਵੱਲੋਂ ਸ਼ੁਰੂ ਕੀਤੀ ਇਸ ਮੁਹਿੰਮ ਵਿੱਚ ਸ਼ਾਮਲ ਹੋਣ ਲਈ ਪਬਲਿਕ ਨੂੰ ਅਪੀਲ ਕੀਤੀ। ਉਹਨਾਂ ਨੇ ਕਿਹਾ ਕਿ ਜੇਕਰ ਹਰ ਪਰਿਵਾਰ ਇੱਕ ਬੂਟਾ ਲਗਾਵੇ ਤਾਂ ਪਟਿਆਲਾ ਜਲਦੀ ਹੀ ਪੰਜਾਬ ਦਾ ਸਭ ਤੋਂ ਹਰਿਆ-ਭਰਿਆ ਸ਼ਹਿਰ ਬਣ ਸਕਦਾ ਹੈ। ਵਾਤਾਵਰਨ ਨੂੰ ਬਚਾਉਣ ਲਈ ਪੁਲਿਸ ਪ੍ਰਸ਼ਾਸਨ ਹਮੇਸ਼ਾ ਅੱਗੇ ਰਹੇਗਾ। ਇਸ ਮੌਕੇ ਪ੍ਰਿੰਸੀਪਲ ਰਾਕੇਸ਼ ਬੰਗਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ ਦੀ ਅਗਵਾਈ ਹੇਠ ਵਿਆਪਕ ਪੱਧਰ ਤੇ ਰੁੱਖ ਮਿੱਤਰ ਮੁਹਿੰਮ ਤਹਿਤ ਬੂਟੇ ਲਗਾਉਣ ਦੀ ਸ਼ੁਰੂਆਤ ਕਰਨੀ ਸ਼ਲਾਘਾਯੋਗ ਹੈ।ਸਮਾਗਮ ਦੇ ਅੰਤ ਵਿੱਚ ਸਾਰਿਆਂ ਨੇ ਵਾਤਾਵਰਨ ਦੀ ਰੱਖਿਆ ਅਤੇ ਵੱਧ ਤੋਂ ਵੱਧ ਬੂਟੇ ਲਗਾਉਣ ਦਾ ਪ੍ਰਣ ਲਿਆ। ਪਟਿਆਲਾ ਵਾਸੀਆਂ ਨੇ ਪੁਲਿਸ ਦੀ ਇਸ ਪਹਿਲਕਦਮੀ ਦੀ ਭਰਪੂਰ ਸ਼ਲਾਘਾ ਕੀਤੀ ਹੈ ਅਤੇ ਉਮੀਦ ਜਤਾਈ ਹੈ ਕਿ ਇਸ ਨਾਲ ਸ਼ਹਿਰ ਦੀ ਖ਼ੂਬਸੂਰਤੀ ਦੇ ਨਾਲ-ਨਾਲ ਹਵਾ ਦੀ ਗੁਣਵੱਤਾ ਵਿੱਚ ਵੀ ਸੁਧਾਰ ਹੋਵੇਗਾ।

# ਸਫ਼ਾਈ ਸੇਵਕ ਸ਼ਿਵ ਕੁਮਾਰ ਕਤਲ ਮਾਮਲਾ: 6 ਦਿਨਾਂ ਬਾਅਦ ਪੁਲਿਸ ਦੇ ਹੱਥ ਲੱਗੇ ਦੋ ਮੁਲਜ਼ਮ

**ਮਾਛੀਵਾੜਾ ਸਾਹਿਬ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਫ਼ਾਈ ਸੇਵਕ ਸ਼ਿਵ ਕੁਮਾਰ ਦੇ ਕਥਿਤ ਕਤਲ ਮਾਮਲੇ ਵਿੱਚ ਲਗਾਤਾਰ ਛੇ ਦਿਨ ਚੱਲੇ ਸੰਘਰਸ਼ ਤੋਂ ਬਾਅਦ ਪੁਲਿਸ ਨੇ ਦੋ ਮੁਲਜ਼ਮਾਂ ਨਾਸਰਾ ਅਤੇ ਉਸ ਦੇ ਜਵਾਈ ਜਾਵੇਦ ਨਦੀਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਸ ਕਾਰਵਾਈ ਤੋਂ ਬਾਅਦ ਪੀੜਤ ਪਰਿਵਾਰ ਨੇ ਸ਼ਿਵ ਕੁਮਾਰ ਦਾ ਪੋਸਟਮਾਰਟਮ ਅਤੇ ਅੰਤਿਮ ਸੰਸਕਾਰ ਕਰਵਾਉਣ ਲਈ ਸਹਿਮਤੀ ਦਿੱਤੀ, ਪਰ ਸਾਫ਼ ਕਰ ਦਿੱਤਾ ਕਿ ਇਨਸਾਫ਼ ਦੀ ਲੜਾਈ ਅਜੇ ਖਤਮ ਨਹੀਂ ਹੋਈ।

ਸ਼ਿਵ ਕੁਮਾਰ, ਜੋ ਪੰਜਾਬ ਐਸ.ਸੀ. ਕਮਿਸ਼ਨ ਦੀ ਸਾਬਕਾ ਮੈਂਬਰ ਬੀਬੀ ਪੂਨਮ ਕਾਂਗੜਾ ਦੇ ਇਕਲੌਤੇ ਭਰਾ ਸਨ, ਦੀ ਲਾਸ਼ 8 ਜੁਲਾਈ ਨੂੰ ਮਾਲੇਰਕੋਟਲਾ ਦੀ ਨਹਿਰੂ ਮਾਰਕੀਟ ਵਿੱਚ ਭੇਦਭਰੀ ਹਾਲਤ ਵਿੱਚ ਮਿਲੀ ਸੀ। ਪਰਿਵਾਰ ਦਾ ਦੋਸ਼ ਹੈ ਕਿ ਮ੍ਰਿਤਕ ਦੇ ਸਰੀਰ 'ਤੇ ਗੰਭੀਰ ਸੱਟਾਂ ਦੇ ਨਿਸ਼ਾਨ ਸਨ, ਜਿਸ ਕਾਰਨ ਉਨ੍ਹਾਂ ਨੇ ਇਸ ਨੂੰ ਸੋਚੀ-ਸਮਝੀ ਹੱਤਿਆ ਕਰਾਰ ਦਿੱਤਾ। ਮ੍ਰਿਤਕ ਦੀ ਮਾਤਾ ਬਬਲੀ ਦੇ ਬਿਆਨਾਂ ਦੇ ਆਧਾਰ 'ਤੇ ਪੁਲਿਸ ਨੇ ਪੰਜ ਵਿਅਕਤੀਆਂ ਖ਼ਿਲਾਫ਼ ਐਸ.ਸੀ./ਐਸ.ਟੀ. ਐਕਟ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਸੀ। ਗ੍ਰਿਫ਼ਤਾਰੀ ਨਾ ਹੋਣ ਕਾਰਨ ਪਰਿਵਾਰ ਨੇ ਪੰਜ ਦਿਨ ਤੱਕ ਮ੍ਰਿਤਕ ਦੇਹ ਦਾ ਪੋਸਟਮਾਰਟਮ ਅਤੇ ਸੰਸਕਾਰ ਕਰਨ ਤੋਂ ਇਨਕਾਰ ਕਰ ਦਿੱਤਾ ਸੀ, ਜਿਸ ਕਾਰਨ ਸ਼ਿਵ ਕੁਮਾਰ ਦੀ ਦੇਹ ਮੋਰਚਰੀ ਵਿੱਚ ਹੀ ਪਈ ਰਹੀ।


ਪੁਲਿਸ ਵੱਲੋਂ ਦੋ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਅੰਤਿਮ ਸੰਸਕਾਰ ਤਾਂ ਕਰ ਦਿੱਤਾ ਗਿਆ, ਪਰ ਸੰਘਰਸ਼ ਦੀ ਅਗਵਾਈ ਕਰ ਰਹੇ ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਬਾਕੀ ਮੁਲਜ਼ਮਾਂ ਨੂੰ ਸ਼ਿਵ ਕੁਮਾਰ ਦੇ ਭੋਗ ਤੋਂ ਪਹਿਲਾਂ ਗ੍ਰਿਫ਼ਤਾਰ ਨਾ ਕੀਤਾ ਗਿਆ ਤਾਂ ਭੋਗ ਦੀਆਂ ਰਸਮਾਂ ਵੀ ਮਾਲੇਰਕੋਟਲਾ ਦੇ ਲੁਧਿਆਣਾ ਬਾਈਪਾਸ 'ਤੇ ਸੜਕ ਉੱਤੇ ਟੈਂਟ ਲਗਾ ਕੇ ਕੀਤੀਆਂ ਜਾਣਗੀਆਂ ਅਤੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

# ਜੰਨਤ-ਏ-ਜਰਖੜ ਵਿਖੇ ਤੀਆਂ ਦਾ ਰੰਗਾਰੰਗ ਮੇਲਾ, ਪੰਜਾਬੀ ਵਿਰਸੇ ਤੇ ਸੱਭਿਆਚਾਰ ਨੂੰ ਮਿਲਿਆ ਨਵਾਂ ਮੰਚ

**ਲੁਧਿਆਣਾ, 13 ਜੁਲਾਈ**
**ਲਛਮਣ ਜੀਤ ਸਿੰਘ ਪੁਰਬਾ**

ਜੰਨਤ-ਏ-ਜਰਖੜ ਵਿਖੇ ਸਾਉਣ ਦੇ ਮਹੀਨੇ ਨੂੰ ਸਮਰਪਿਤ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਅਤੇ ਰਵਾਇਤੀ ਅੰਦਾਜ਼ ਵਿੱਚ ਮਨਾਇਆ ਗਿਆ। ਸਮਾਗਮ ਦੇ ਮੁੱਖ ਮਹਿਮਾਨ ਉੱਘੇ ਅਦਾਕਾਰ ਪਾਲੀ ਮਾਂਗਟ ਨੇ ਕਿਹਾ ਕਿ ਆਪਣੀ ਵਿਰਾਸਤ ਨੂੰ ਸੰਭਾਲਣ ਵਾਲੀਆਂ ਕੌਮਾਂ ਹੀ ਸਦਾ ਕਾਇਮ ਰਹਿੰਦੀਆਂ ਹਨ ਅਤੇ ਸ. ਜਗਰੂਪ ਸਿੰਘ ਜਰਖੜ ਵੱਲੋਂ ਪੰਜਾਬੀ ਸੱਭਿਆਚਾਰ ਨੂੰ ਸੁਰਜੀਤ ਰੱਖਣ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ।

ਡਰੈਗਨ ਭੰਗੜਾ ਅਕੈਡਮੀ ਦੇ ਬੱਚਿਆਂ ਨੇ ਗਿੱਧਾ, ਭੰਗੜਾ ਅਤੇ ਲੋਕ-



ਗੀਤਾਂ ਦੀਆਂ ਮਨਮੋਹਕ ਪੇਸ਼ਕਾਰੀਆਂ ਨਾਲ ਪੰਜਾਬ ਦੇ ਰਵਾਇਤੀ ਸੱਭਿਆਚਾਰ ਨੂੰ ਜੀਵੰਤ ਕੀਤਾ, ਜਦਕਿ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਗਿੱਧਾ ਪਾ ਕੇ ਤੀਆਂ ਦੇ ਤਿਉਹਾਰ ਦੀ ਰੌਣਕ ਵਧਾਈ।

ਇਸ ਮੌਕੇ ਸ. ਜਗਰੂਪ ਸਿੰਘ ਜਰਖੜ ਨੇ ਦੱਸਿਆ ਕਿ ਸਾਉਣ ਮਹੀਨੇ ਦੌਰਾਨ ਜੰਨਤ-ਏ-ਜਰਖੜ ਵਿਖੇ ਵੱਡੇ ਪੱਧਰ 'ਤੇ ਤੀਆਂ ਦੇ ਮੇਲੇ ਕਰਵਾਏ ਜਾਣਗੇ, ਤਾਂ ਜੋ ਨਵੀਂ ਪੀੜ੍ਹੀ ਨੂੰ ਪੰਜਾਬੀ ਵਿਰਸੇ ਅਤੇ ਸੱਭਿਆਚਾਰ ਨਾਲ ਜੋੜਿਆ ਜਾ ਸਕੇ।




# ਟੀਮ ਹਿਊਮਨ ਸਰਵਿਸ ਸੋਸਾਇਟੀ ਪੰਜਾਬ ਨੇ ਪਿੰਡ ਲਚਕਾਣੀ ਸਵਰਗ ਧਾਮ ਵਿੱਚ ਫ਼ਲਦਾਰ ਤੇ ਛਾਂ ਵਾਲੇ ਪੌਦੇ ਲਗਾਏ



**ਪਟਿਆਲਾ, 13 ਜੁਲਾਈ**
**-ਅਮਨਦੀਪ ਸੱਭਰਵਾਲ-**

ਟੀਮ ਹਿਊਮਨ ਸਰਵਿਸ ਸੋਸਾਇਟੀ ਵੱਲੋਂ ਪਿੰਡ ਲਚਕਾਣੀ ਵਾਸਤੇ ਫੱਲਦਾਰ ਅਤੇ ਛਾਂ ਵਾਲੇ ਪੇੜ ਪੌਦੇ ਲਗਾਏ ਗਏ। ਇਸ ਮੌਕੇ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ ਨੇ ਬੋਲਦੇ ਕਿਹਾ ਕਿ ਹਰ ਇੱਕ ਵਿਅਕਤੀ ਨੂੰ ਬੂਟੇ ਲਗਾਉਣੇ ਚਾਹੀਦੇ ਹਨ ਤਾਂ ਜੋ ਵਾਤਾਵਰਨ ਨੂੰ ਸਾਫ ਰੱਖਿਆ ਜਾ ਸਕੇ ਤੇ ਪਾਣੀ ਦਾ ਲੈਵਲ ਜ਼ੋ ਹਰ ਸਾਲ ਨੀਚੇ ਜਾ ਰਿਹਾ ਹੈ ਉਸ ਨੂੰ ਰੋਕਿਆ ਜਾ ਕਸੇ। ਜਿਨ੍ਹਾਂ ਵਾਤਾਵਰਣ ਦੂਸ਼ਿਤ ਹੋ ਰਿਹਾ ਹੈ ਉਸ ਨਾਲ ਘਰਾ ਦੇ ਏ.ਸੀ. ਵੀ ਕੰਮ ਨਹੀਂ ਕਰਦੇ ਪਰ ਇਹ ਬੂਟੇ ਸਾਨੂੰ ਆਕਸੀਜਨ, ਛਾਂ, ਫਲ ਤੇ ਪੱਛੀਆਂ ਨੂੰ ਰਹਿਣ ਵਾਸਤੇ ਟਿਕਾਣਾ ਬਣ ਕੇ ਕੁਦਰਤ ਨੂੰ ਸੰਭਾਲ ਕਰਦੇ ਹਨ। ਅੱਜ ਦਿਨੋਂਦਿਨਵਧ ਰਹੀ ਵਾਤਾਵਰਨ ਵਿੱਚ ਗੰਦਗੀ ਨੂੰ ਸਾਫ ਰੱਖਣ ਵਾਸਤੇ ਆਉਣ ਵਾਲੇ ਭਵਿੱਖ ਨੂੰ ਬਚਾਉਣ ਵਾਸਤੇ ਸਾਨੂੰ ਸਭ ਨੂੰ ਪੌਦੇ ਲਗਾਉਣੇ ਚਾਹੀਦੇ ਹਨ ਪੇੜ ਲਗਾਉਣਾ ਹੀ ਨਹੀਂ ਸਗੋ ਇਸ ਦੀ ਦੇਖਭਾਲ ਕਰਕੇ ਪਾਲਣਾ ਵੀ ਜਰੂਰੀ ਹੈ। ਸਾਡੀ ਟੀਮ ਬਹੁਤ ਲੰਮੇ ਸਮੇਂ ਤੋਂ ਇਹ ਸੇਵਾ ਨਿਭਾ ਰਹੀ ਹੈ। ਇਸ ਮੌਕੇ ਤੇ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ (ਐਸ.ਸੀ. ਸੈਲ ਚੇਅਰਮੈਨ) ਕਰਮਜੀਤ ਲਚਕਾਣੀ, ਬੋਕਸਰ ਸਾਹਿਲ ਸ਼ਰਮਾ, ਕੈਪਟਨ ਹਰਿੰਦਰ ਕੁਮਾਰ, ਦਲੀਪ ਕੁਮਾਰ, ਕੁਨਾਲ, ਮਾਲਵਿੰਦਰ, ਅਸ਼ੋਕ ਥਾਣੇਦਾਰ, ਬਲਵੀਰ ਸਿੰਘ, ਯਸ਼ਿਕਾ, ਮਮਤਾ ਤੇ ਹੋਰ ਪਤਵੰਤੇ ਮੈਂਬਰ ਮੌਜੂਦ ਰਹੇ।

# ਉਰਦੂ ਭਾਸ਼ਾ ਦੀ ਸਿਖਲਾਈ ਜਮਾਤਾਂ 'ਚ ਦਾਖ਼ਲਾ ਲੈਣ ਦੀ ਆਖ਼ਰੀ ਮਿਤੀ 20 ਜੁਲਾਈ ਤੱਕ ਵਧਾਈ

**ਪਟਿਆਲਾ, 13 ਜੁਲਾਈ**
**-ਅਰਸ਼ਦੀਪ ਸਿੰਘ-**

ਭਾਸ਼ਾ ਵਿਭਾਗ, ਪੰਜਾਬ ਦੇ ਦਿਸ਼ਾ–ਨਿਰਦੇਸ਼ਾਂ ਅਧੀਨ ਜ਼ਿਲ੍ਹਾ ਭਾਸ਼ਾ ਦਫ਼ਤਰ, ਪਟਿਆਲਾ ਵਿਖੇ ਜੂਨ, 2026 ਤੋਂ 'ਉਰਦੂ ਆਮੋਜ਼' ਸਿਖਲਾਈ ਦੀਆਂ ਜਮਾਤਾਂ ਵਿੱਚ ਦਾਖ਼ਲਾ ਲੈਣ ਦੀ ਆਖ਼ਰੀ ਮਿਤੀ 10 ਜੁਲਾਈ ਤੋਂ ਵਧਾ ਕੇ 20 ਜੁਲਾਈ 2026 ਕੀਤੀ ਗਈ ਹੈ। ਇਸ ਸਿਖਲਾਈ ਦੀ ਮਿਆਦ ਛੇ ਮਹੀਨੇ ਦੀ ਹੈ ਤੇ ਇਹ ਦਸੰਬਰ (2026) ਮਹੀਨੇ ਤੱਕ ਚੱਲੇਗੀ। ਇਸ ਸਿਖਲਾਈ ਦੀ ਸਮੁੱਚੀ ਇੱਕਵਾਰ ਦੀ ਫੀਸ 500 ਰੁਪਏ ਹੈ। ਇਸ ਜਮਾਤ ਦਾ ਸਮਾਂ ਸ਼ਾਮ 5.00 ਵਜੇ ਤੋਂ ਲੈ ਕੇ 6.00 ਵਜੇ ਤੱਕ ਦਾ ਹੈ।

ਜ਼ਿਲ੍ਹਾ ਭਾਸ਼ਾ ਅਫ਼ਸਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਉਰਦੂ ਸਿੱਖਣ ਦੇ ਚਾਹਵਾਨ ਵਿਅਕਤੀ ਮਿਤੀ 20 ਜੁਲਾਈ 2026 ਤੱਕ ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ (ਭਾਸ਼ਾ ਭਵਨ), ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ ਆਪਣਾ ਫਾਰਮ (ਸਮੇਤ ਇਕ ਪਾਸਪੋਰਟ ਸਾਈਜ਼ ਫੋਟੋ, ਆਧਾਰ ਕਾਰਡ ਅਤੇ ਵਿਦਿਅਕ ਯੋਗਤਾ ਦੇ ਸਰਟੀਫਿਕੇਟ ਦੀ ਫੋਟੋ ਕਾਪੀ) ਭਰ ਕੇ ਦਾਖਲਾ ਲੈ ਸਕਦੇ ਹਨ।

ਉਰਦੂ ਆਮੋਜ਼ ਦੀ ਸਿਖਲਾਈ ਸਬੰਧੀ ਕਿਸੇ ਕਿਸਮ ਦੀ ਜਾਣਕਾਰੀ ਲਈ ਦਫ਼ਤਰ ਦੀ ਈਮੇਲ dlo.patialaA@gmail.com ਰਾਹੀਂ ਸੰਪਰਕ ਕੀਤਾ ਜਾ ਸਕਦਾ ਹੈ।

# ਬਡੂੰਗਰ ਵੱਲੋਂ ਧਾਰਮਿਕ ਸਥਾਨਾਂ ਨਾਲ ਰੇਲ ਲਿੰਕ ਜੋੜਨ ਦੀ ਮੰਗ

**ਪਟਿਆਲਾ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਪੰਜਾਬ ਦੇ ਲਟਕਦੇ ਮਸਲਿਆਂ ਅਤੇ ਰੇਲ ਲਿੰਕ ਤੋਂ ਸੱਖਣੇ ਧਾਰਮਿਕ ਅਸਥਾਨਾਂ ਨੂੰ ਆਪਸ ਵਿੱਚ ਜੋੜਨ ਦੀ ਮੰਗ ਕੀਤੀ ਹੈ।

ਉਨ੍ਹਾਂ ਗੰਗਾ ਨਗਰ–ਜਾਖਲ–ਟੋਹਾਣਾ, ਪਾਤੜਾਂ–ਸਮਾਣਾ, ਰਾਜਪੁਰਾ, ਚੰਡੀਗੜ੍ਹ, ਸ੍ਰੀ ਆਨੰਦਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਵਰਗੇ ਪਵਿੱਤਰ ਅਸਥਾਨਾਂ ਲਈ ਰੇਲ ਲਿੰਕ ਸਥਾਪਤ ਕਰਨ ਦੀ ਵਕਾਲਤ ਕੀਤੀ। ਪ੍ਰੋ. ਬਡੂੰਗਰ ਨੇ ਦੱਸਿਆ ਕਿ 1932 ਵਿੱਚ ਪਟਿਆਲਾ ਰਿਆਸਤ ਦੇ ਮਹਾਰਾਜਾ ਭੁਪਿੰਦਰ ਸਿੰਘ ਅਤੇ ਬਾਅਦ ਵਿੱਚ 1977–80 ਦੌਰਾਨ ਰੇਲਵੇ ਯੂਜ਼ਰਜ਼ ਬੋਰਡ ਦੇ ਮੈਂਬਰ ਵਜੋਂ ਉਨ੍ਹਾਂ ਨੇ ਖ਼ੁਦ ਇਸ ਰੇਲ ਲਿੰਕ ਦਾ ਕੇਸ ਤਿਆਰ ਕਰਵਾਇਆ ਸੀ, ਜਿਸ ਨੂੰ ਪਹਿਲਾਂ ਅੰਗਰੇਜ਼ਾਂ ਅਤੇ ਫਿਰ ਕਾਂਗਰਸ ਸਰਕਾਰਾਂ ਨੇ ਮਨਜ਼ੂਰ ਨਹੀਂ ਕੀਤਾ। ਉਨ੍ਹਾਂ ਉਮੀਦ ਜਤਾਈ ਕਿ ਮੋਦੀ ਸਰਕਾਰ ਇਹ ਇਤਿਹਾਸਕ ਫ਼ੈਸਲਾ ਜ਼ਰੂਰ ਲਵੇਗੀ।

# CPI ਵੱਲੋਂ ਪੰਜਾਬ ਦੇ ਮੁੱਦਿਆਂ 'ਤੇ ਸੰਘਰਸ਼ ਦਾ ਐਲਾਨ



**ਪਾਤੜਾਂ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਬਲਾਕ ਕਮੇਟੀ ਪਾਤੜਾਂ ਦੀ ਅਹਿਮ ਮੀਟਿੰਗ ਗੁਰਦੁਆਰਾ ਰਵਿਦਾਸ ਮੰਦਰ ਵਿੱਚ ਕਾਮਰੇਡ ਜਗਜੀਤ ਸਿੰਘ ਦੁਗਾਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਵੰਤ ਸਿੰਘ ਮੌਲਵੀਵਾਲਾ ਨੇ ਸੂਬਾ ਕਾਰਜਕਾਰੀ ਦੇ ਫ਼ੈਸਲਿਆਂ ਨੂੰ ਲਾਗੂ ਕਰਨ ਸਬੰਧੀ ਵਿਚਾਰ–ਵਟਾਂਦਰਾ ਕੀਤਾ।

ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦਿਆਂ ਕਾਮਰੇਡ ਮੌਲਵੀਵਾਲਾ ਨੇ ਦੱਸਿਆ ਕਿ ਪੰਜਾਬ ਦੇ ਪਾਣੀਆਂ, ਚੰਡੀਗੜ੍ਹ 'ਤੇ ਹੱਕ, ਪੰਜਾਬੀ ਭਾਸ਼ਾ, ਬੀ ਬੀ ਐੱਮ ਬੀ ਵਿੱਚ ਪੰਜਾਬ ਦੀ ਨੁਮਾਇੰਦਗੀ, ਵਧਦੀ ਮਹਿੰਗਾਈ, ਨਸ਼ੇ, ਬੇਰੁਜ਼ਗਾਰੀ ਅਤੇ ਭ੍ਰਿਸ਼ਟਾਚਾਰ ਵਰਗੇ ਭੱਖਦੇ ਮੁੱਦਿਆਂ 'ਤੇ ਲੋਕਾਂ ਨੂੰ ਜਾਗਰੂਕ ਕਰਨ ਲਈ 27 ਜੁਲਾਈ ਨੂੰ ਪਟਿਆਲਾ ਵਿੱਚ ਕਨਵੈਨਸ਼ਨ ਕੀਤੀ ਜਾ ਰਹੀ ਹੈ।

ਇਸ ਤੋਂ ਇਲਾਵਾ ਪਹਿਲੀ ਸਤੰਬਰ ਨੂੰ ਦਿੱਲੀ ਦੇ ਰਾਮਲੀਲਾ ਗਰਾਊਂਡ ਵਿੱਚ ਹੋਣ ਵਾਲੀ ਕੌਮੀ ਪੱਧਰ ਦੀ ਰੈਲੀ ਦੀ ਸਫ਼ਲਤਾ ਲਈ 6 ਤੋਂ 15 ਅਗਸਤ ਤੱਕ ਪਿੰਡਾਂ ਅਤੇ ਸ਼ਹਿਰਾਂ ਵਿੱਚ ਪਦ–ਯਾਤਰਾਵਾਂ ਕੱਢ ਕੇ ਲਾਮਬੰਦੀ ਕੀਤੀ ਜਾਵੇਗੀ।

ਉਨ੍ਹਾਂ ਕੇਂਦਰ ਸਰਕਾਰ ਅਤੇ ਚੋਣ ਕਮਿਸ਼ਨ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਚੋਣਾਂ ਦੇ ਮੱਦੇਨਜ਼ਰ ਐਸ ਆਈ ਆਰ ਮੁਹਿੰਮ ਤਹਿਤ ਕੋਝੇ ਹੱਥਕੰਡੇ ਵਰਤ ਕੇ ਵੋਟਾਂ ਕੱਟਣ ਦੀ ਖੇਡ ਖੇਡੀ ਜਾ ਰਹੀ ਹੈ, ਜਿਸ ਪ੍ਰਤੀ ਲੋਕਾਂ ਨੂੰ ਜਾਗਰੂਕ ਹੋਣ ਦੀ ਸਖ਼ਤ ਲੋੜ ਹੈ।

# ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਰਾਜਨੀਤਿਕ ਪਾਰਟੀਆਂ ਨਾਲ ਪਟਿਆਲਾ ਜ਼ਿਲ੍ਹੇ ਦੇ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਸਬੰਧੀ ਵਿਚਾਰ-ਵਟਾਂਦਰਾ



**ਪਟਿਆਲਾ, 13 ਜੁਲਾਈ**
**-ਛਤਰਪਾਲ ਸਿੰਘ-**

ਪਟਿਆਲਾ ਦੇ ਜ਼ਿਲ੍ਹਾ ਚੋਣ ਅਫ਼ਸਰ–ਕਮ–ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਮੂਹ ਰਾਜਨੀਤਿਕ ਪਾਰਟੀਆਂ ਦੇ ਪਟਿਆਲਾ ਸਥਿਤ ਆਗੂਆਂ ਨਾਲ ਬੈਠਕ ਕਰਕੇ ਜ਼ਿਲ੍ਹੇ ਦੇ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਸਬੰਧੀ ਉਨ੍ਹਾਂ ਦੇ ਸੁਝਾਅ ਅਤੇ ਫੀਡਬੈਕ ਹਾਸਲ ਕੀਤੀ।

ਡਿਪਟੀ ਕਮਿਸ਼ਨਰ ਨੇ 11 ਅਤੇ 12 ਜੁਲਾਈ ਨੂੰ ਲੱਗੇ ਵਿਸ਼ੇਸ਼ ਕੈਂਪਾਂ ਦੌਰਾਨ ਰਾਜਨੀਤਿਕ ਪਾਰਟੀਆਂ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕਰਦਿਆਂ ਅਪੀਲ ਕੀਤੀ ਕਿ ਅਗਲੇ ਕੈਂਪਾਂ ਦੌਰਾਨ ਵੀ ਬੀ.ਐਲ.ਏਜ਼, ਬੀ.ਐਲ.ਓਜ਼ ਨੂੰ ਪੂਰਾ ਸਹਿਯੋਗ ਦੇਣ ਅਤੇ ਇਹ ਯਕੀਨੀ ਬਣਾਉਣ ਕਿ ਕਿਸੇ ਵੀ ਯੋਗ ਵੋਟਰ ਦੀ ਵੋਟ ਕੇਵਲ ਗਣਨਾ ਫਾਰਮ ਨਾ ਭਰਨ ਕਰਕੇ ਨਾ ਕੱਟੀ ਜਾਵੇ। ਉਨ੍ਹਾਂ ਦੱਸਿਆ ਕਿ ਬੀ.ਐਲ.ਓਜ਼ ਵੱਲੋਂ ਘਰ–ਘਰ ਜਾ ਕੇ ਗਣਨਾ ਫਾਰਮ ਭਰਨ ਦਾ ਕੰਮ 24 ਜੁਲਾਈ ਤੱਕ ਜਾਰੀ ਰਹੇਗਾ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਗਣਨਾ ਫਾਰਮ ਭਰਨ ਸਬੰਧੀ ਕਿਸੇ ਵੀ ਸਹਾਇਤਾ ਲਈ ਵੋਟਰ ਹੈਲਪਲਾਈਨ ਨੰਬਰ 1950 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਅਗਲੇ ਵਿਸ਼ੇਸ਼ ਕੈਂਪ ਸਿਰਫ਼ ਪੋਲਿੰਗ ਬੂਥਾਂ ਹੀ ਨਹੀਂ, ਸਗੋਂ ਸਮੂਹ ਐਸ.ਡੀ.ਐਮ. ਦਫ਼ਤਰਾਂ ਅਤੇ ਡਿਪਟੀ ਕਮਿਸ਼ਨਰ ਦਫ਼ਤਰ ਵਿੱਚ ਵੀ ਲਗਾਏ ਜਾਣਗੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਗਣਨਾ ਫਾਰਮ ਸਮੇਂ ਸਿਰ ਭਰ ਕੇ ਜਮ੍ਹਾਂ ਕਰਵਾਉਣ, ਤਾਂ ਜੋ ਕੋਈ ਵੀ ਯੋਗ ਵੋਟਰ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ 24 ਜੁਲਾਈ, 2026 ਤੱਕ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਦਾ ਕੰਮ ਮੁਕੰਮਲ ਕੀਤਾ ਜਾਣਾ ਹੈ। ਇਸ ਤਹਿਤ ਮੌਜੂਦਾ 1786 ਪੋਲਿੰਗ ਸਟੇਸ਼ਨਾਂ ਵਿੱਚ 75 ਨਵੇਂ ਪੋਲਿੰਗ ਸਟੇਸ਼ਨ ਸ਼ਾਮਲ ਕੀਤੇ ਜਾਣਗੇ, ਜਿਸ ਨਾਲ ਕੁੱਲ ਗਿਣਤੀ 1861 ਹੋ ਜਾਵੇਗੀ। ਇਸ ਤੋਂ ਇਲਾਵਾ 29 ਪੋਲਿੰਗ ਸਟੇਸ਼ਨਾਂ ਦੀ ਲੋਕੇਸ਼ਨ ਬਦਲੀ ਜਾਵੇਗੀ, ਜਦਕਿ 115 ਪੋਲਿੰਗ ਸਟੇਸ਼ਨਾਂ ਦੇ ਸਕੂਲਾਂ ਜਾਂ ਇਮਾਰਤਾਂ ਦੇ ਨਾਮ ਬਦਲਣ ਕਾਰਨ ਉਨ੍ਹਾਂ ਦੇ ਨਾਮ ਅਪਡੇਟ ਕੀਤੇ ਜਾਣਗੇ। ਇਸ ਸਬੰਧੀ ਡਰਾਫਟ ਤਜਵੀਜ਼ ਰਾਜਨੀਤਿਕ ਪਾਰਟੀਆਂ ਨੂੰ ਉਪਲਬਧ ਕਰਵਾ ਕੇ ਉਨ੍ਹਾਂ ਤੋਂ ਸੁਝਾਅ ਪ੍ਰਾਪਤ ਕੀਤੇ ਗਏ। ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਰੈਸ਼ਨਲਾਈਜ਼ੇਸ਼ਨ ਦੌਰਾਨ ਇਹ ਯਕੀਨੀ ਬਣਾਇਆ ਜਾਵੇਗਾ ਕਿ ਆਮ ਤੌਰ 'ਤੇ ਕਿਸੇ ਵੀ ਪੋਲਿੰਗ ਸਟੇਸ਼ਨ ਨਾਲ 1,200 ਤੋਂ ਵੱਧ ਵੋਟਰ ਸੰਬੰਧਿਤ ਨਾ ਹੋਣ।

ਇਸ ਮੌਕੇ ਏ.ਡੀ.ਸੀ. ਅਨੁਪ੍ਰਿਤਾ ਜੌਹਲ, ਭਾਰਤੀ ਜਨਤਾ ਪਾਰਟੀ ਵੱਲੋਂ ਰਜਨੀਸ਼ ਸ਼ੋਰੀ, ਸ਼੍ਰੋਮਣੀ ਅਕਾਲੀ ਦਲ ਵੱਲੋਂ ਅਮਰਿੰਦਰ ਸਿੰਘ ਬਜਾਜ ਅਤੇ ਅਨਮੋਲਦੀਪ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਮਹਿੰਦਰ ਸਿੰਘ ਅਤੇ ਨਰਿੰਦਰ ਸਿੰਘ ਸਮੇਤ ਚੋਣ ਤਹਿਸੀਲਦਾਰ ਵਿਜੇ ਕੁਮਾਰ ਚੌਧਰੀ ਤੇ ਹੋਰ ਪਤਵੰਤੇ ਹਾਜ਼ਰ ਸਨ।

# ਜ਼ਿਲ੍ਹੇ ਵਿੱਚ ਇਨੁਮੀਰੇਸ਼ਨ ਫਾਰਮਾਂ ਦੀ ਡਿਜੀਟਾਇਜੇਸ਼ਨ ਦਾ ਕੰਮ ਜ਼ੋਰਾਂ 'ਤੇ : ਜ਼ਿਲ੍ਹਾ ਚੋਣ ਅਫ਼ਸਰ



**ਬਠਿੰਡਾ, 13 ਜੁਲਾਈ**
**-ਗੁਰਤੇਜ ਅਤਲਾ-**

ਪੰਜਾਬ ਦੇ ਮੁੱਖ ਚੋਣ ਅਫ਼ਸਰ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐਸ.ਆਈ.ਆਰ.) ਮੁਹਿੰਮ ਤਹਿਤ ਜ਼ਿਲ੍ਹੇ ਵਿੱਚ ਇਨੁਮੀਰੇਸ਼ਨ ਫਾਰਮਾਂ ਦੀ ਡਿਜੀਟਾਇਜੇਸ਼ਨ ਦਾ ਕੰਮ ਜ਼ੋਰਾਂ 'ਤੇ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ–ਕਮ–ਜ਼ਿਲ੍ਹਾ ਚੋਣ ਅਫਸਰ ਸ੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕੀਤੀ।

ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਅੱਜ ਦੂਜੇ ਦਿਨ ਵਿਸ਼ੇਸ਼ ਕੈਂਪ ਲਗਾ ਕੇ ਇਨੁਮਿਰੇਸ਼ਨ ਫਾਰਮਾਂ ਦੀ ਡਿਜੀਟਾਇਜੇਸ਼ਨ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਂਦੀ ਗਈ। ਉਹਨਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦਾ ਮਕਸਦ ਯੋਗ ਵੋਟਰਾਂ ਦੇ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਦੀ ਪ੍ਰਕਿਰਿਆ ਨੂੰ ਸੁਚਾਰੂ ਅਤੇ ਸੁਵਿਧਾਜਨਕ ਬਣਾਉਣਾ ਹੈ।

ਉਹਨਾਂ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਵੱਡੀ ਗਿਣਤੀ ਵਿੱਚ ਇਨੁਮੀਰੇਸ਼ਨ ਫਾਰਮਾਂ ਦੀ ਡਿਜੀਟਾਇਜੇਸ਼ਨ ਦਾ ਕੰਮ ਕਰਵਾਉਣ ਲਈ ਪੋਲਿੰਗ ਬੂਥਾਂ ਤੇ ਬੀ.ਐਲ.ਓਜ. ਕੋਲ ਪਹੁੰਚ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਮੂਹ ਬੀਐਲਓਜ਼ ਪੂਰੀ ਤਨਦੇਹੀ ਨਾਲ ਆਪਣੀਆਂ ਡਿਊਟੀਆਂ ਨਿਭਾ ਰਹੇ ਹਨ ਅਤੇ ਵੋਟਰਾਂ ਨੂੰ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਵਿੱਚ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਸ਼ਨੀਵਾਰ ਅਤੇ ਐਤਵਾਰ ਨੂੰ ਦੋਵੇਂ ਦਿਨ ਜ਼ਿਲ੍ਹੇ ਵਿਸ਼ੇਸ਼ ਕੈਂਪਾਂ ਦੌਰਾਨ ਸਾਰੇ ਨਿਰਧਾਰਤ ਪੋਲਿੰਗ ਬੂਥਾਂ 'ਤੇ ਬੀਐਲਓ ਮੌਜੂਦ ਰਹੇ।

ਜ਼ਿਲ੍ਹਾ ਚੋਣ ਅਫਸਰ ਨੇ ਇਹ ਵੀ ਕਿਹਾ ਕਿ ਜੇਕਰ ਕਿਸੇ ਵੋਟਰ ਨੇ ਅਜੇ ਤੱਕ ਆਪਣਾ ਗਣਨਾ ਫਾਰਮ ਨਹੀਂ ਭਰਿਆ ਹੈ ਤਾਂ ਉਹ ਆਪਣੇ ਸਬੰਧਤ ਬੂਥ ਲੈਵਲ ਅਫ਼ਸਰ (ਬੀਐਲਓ) ਨਾਲ ਤੁਰੰਤ ਸੰਪਰਕ ਕਰਨ ਤਾਂ ਜੋ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਮੁਹਿੰਮ ਨੂੰ ਸਫਲ ਬਣਾਇਆ ਜਾ ਸਕੇ।

# ਪੰਜਾਬ ਸਰਕਾਰ ਦਾ ਉਦੇਸ਼ ਹਰ ਸ਼ਰਧਾਲੂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ: ਬੈਂਸ

**ਸ੍ਰੀ ਆਨੰਦਪੁਰ ਸਾਹਿਬ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗੰਭੀਰਪੁਰ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀ ਬੱਸ ਨੂੰ ਅੱਜ ਪੰਜਾਬ ਦੇ ਕੈਬਨਿਟ ਮੰਤਰੀ ਸ੍. ਹਰਜੋਤ ਸਿੰਘ ਬੈਂਸ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ, ਸ਼ਰਧਾਲੂ, ਪੰਚਾਇਤ ਨੁਮਾਇੰਦੇ ਅਤੇ ਹੋਰ ਪਤਵੰਤੇ ਹਾਜ਼ਰ ਸਨ। ਰਵਾਨਗੀ ਤੋਂ ਪਹਿਲਾਂ ਯਾਤਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕੈਬਨਿਟ ਮੰਤਰੀ ਨੇ ਉਨ੍ਹਾਂ ਦੀ ਸੁਖਦ, ਸੁਰੱਖਿਅਤ ਅਤੇ ਆਨੰਦਮਈ ਯਾਤਰਾ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਪੰਜਾਬ ਸਰਕਾਰ ਦੀ ਇੱਕ ਲੋਕ–ਭਲਾਈ ਯੋਜਨਾ ਹੈ, ਜਿਸ ਦਾ ਉਦੇਸ਼ ਸੂਬੇ ਦੇ ਸ਼ਰਧਾਲੂਆਂ ਨੂੰ ਪ੍ਰਮੁੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ।

ਸ੍. ਹਰਜੋਤ ਸਿੰਘ ਬੈਂਸ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਸਕੀਮ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਨਮਾਨ ਕਰਦੀ ਹੈ। ਉਨ੍ਹਾਂ ਦੱਸਿਆ ਕਿ ਬਹੁਤ ਸਾਰੇ ਅਜਿਹੇ ਬਜ਼ੁਰਗ ਅਤੇ ਲੋੜਵੰਦ ਲੋਕ ਹਨ ਜੋ ਆਰਥਿਕ ਜਾਂ ਹੋਰ ਕਾਰਨਾਂ ਕਰਕੇ ਤੀਰਥ ਯਾਤਰਾ ਨਹੀਂ ਕਰ ਸਕਦੇ।

ਇਸ ਯੋਜਨਾ ਰਾਹੀਂ ਉਨ੍ਹਾਂ ਨੂੰ ਬਿਨਾਂ ਕਿਸੇ ਆਰਥਿਕ ਬੋਝ ਦੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਸਮਾਜਿਕ ਅਤੇ ਧਾਰਮਿਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕ–ਹਿੱਤ ਦੀਆਂ ਅਨੇਕਾਂ ਯੋਜਨਾਵਾਂ ਨੂੰ ਸਫਲਤਾਪੂਰਵਕ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਵੀ ਉਨ੍ਹਾਂ ਵਿੱਚੋਂ ਇੱਕ ਮਹੱਤਵਪੂਰਨ ਯੋਜਨਾ ਹੈ, ਜਿਸ ਨੂੰ ਸੂਬੇ ਭਰ ਵਿੱਚ ਭਰਪੂਰ ਹੁੰਗਾਰਾ ਮਿਲ ਰਿਹਾ ਹੈ। ਇਸ ਯੋਜਨਾ ਤਹਿਤ ਯਾਤਰੀਆਂ ਨੂੰ ਆਵਾਜਾਈ ਸਮੇਤ ਲੋੜੀਂਦੀਆਂ ਸਹੂਲਤਾਂ ਉਪਲਬਧ ਕਰਵਾਈਆਂ ਜਾਂਦੀਆਂ ਹਨ ਤਾਂ ਜੋ ਉਹ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਆਪਣੀ ਯਾਤਰਾ ਪੂਰੀ ਕਰ ਸਕਣ।

ਇਸ ਮੌਕੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਯੋਜਨਾ ਨਾਲ ਉਨ੍ਹਾਂ ਦੀ ਲੰਬੇ ਸਮੇਂ ਤੋਂ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦੀ ਇੱਛਾ ਪੂਰੀ ਹੋ ਰਹੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੁਫ਼ਤ ਅਤੇ ਸੁਚੱਜੇ ਢੰਗ ਨਾਲ ਕੀਤੇ ਗਏ ਇਸ ਪ੍ਰਬੰਧ ਕਾਰਨ ਆਮ ਲੋਕਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ। ਸ਼ਰਧਾਲੂਆਂ ਨੇ ਕਿਹਾ ਕਿ ਅਜਿਹੀਆਂ ਲੋਕ–ਭਲਾਈ ਸਕੀਮਾਂ ਸਮਾਜ ਦੇ ਹਰ ਵਰਗ ਲਈ ਲਾਹੇਵੰਦ ਸਾਬਤ ਹੋ ਰਹੀਆਂ ਹਨ।



ਬੱਸ ਰਵਾਨਾ ਕਰਨ ਮੌਕੇ ਮਾਹੌਲ ਧਾਰਮਿਕ ਜੈਕਾਰਿਆਂ ਅਤੇ ਉਤਸ਼ਾਹ ਨਾਲ ਭਰਿਆ ਹੋਇਆ ਸੀ। ਕੈਬਨਿਟ ਮੰਤਰੀ ਸ੍. ਹਰਜੋਤ ਸਿੰਘ ਬੈਂਸ ਨੇ ਯਾਤਰੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਸੁਰੱਖਿਅਤ ਯਾਤਰਾ ਕਰਨ ਅਤੇ ਵਾਪਸੀ ਉਪਰੰਤ ਆਪਣੇ ਅਨੁਭਵ ਹੋਰਨਾਂ ਨਾਲ ਸਾਂਝੇ ਕਰਨ ਦੀ ਅਪੀਲ ਕੀਤੀ।

ਉਨ੍ਹਾਂ ਵਿਸ਼ਵਾਸ ਜਤਾਇਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਅੱਗੇ ਵੀ ਇਸੇ ਤਰ੍ਹਾਂ ਲੋਕਾਂ ਦੀ ਸੇਵਾ ਕਰਦੀ ਰਹੇਗੀ ਅਤੇ ਵੱਧ ਤੋਂ ਵੱਧ ਸ਼ਰਧਾਲੂਆਂ ਨੂੰ ਆਪਣੇ ਗੁਰੂ ਘਰਾਂ ਅਤੇ ਹੋਰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਦਾ ਰਹੇਗਾ।

ਇਸ ਮੌਕੇ ਬਲਵਿੰਦਰ ਕੌਰ ਬੈਂਸ, ਨੰਬਰਦਾਰ ਰਾਮ ਕੁਮਾਰ ਕਾਲੀਆ, ਸਰਪੰਚ ਐਡਵੋਕੇਟ ਮੀਨਾ ਕਾਲੀਆ, ਮਨਜੀਤ ਕੌਰ ਕਾਲਾ, ਹਰੀਸ਼ ਕਾਲੀਆ, ਗੁਰਮੇਲ ਸਿੰਘ, ਸੋਢੀ ਰਾਮ, ਬਾਵਾ ਰਾਜ ਤੇ ਸੁਰਿੰਦਰ ਕੁਮਾਰ ਹਾਜ਼ਰ ਸਨ ।

# ਭਾਰਤ ਵੱਲੋਂ ਰੂਸ ਤੋਂ ਕੱਚੇ ਤੇਲ ਦੀ ਰਿਕਾਰਡ ਖ਼ਰੀਦਦਾਰੀ; ਚੀਨ ਤੋਂ ਬਾਅਦ ਰੂਸੀ ਜੈਵਿਕ ਈਂਧਣ ਦਾ ਦੂਜਾ ਸਭ ਤੋਂ ਵੱਡਾ ਖ਼ਰੀਦਦਾਰ ਬਣਿਆ ਭਾਰਤ



**ਨਵੀਂ ਦਿੱਲੀ, 13 ਜੁਲਾਈ**
**-ਚੌਧਰੀ ਪ੍ਰਭਜੀਤ ਸਿੰਘ-**

ਊਰਜਾ ਤੇ ਸਾਫ਼–ਸੁਥਰੀ ਹਵਾ ਬਾਰੇ ਖੋਜ ਕੇਂਦਰ (ਸੀ ਆਰ ਈ ਏ) ਦੀ ਰਿਪੋਰਟ ਅਨੁਸਾਰ, ਰੂਸ ਨੂੰ ਤੇਲ ਬਰਾਮਦ ਕਰਨ ਤੋਂ ਹੁੰਦੀ ਸਮੁੱਚੀ ਆਮਦਨ ਵਿੱਚ ਗਿਰਾਵਟ ਦੇ ਬਾਵਜੂਦ ਜੂਨ 'ਚ ਭਾਰਤ ਵੱਲੋਂ ਕੀਤੀ ਰੂਸੀ ਕੱਚੇ ਤੇਲ ਦੀ ਦਰਾਮਦ ਰਿਕਾਰਡ ਪੱਧਰ 'ਤੇ ਪਹੁੰਚ ਗਈ, ਜੋ ਪਿਛਲੇ ਮਹੀਨੇ ਨਾਲੋਂ 34 ਫੀਸਦੀ ਵੱਧ ਹੈ।

ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਰਤ ਨੇ ਜੂਨ ਵਿੱਚ 4.5 ਅਰਬ ਯੂਰੋ ਦਾ ਰੂਸੀ ਕੱਚਾ ਤੇਲ ਖਰੀਦਿਆ, ਜੋ ਕਿ ਉਸ ਦੀ 5.5 ਅਰਬ ਯੂਰੋ ਦੀ ਕੁੱਲ ਰੂਸੀ ਜੈਵਿਕ ਈਂਧਣ ਦਰਾਮਦ ਦਾ 83 ਫੀਸਦੀ ਹੈ। ਇਸ ਦੇ ਨਾਲ ਹੀ ਭਾਰਤ, ਚੀਨ ਤੋਂ ਬਾਅਦ ਰੂਸੀ ਹਾਈਡ੍ਰੋਕਾਰਬਨ ਦਾ ਦੂਜਾ ਸਭ ਤੋਂ ਵੱਡਾ ਖ਼ਰੀਦਦਾਰ ਬਣ ਗਿਆ ਹੈ।

ਇਹ ਤਿੱਖਾ ਵਾਧਾ ਉਦੋਂ ਦੇਖਣ ਨੂੰ ਮਿਲਿਆ ਜਦੋਂ ਭਾਰਤ ਦੀ ਸਮੁੱਚੀ ਕੱਚੇ ਤੇਲ ਦੀ ਦਰਾਮਦ ਵਿੱਚ ਮਹੀਨਾਵਾਰ ਆਧਾਰ 'ਤੇ 5.4 ਫੀਸਦੀ ਦਾ ਵਾਧਾ ਹੋਇਆ, ਜਿਸ ਵਿੱਚ ਪ੍ਰਮੁੱਖ ਰਿਫਾਇਨਰੀਆਂ ਨੂੰ ਹੁੰਦੀ ਰੂਸੀ ਕੱਚੇ ਤੇਲ ਦੀ ਸਪਲਾਈ ਵਿੱਚ ਭਾਰੀ ਵਾਧਾ ਦਰਜ ਕੀਤਾ ਗਿਆ।

ਸੀ ਆਰ ਈ ਏ ਨੇ ਦੱਸਿਆ ਕਿ ਰਿਲਾਇੰਸ ਇੰਡਸਟਰੀਜ਼ ਦੀ ਜਾਮਨਗਰ ਰਿਫਾਇਨਰੀ ਵਿੱਚ ਸਪਲਾਈ ਮਈ ਦੇ ਮੁਕਾਬਲੇ 150 ਫੀਸਦੀ ਵਧੀ, ਜਦੋਂ ਕਿ ਇੰਡੀਅਨ ਆਇਲ ਕਾਰਪੋਰੇਸ਼ਨ ਦੀ ਪਾਰਾਦੀਪ ਰਿਫਾਇਨਰੀ ਵਿੱਚ ਦਰਾਮਦ 126 ਫੀਸਦੀ ਵਧੀ। ਬੀ ਪੀ ਸੀ ਐੱਲ ਦੀ ਕੋਚੀ ਰਿਫਾਇਨਰੀ ਅਤੇ ਨਾਇਰਾ ਐਨਰਜੀ ਦੀ ਵਾਡੀਨਾਰ ਰਿਫਾਇਨਰੀ ਵਿੱਚ ਕ੍ਰਮਵਾਰ 83 ਫੀਸਦੀ ਅਤੇ 45 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ। ਭਾਰਤੀ ਖਰੀਦ ਵਿੱਚ ਆਏ ਇਸ ਉਛਾਲ ਨੇ ਜੂਨ ਵਿੱਚ ਰੂਸ ਦੇ ਕੱਚੇ ਤੇਲ ਦੀ ਬਰਾਮਦ ਦੀ ਮਾਤਰਾ ਨੂੰ 14 ਫੀਸਦੀ ਵਧਾਉਣ ਵਿੱਚ ਮਦਦ ਕੀਤੀ, ਭਾਵੇਂ ਘੱਟ ਕੀਮਤਾਂ ਕਾਰਨ ਰੂਸ ਦੀ ਕੱਚੇ ਤੇਲ ਤੋਂ ਆਮਦਨ ਮਹੀਨਾਵਾਰ ਆਧਾਰ 'ਤੇ 8 ਫੀਸਦੀ ਘੱਟ ਕੇ 34.8 ਕਰੋੜ ਯੂਰੋ ਪ੍ਰਤੀ ਦਿਨ ਰਹਿ ਗਈ।

# ਅਧਿਆਪਕਾਂ ਖ਼ਿਲਾਫ਼ ਕੇਸ ਦਰਜ ਕਰਨ ਦੀ ਨਿਖੇਧੀ



**ਲੌਂਗੋਵਾਲ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਕੰਪਿਊਟਰ ਅਧਿਆਪਕਾਂ, 5994 ਅਧਿਆਪਕਾਂ ਅਤੇ ਡੈਮੋਕਰੈਟਿਕ ਟੀਚਰਜ਼ ਫਰੰਟ (ਡੀ ਟੀ ਐੱਫ) ਦੇ ਆਗੂਆਂ ਖ਼ਿਲਾਫ਼ ਪੁਲੀਸ ਵੱਲੋਂ ਕੇਸ ਦਰਜ ਕਰਨ ਦਾ ਮਾਮਲਾ ਗਰਮਾ ਗਿਆ ਹੈ। ਵੱਖ–ਵੱਖ ਜਮਹੂਰੀ, ਤਰਕਸ਼ੀਲ ਅਤੇ ਇਨਸਾਫ਼ ਪਸੰਦ ਜਥੇਬੰਦੀਆਂ ਨੇ ਸਰਕਾਰ ਦੀ ਇਸ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਲੋਕਾਂ ਦੇ ਜਮਹੂਰੀ ਅਤੇ ਸੰਵਿਧਾਨਕ ਹੱਕਾਂ 'ਤੇ ਹਮਲਾ ਕਰਾਰ ਦਿੱਤਾ ਹੈ।

ਤਰਕਸ਼ੀਲ ਸੁਸਾਇਟੀ ਦੇ ਸੂਬਾ ਆਗੂ ਜੁਝਾਰ ਲੌਂਗੋਵਾਲ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਬਲਬੀਰ ਚੰਦ ਲੌਂਗੋਵਾਲ ਅਤੇ ਜਮਹੂਰੀ ਅਧਿਕਾਰ ਸਭਾ ਦੇ ਸੂਬਾ ਆਗੂ ਜਗਜੀਤ ਭੁਟਾਲ ਨੇ ਦੋਸ਼ ਲਾਇਆ ਕਿ ਸਰਕਾਰ ਅਤੇ ਪ੍ਰਸ਼ਾਸਨ ਆਪਣੇ ਵਾਅਦਿਆਂ ਤੋਂ ਭੱਜ ਰਹੇ ਹਨ। ਉਨ੍ਹਾਂ ਪਿਛਲੇ ਸਾਲ ਸੰਗਰੂਰ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਰਿਹਾਇਸ਼ ਨੇੜੇ ਚੱਲੇ ਲੰਮੇ ਸੰਘਰਸ਼ ਦੌਰਾਨ ਦਰਜ ਕੀਤੇ ਕੇਸ ਨੂੰ ਆਗੂਆਂ ਨੇ ਸੰਘਰਸ਼ ਨੂੰ ਦਬਾਉਣ ਦੀ ਸਾਜ਼ਿਸ਼ ਦੱਸਿਆ। ਇਸ ਦੌਰਾਨ ਕੰਪਿਊਟਰ ਅਧਿਆਪਕ ਯੂਨੀਅਨ, ਡੀ ਟੀ ਐੱਫ ਸੰਗਰੂਰ, ਜਮਹੂਰੀ ਅਧਿਕਾਰ ਸਭਾ ਅਤੇ ਦੇਸ਼ ਭਗਤ ਯਾਦਗਾਰ ਹਾਲ ਕਮੇਟੀ ਦੇ ਜ਼ਿਲ੍ਹਾ ਆਗੂਆਂ ਦੀ ਮੀਟਿੰਗ ਵਿੱਚ ਫ਼ੈਸਲਾ ਕੀਤਾ ਗਿਆ ਕਿ ਕੇਸ ਰੱਦ ਕਰਵਾਉਣ ਲਈ ਐੱਸ ਐੱਸ ਪੀ ਨੂੰ ਮਿਲਿਆ ਜਾਵੇ। ਇਸ ਮੌਕੇ ਡੀ ਟੀ ਐੱਫ ਦੇ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ, ਕੰਪਿਊਟਰ ਅਧਿਆਪਕ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਰਦੀਪ ਸ਼ਰਮਾ, ਗੁਰਦੀਪ ਸਿੰਘ, ਰਣਜੀਤ ਸਿੰਘ ਅਤੇ ਅਨਿਲ ਸ਼ਰਮਾ ਸਮੇਤ ਕਈ ਆਗੂ ਹਾਜ਼ਰ ਸਨ।

SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
Opp. Gurudwara Dukhniwaran Sahib Srihind Road, Patiala

# 82 ਕਰੋੜ ਦੀ ਲਾਗਤ ਨਾਲ ਸੁੰਦਰੀਕਰਨ ਕਰਕੇ ਮਾਤਾ ਸ਼੍ਰੀ ਕਾਲੀ ਦੇਵੀ ਮੰਦਿਰ ਜਲਦ ਸ਼ਰਧਾਲੂਆਂ ਦੇ ਸਪੁਰਦ ਕੀਤਾ ਜਾਵੇਗਾ: ਹਰਪਾਲ ਜੁਨੇਜਾ



**ਪਟਿਆਲਾ, 13 ਜੁਲਾਈ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਨਾਤਨ ਧਰਮ ਵਿੱਚ ਆਸਥਾ ਦੇ ਪ੍ਰਮੁੱਖ ਕੇਂਦਰ ਅਤੇ ਪਟਿਆਲਾ ਦੇ ਵਿਸ਼ਵ-ਪ੍ਰਸਿੱਧ ਮਾਤਾ ਸ਼੍ਰੀ ਕਾਲੀ ਦੇਵੀ ਮੰਦਿਰ ਵਿੱਚ ਚੱਲ ਰਹੇ ਸ਼ਾਨਦਾਰ ਸੁੰਦਰੀਕਰਨ ਦੇ ਕੰਮ ਨੂੰ ਦੇਖਣ ਲਈ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸੇ ਤਹਿਤ ਅੱਜ ਅਗਰਵਾਲ ਸਮਾਜ ਸਭਾ ਅਤੇ ਬਹਾਵਲਪੁਰ ਸਮਾਜ ਦੇ ਮੈਂਬਰਾਂ ਦੇ ਇੱਕ ਵਫ਼ਦ ਨੇ ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਸਮੇਤ ਸ਼੍ਰੀ ਭਗਵਾਨ ਦਾਸ ਜੁਨੇਜਾ (ਗ੍ਰੀਨ ਮੈਨ ਐਵਾਰਡੀ) ਦੀ ਅਗਵਾਈ ਵਿੱਚ ਮੰਦਿਰ ਦਾ ਦੌਰਾ ਕਰਕੇ ਇੱਥੇ ਚੱਲ ਰਹੇ ਨਿਰਮਾਣ ਕਾਰਜਾਂ ਨੂੰ ਦਿਲਚਸਪੀ ਨਾਲ ਦੇਖਿਆ।

ਇਸ ਦੌਰਾਨ ਸ੍ਰੀ ਹਰਪਾਲ ਜੁਨੇਜਾ ਤੇ ਮੰਦਿਰ ਐਡਵਾਇਜਰੀ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਸੀਏ ਅਜੇ ਅਲੀਪੁਰੀਆ, ਡਾ ਰਾਜ ਕੁਮਾਰ ਗੁਪਤਾ ਅਤੇ ਸੰਜੇ ਸਿੰਗਲਾ ਨੇ ਮੰਦਿਰ ਦੇ ਸੁੰਦਰੀਕਰਨ ਅਤੇ ਨਵ ਨਿਰਮਾਣ ਕਾਰਜਾਂ ਦੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਐਡਵੋਕੇਟ ਜੁਨੇਜਾ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 82 ਕਰੋੜ ਦੀ ਲਾਗਤ ਨਾਲ ਮੰਦਿਰ ਦੇ ਆਧੁਨਿਕ ਪ੍ਰਕਾਰ ਦੇ ਨਿਰਮਾਣ ਦਾ ਐਲਾਨ ਕੀਤਾ ਸੀ ਜੋ ਹੁਣ ਤੱਕ 15 ਕਰੋੜ ਰੁਪਏ ਦੇ ਕੰਮ ਹੋ ਚੁਕੇ ਹਨ ਲਗਭਗ 35 ਪ੍ਰਤੀਸ਼ਤ ਮੰਦਿਰ ਦਾ ਕੰਮ ਹੋ ਚੁੱਕਾ ਹੈ। ਉਨ੍ਹਾਂ ਕਿਹਾ ਮਾਤਾ ਦੇ ਅਸ਼ੀਰਵਾਦ ਨਾਲ ਸਤਬੰਰ ਤਕ ਸੰਗਤਾਂ ਨੂੰ ਸਮਰਪਤ ਕਰ ਦਿੱਤਾ ਜਾਵੇਗਾ। ਹਿੰਦੂ ਸਮਾਜ ਦੇ ਮੇਬਰਾਂ ਨੂੰ ਜਾਣਕਾਰੀ ਦਿੰਦੇ ਹੋਏ ਚੇਅਰਮੈਨ ਜੁਨੇਜਾ ਅਤੇ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਮੰਦਿਰ ਦੇ ਪ੍ਰਵੇਸ਼ ਲਈ ਤਿੰਨ ਮੁੱਖ ਦੁਆਰ ਹੋਣਗੇ, ਦੇਵੀ ਦੇਵਤਿਆਂ ਦੇ ਅਧਾਰਿਤ ਸਰੋਵਰ ਦੀ ਪ੍ਰਕਰਮਾ ਵਿਚ ਲਾਈਟ ਐਂਡ ਸਾਊਂਡ ਦੇ ਪ੍ਰੋਗਰਾਮ ਵੀ ਉਲੀਕੇ ਜਾਣਗੇ। ਇਸ ਮੌਕੇ ਅਗਰਵਾਲ ਸਮਾਜ ਸਭਾ ਦੇ ਪਵਨ ਗੋਇਲ, ਸੋਹਿੰਦਰ ਕਾਂਸਲ ਗ੍ਰੀਨ ਮੈਨ ਐਵਾਰਡੀ ਭਗਵਾਨ ਦਾਸ ਜੁਨੇਜਾ, ਸੋਹਿੰਦਰ ਕਾਂਸਲ ਅਤੇ ਬਹਾਵਲਪੁਰ ਸਮਾਜ ਦੇ ਪ੍ਰਧਾਨ ਯਸ਼ਪਾਲ ਕੱਕੜ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਬਹੁਤ ਸੁੰਦਰ ਇਮਾਰਤ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ, ਜਿਸ ਲਈ ਉਹ ਸ਼੍ਰੀ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਇਹ ਉਪਰਾਲਾ ਕਰਕੇ ਹਿੰਦੂ ਸਮਾਜ ਦੀਆਂ ਭਾਵਨਾਵਾਂ ਨੂੰ ਸਮਝਿਆ।

ਇਸ ਮੌਕੇ ਅਗਰਵਾਲ ਸਭਾ ਦੇ ਅਰੁਣ ਗਰਗ, ਵਿਨੋਦ ਗਰਗ, ਤਰਸੇਮ ਬਾਂਸਲ, ਸੁਰੇਸ਼ ਗਰਗ, ਐਨਪੀ ਅਗਰਵਾਲ, ਮਹੇਸ਼ ਗਰਗ, ਸੁਨੀਲ ਅਗਰਵਾਲ, ਚਰਨਦਾਸ ਗੋਇਲ, ਵਿਜੇ ਗੋਇਲ ਬਹਾਵਲਪੁਰ ਸਮਾਜ ਦੇ ਨਰਿੰਦਰ ਰਾਹੁਲ ਮਹਿਤਾ, ਚਿੰਟੂ ਕੱਕੜ, ਚੰਦਰ ਅਹੂਜਾ, ਜਗਦੀਸ਼ ਪ੍ਰੂਸ਼ਾ, ਜਗਦੀਸ਼ ਅਹੂਜਾ ਧੀਰਜ ਅਰੋੜਾ, ਅਸ਼ੋਕ ਅਹੂਜਾ, ਯੋਗੇਸ਼ ਅਹੂਜਾ ਜਤਿਨ ਦੇਵ, ਸੁਰੇਸ਼ ਪੰਡਿਤ, ਰਾਜੇਸ਼ਵਰ ਪੰਡਿਤ, ਵਿਕਰਮ ਭੱਲਾ, ਸੁਖਵਿੰਦਰ ਸਿੰਘ, ਰਾਜੀਵ ਭਾਰਤਵਾਜ ਅਤੇ ਬੌਬੀ ਆਦਿ ਸ਼ਾਮਿਲ ਸਨ। ਜਿਕਰਯੋਗ ਹੈ ਕਿ ਇਸ ਤੋਂ ਪਹਿਲਾ ਵੀ ਵੱਖ ਵੱਖ ਹਿੰਦੂ ਜਥੇਬੰਦੀਆਂ ਨੂੰ ਨਾਲ ਲੈ ਕੇ ਚੇਅਰਮੈਨ ਹਰਪਾਲ ਜੁਨੇਜਾ ਮੰਦਿਰ ਦਾ ਦੌਰਾ ਕਰ ਚੁਕੇ ਹਨ।

# ਐਸ.ਆਈ.ਆਰ. ਵਿਸ਼ੇਸ਼ ਕੈਂਪਾਂ ਨੂੰ ਪਟਿਆਲਾ ਜ਼ਿਲ੍ਹੇ ਭਰ 'ਚ ਵੋਟਰਾਂ ਵੱਲੋਂ ਭਰਵਾਂ ਹੁੰਗਾਰਾ



**ਪਟਿਆਲਾ, 13 ਜੁਲਾਈ**
**-ਛਤਰਪਾਲ ਸਿੰਘ-**

ਪਟਿਆਲਾ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਚੋਣ ਅਫ਼ਸਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਦੇ 1786 ਪੋਲਿੰਗ ਬੂਥਾਂ 'ਤੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਤਹਿਤ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਲਈ ਲਗਾਏ ਗਏ ਦੋ ਰੋਜ਼ਾ ਵਿਸ਼ੇਸ਼ ਕੈਂਪਾਂ ਨੂੰ ਜ਼ਿਲ੍ਹਾ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਇਨ੍ਹਾਂ ਕੈਂਪਾਂ ਦੌਰਾਨ ਵੱਡੀ ਗਿਣਤੀ ਵਿੱਚ ਨਾਗਰਿਕਾਂ ਨੇ ਆਪਣੇ ਗਣਨਾ ਫਾਰਮ ਭਰ ਕੇ ਜਮ੍ਹਾਂ ਕਰਵਾਏ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਮੂਹ ਬੂਥ ਲੈਵਲ ਅਫ਼ਸਰਾਂ (ਬੀਐਲਓਜ਼) ਨੇ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਦੀ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੂਰੀ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਈ। ਉਨ੍ਹਾਂ ਕਿਹਾ ਕਿ ਬੀਐਲਓਜ਼ ਵੱਲੋਂ ਘਰ-ਘਰ ਜਾ ਕੇ ਗਣਨਾ ਫਾਰਮ ਭਰਨ ਦਾ ਕਾਰਜ 24 ਜੁਲਾਈ ਤੱਕ ਜਾਰੀ ਰਹੇਗਾ। ਉਨ੍ਹਾਂ ਉਨ੍ਹਾਂ ਨਾਗਰਿਕਾਂ ਨੂੰ ਅਪੀਲ ਕੀਤੀ, ਜੋ ਕਿਸੇ ਕਾਰਨਵੱਸ ਅਜੇ ਤੱਕ ਆਪਣੇ ਗਣਨਾ ਫਾਰਮ ਨਹੀਂ ਭਰ ਸਕੇ, ਕਿ ਉਹ ਬਿਨਾਂ ਕਿਸੇ ਦੇਰੀ ਆਪਣੇ ਸਬੰਧਤ ਬੀਐਲਓ ਨਾਲ ਸੰਪਰਕ ਕਰਨ ਜਾਂ ਆਪਣੇ ਨਜ਼ਦੀਕੀ ਪੋਲਿੰਗ ਬੂਥ 'ਤੇ ਜਾ ਕੇ ਫਾਰਮ ਭਰਨ ਦੀ ਪ੍ਰਕਿਰਿਆ ਪੂਰੀ ਕਰਨ।

ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਦੇ ਨਾਲ-ਨਾਲ ਜ਼ਿਲ੍ਹੇ ਦੇ ਅੱਠਾਂ ਵਿਧਾਨ ਸਭਾ ਹਲਕਿਆਂ ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨੇ ਵੀ ਆਪਣੇ-ਆਪਣੇ ਹਲਕਿਆਂ ਦੇ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਕੈਂਪਾਂ ਦਾ ਜਾਇਜ਼ਾ ਲਿਆ। ਉਨ੍ਹਾਂ ਵੋਟਰਾਂ ਅਤੇ ਬੀਐਲਓਜ਼ ਨਾਲ ਗੱਲਬਾਤ ਕਰਦਿਆਂ ਗਣਨਾ ਫਾਰਮ ਭਰਨ ਦੀ ਪ੍ਰਗਤੀ ਦਾ ਮੁਲਾਂਕਣ ਕੀਤਾ ਅਤੇ ਲੋੜੀਂਦੀਆਂ ਹਦਾਇਤਾਂ ਵੀ ਦਿੱਤੀਆਂ।

ਇਸੇ ਦੌਰਾਨ ਸੰਯੁਕਤ ਮੁੱਖ ਚੋਣ ਅਫ਼ਸਰ, ਪੰਜਾਬ, ਗੁਰਿੰਦਰ ਸਿੰਘ ਸੋਢੀ ਨੇ ਵੀ ਜ਼ਿਲ੍ਹੇ ਦੇ ਕਈ ਵਿਸ਼ੇਸ਼ ਕੈਂਪਾਂ ਦਾ ਦੌਰਾ ਕਰਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਚੋਣ ਤਹਿਸੀਲਦਾਰ ਵਿਜੇ ਕੁਮਾਰ ਚੌਧਰੀ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਦਾ ਉਦੇਸ਼ ਹਰ ਯੋਗ ਨਾਗਰਿਕ ਦੇ ਵੇਰਵਿਆਂ ਨੂੰ ਵੋਟਰ ਸੂਚੀ ਵਿੱਚ ਸਹੀ ਅਤੇ ਅਪਡੇਟ ਰੂਪ ਵਿੱਚ ਦਰਜ ਕਰਨਾ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਪ੍ਰਕਿਰਿਆ ਵਿੱਚ ਪੂਰਾ ਸਹਿਯੋਗ ਦੇਣ ਅਤੇ ਆਪਣੇ ਗਣਨਾ ਫਾਰਮ ਸਮੇਂ ਸਿਰ ਭਰ ਕੇ ਜਮ੍ਹਾਂ ਕਰਵਾਉਣ, ਤਾਂ ਜੋ ਕੋਈ ਵੀ ਯੋਗ ਵੋਟਰ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ।

# ਹਰਪਾਲ ਸਿੰਘ ਚੀਮਾ ਦਾ ਐਮ.ਐਲ.ਏ. ਨਾਭਾ ਦਫ਼ਤਰ ਪੁੱਜਣ 'ਤੇ ਦੇਵ ਮਾਨ ਵੱਲੋਂ ਨਿੱਘਾ ਸਵਾਗਤ



**ਨਾਭਾ, 13 ਜੁਲਾਈ**
**-ਹਰਸ਼ਪ੍ਰੀਤ ਕੌਰ-**

ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਐਮ.ਐਲ.ਏ. ਨਾਭਾ ਦਫ਼ਤਰ ਪੁੱਜਣ 'ਤੇ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਉਨ੍ਹਾਂ ਦਾ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਅਤੇ ਸਿਰੋਪਾ ਪਾ ਕੇ ਨਿੱਘਾ ਸਨਮਾਨ ਕੀਤਾ ਗਿਆ।

ਇਸ ਮੌਕੇ ਦੋਵਾਂ ਆਗੂਆਂ ਵਿਚਾਲੇ ਹਲਕਾ ਨਾਭਾ ਦੇ ਵਿਕਾਸ ਕਾਰਜਾਂ, ਪੰਜਾਬ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਅਤੇ ਆਮ ਲੋਕਾਂ ਨਾਲ ਜੁੜੇ ਵੱਖ-ਵੱਖ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਵੀ ਜਾਣੂ ਕਰਵਾਇਆ, ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ।

ਇਸ ਮੌਕੇ ਉਨਾਂ ਦੇ ਨਾਲ ਡਾ ਡਾਕਟਰ ਰਾਜਵੰਤ ਸਿੰਘ, ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ, ਕਰਮਜੀਤ ਸਿੰਘ ਅਲਹੋਰਾਂ ਪ੍ਰਧਾਨ ਆੜਤੀਆਂ ਐਸੋਸੀਏਸ਼ਨ ਨਾਭਾ ਸੁਰਿੰਦਰ ਪਾਲ ਗੁਪਤਾ ਸਾਬਕਾ ਪ੍ਰਧਾਨ, ਧਰਮਿੰਦਰ ਸਿੰਘ ਸੁਖੇਵਾਲ, ਭੁਪਿੰਦਰ ਸਿੰਘ ਕੱਲਰ ਮਾਜਰੀ ਵਾਇਸ ਚੇਅਰਮੈਨ, ਦਲਜੀਤ ਸਿੰਘ ਸਾ ਸਰਪੰਚ, ਜਸਵੀਰ ਸਿੰਘ ਵਜੀਦਪੁਰ, ਊਧਮ ਦੀਪ ਸਿੰਘ ਕੌਸਲਰ, ਸੁਖਦੀਪ ਸਿੰਘ ਖਹਿਰਾ, ਸੁਖਦੇਵ ਸਿੰਘ ਮਾਨ, ਮਨਮੀਤ ਸਿੰਘ ਮਾਨ, ਪਾਰਟੀ ਦੇ ਆਗੂ, ਵਰਕਰ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਸੁਨਾਮ ਵਿਖੇ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਦੀ ਤਿਆਰੀ ਨੂੰ ਲੈ ਕੇ ਕੀਤੀ ਚਰਚਾ




**ਸੁਨਾਮ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਲਿਆਂਵਾਲਾ ਬਾਗ਼ ਦੇ ਖ਼ੂਨੀ ਸਾਕੇ ਦਾ ਫਰੰਗੀਆਂ ਤੋਂ ਬਦਲਾ ਲੈਣ ਵਾਲੇ ਸੁਨਾਮ ਦੇ ਜੰਮਪਲ ਮਹਾਨ ਸਪੂਤ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਉਣ ਲਈ ਸ਼ਹੀਦ ਊਧਮ ਸਿੰਘ ਕੰਬੋਜ ਯਾਦਗਾਰ ਕਮੇਟੀ ਮੇਨ ਦੀ ਮੀਟਿੰਗ ਪ੍ਰਧਾਨ ਮਨਦੀਪ ਸਿੰਘ ਜੋਸ਼ਨ ਦੀ ਅਗਵਾਈ ਹੇਠ ਹੋਈ। ਕਮੇਟੀ ਵੱਲੋਂ ਸ਼ਹੀਦ ਊਧਮ ਸਿੰਘ ਜੀ ਦਾ ਸ਼ਹੀਦੀ ਦਿਹਾੜਾ 31 ਜੁਲਾਈ ਨੂੰ ਸੁਨਾਮ ਵਿਖੇ ਮਨਾਉਣ ਦੀਆਂ ਤਿਆਰੀਆਂ ਨੂੰ ਲੈਕੇ ਵਿਚਾਰ ਚਰਚਾ ਕੀਤੀ ਗਈ। ਸ਼ਹੀਦ ਊਧਮ ਸਿੰਘ ਕੰਬੋਜ ਯਾਦਗਾਰੀ ਕਮੇਟੀ ਦੇ ਪ੍ਰਧਾਨ ਮਨਦੀਪ ਸਿੰਘ ਜੋਸ਼ਨ ਨੇ ਦੱਸਿਆ ਕਿ ਸ਼ਹੀਦੀ ਸਮਾਗਮਾਂ ਦੇ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਅਮਨ ਅਰੋੜਾ ਸ਼ਮੂਲੀਅਤ ਕਰਨਗੇ ਜਦਕਿ ਜਗਦੀਪ ਗੋਲਡੀ ਕੰਬੋਜ ਐਮਐਲਏ ਜਲਾਲਾਬਾਦ ਅਤੇ ਪਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਡਾਕਟਰ ਮਲਕੀਤ ਸਿੰਘ ਥਿੰਦ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਪ੍ਰਧਾਨ ਮਨਦੀਪ ਸਿੰਘ ਜੋਸ਼ਨ ਨੇ ਦੱਸਿਆ ਕਿ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਪੰਜਾਬ ਸਰਕਾਰ ਵੱਲੋਂ ਸ਼ਹੀਦ ਊਧਮ ਸਿੰਘ ਜੀ ਦੀ ਯਾਦ ਨਾਲ ਜੁੜੇ ਕਾਰਜਾਂ ਪ੍ਰਤੀ ਕਮੇਟੀ ਵੱਲੋਂ ਸ਼ਲਾਘਾ ਕੀਤੀ ਗਈ ਅਤੇ ਸ਼ਹੀਦ ਊਧਮ ਸਿੰਘ ਦੇ ਜੱਦੀ ਘਰ ਦੇ ਨਾਲ ਵਾਲੀ ਜਗ੍ਹਾ ਵੀ ਸਰਕਾਰ ਵੱਲੋਂ ਦੇਣ ਦੀ ਮੰਗ ਕੀਤੀ ਗਈ। ਉਨ੍ਹਾਂ ਸ਼ਹੀਦ ਊਧਮ ਸਿੰਘ ਜੀ ਦੀ ਯਾਦ ਵਿੱਚ ਬੰਦ ਪਈ ਸਰਕਾਰੀ ਛੁੱਟੀ ਨੂੰ 21 ਸਾਲ ਬਾਅਦ ਮੁੜ ਸ਼ੁਰੂ ਕਰਨ ਬਦਲੇ ਵੀ ਸੂਬਾ ਸਰਕਾਰ ਦੀ ਸਰਾਹਨਾ ਕੀਤੀ। ਉਨ੍ਹਾਂ ਦੱਸਿਆ ਕਿ ਸ਼ਹੀਦੀ ਸਮਾਗ਼ਮ ਦੌਰਾਨ ਪੱਤਰਕਾਰ ਭਾਈਚਾਰੇ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਕੇਹਰ ਸਿੰਘ ਜੋਸ਼ਨ, ਜਤਿੰਦਰ ਪਾਲ ਸਿੰਘ ਬੌਬੀ, ਗੁਰਬਚਨ ਸਿੰਘ, ਕਰਮ ਸਿੰਘ, ਨਰਿੰਦਰ ਸਿੰਘ ਢੋਟ, ਮਲਕੀਤ ਸਿੰਘ, ਬਿੰਦਰ ਸਿੰਘ ਅਬਦਾਲ, ਬਿੰਦਰ ਸਿੰਘ ਖਾਲਸਾ, ਹਰਮਿੰਦਰ ਸਿੰਘ ਕੌੜੇ, ਸੋਨੂੰ ਵਰਮਾ, ਦੀਵਾਨ ਸਿੰਘ ਹਾਂਡਾ ਆਦਿ ਹਾਜ਼ਰ ਸਨ।

# ਐਸ.ਆਈ.ਆਰ.: ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪਾਂ ਦੌਰਾਨ ਵੱਡੀ ਗਿਣਤੀ ਵੋਟਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ



**ਸੰਗਰੂਰ, 13 ਜੁਲਾਈ**
**ਜਗਦੇਵ ਰੰਚਨਾਂ**

ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) 2026 ਤਹਿਤ ਜ਼ਿਲ੍ਹਾ ਸੰਗਰੂਰ ਦੇ ਅਧੀਨ ਆਉਂਦੇ 05 ਵਿਧਾਨ ਸਭਾ ਚੋਣ ਹਲਕਿਆਂ 099-ਲਹਿਰਾ, 100-ਦਿੜ੍ਹਬਾ, 101-ਸੁਨਾਮ, 107-ਧੂਰੀ ਅਤੇ 108-ਸੰਗਰੂਰ ਦੇ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਮਿਤੀ 11 ਅਤੇ 12 ਜੁਲਾਈ, 2026 ਨੂੰ ਸਵੇਰੇ 08:00 ਵਜੇ ਤੋਂ ਦੁਪਹਿਰ 03:00 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਗਏ। ਵਿਸ਼ੇਸ ਕੈਂਪਾਂ ਨੂੰ ਵੋਟਰਾਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ।

ਇਹਨਾਂ ਕੈਂਪਾਂ ਦੌਰਾਨ ਸਮੂਹ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ) ਵੱਲੋਂ ਆਪਣੇ ਸਬੰਧਤ ਪੋਲਿੰਗ ਬੂਥ 'ਤੇ ਨਿੱਜੀ ਤੌਰ 'ਤੇ ਹਾਜ਼ਰ ਰਹਿ ਕੇ ਯੋਗ ਵੋਟਰ ਪਾਸੋਂ ਉਹਨਾਂ ਦੇ ਐਨਿਊਮਰੇਸ਼ਨ ਫਾਰਮ ਪ੍ਰਾਪਤ ਕੀਤੇ ਗਏ ਅਤੇ ਜਮ੍ਹਾਂ ਕਰਵਾਏ ਗਏ ਫਾਰਮਾਂ ਦੀ ਬੀ.ਐਲ.ਓ. ਐਪ ਵਿੱਚ ਡਿਜੀਟਾਈਜ਼ੇਸ਼ਨ ਦਾ ਕੰਮ ਵੀ ਕੀਤਾ ਗਿਆ। ਇਹਨਾਂ ਕੈਂਪਾਂ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚੇ ਵੋਟਰਾਂ ਨੇ ਇਸ ਪ੍ਰਕਿਰਿਆ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।

ਜ਼ਿਲ੍ਹਾ ਚੋਣ ਅਫ਼ਸਰ ਪੂਨਮਦੀਪ ਕੌਰ ਨੇ ਦੱਸਿਆ ਕਿ ਜਿਨ੍ਹਾਂ ਬੂਥਾਂ 'ਤੇ ਫਾਰਮਾਂ ਦੀ ਡਿਜੀਟਾਈਜ਼ੇਸ਼ਨ ਬਾਕੀ ਹੈ, ਉੱਥੇ ਇਕੱਤਰ ਕੀਤੇ ਗਏ ਫਾਰਮਾਂ ਨੂੰ ਤੁਰੰਤ ਡਿਜੀਟਾਈਜ਼ ਕਰਨ ਦੇ ਨਾਲ-ਨਾਲ ਬਾਕੀ ਰਹਿੰਦੇ ਫਾਰਮ ਵੀ ਇਕੱਤਰ ਕੀਤੇ ਗਏ। ਘੱਟ ਪ੍ਰਤੀਸ਼ਤਤਾ ਵਾਲੇ ਬੂਥਾਂ 'ਤੇ ਫਾਰਮਾਂ ਦੀ ਇਕੱਤਰਤਾ ਅਤੇ ਡਿਜੀਟਾਈਜ਼ੇਸ਼ਨ ਦਾ ਕੰਮ ਇੱਕੋ ਸਮੇਂ ਚਲਾਇਆ ਗਿਆ।

ਜ਼ਿਲ੍ਹਾ ਚੋਣ ਅਫ਼ਸਰ ਨੇ ਵਿਸ਼ੇਸ਼ ਕੈਂਪਾਂ ਨੂੰ ਸਫਲ ਬਣਾਉਣ ਲਈ ਹੋਰ ਸਬੰਧਤ ਵਿਭਾਗਾਂ, ਸਕੂਲਾਂ ਦੇ ਸਟਾਫ਼, ਮਾਲ ਵਿਭਾਗ ਦੇ ਪਟਵਾਰੀਆਂ, ਆਂਗਣਵਾੜੀ ਵਰਕਰਾਂ, ਸ਼ਹਿਰੀ ਖੇਤਰਾਂ ਵਿੱਚ ਨਗਰ ਕੌਂਸਲਾਂ ਦੇ ਕਰਮਚਾਰੀਆਂ ਅਤੇ ਏ.ਐੱਲ.ਐੱਮ.ਟੀਜ਼./ਡੀ.ਐੱਲ.ਐਮ.ਟੀਜ਼./ਬੀ.ਐੱਲ.ਓ. ਸੁਪਰਵਾਈਜ਼ਰਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ।

# ਲੋਕ ਮਿਲਣੀ ਪ੍ਰੋਗਰਾਮ ਸਰਕਾਰ ਤੇ ਲੋਕਾਂ ਵਿਚਕਾਰ ਸਿੱਧਾ ਸੰਪਰਕ ਬਣਾਉਣ ਦਾ ਪ੍ਰਭਾਵਸ਼ਾਲੀ ਮਾਧਿਅਮ : ਮੋਹਿੰਦਰ ਭਗਤ



**ਜਲੰਧਰ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਭਾਰਗਵ ਕੈਂਪ, ਵਾਰਡ ਨੰਬਰ 44 ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਇਲਾਕਾ ਵਾਸੀਆਂ ਨਾਲ ਰੂ-ਬਰੂ ਹੁੰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ।

ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮ ਸਰਕਾਰ ਅਤੇ ਲੋਕਾਂ ਵਿਚਕਾਰ ਸਿੱਧਾ ਸੰਪਰਕ ਬਣਾਉਣ ਦਾ ਪ੍ਰਭਾਵਸ਼ਾਲੀ ਮਾਧਿਅਮ ਹਨ, ਜਿਸ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਨੋਟਿਸ ਲੈ ਕੇ ਢੁਕਵੇਂ ਹੱਲ ਲਈ ਸਬੰਧਿਤ ਵਿਭਾਗਾਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਜਾਂਦੇ ਹਨ।

ਸ਼੍ਰੀ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਮ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਪ੍ਰਦਾਨ ਕਰਨ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਸਮਾਂਬੱਧ ਹੱਲ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਉਦੇਸ਼ ਹਰ ਵਾਰਡ ਅਤੇ ਹਰ ਮੁਹੱਲੇ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣਾ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿਥੇ ਵਿਕਾਸ ਦੀ ਰਫ਼ਤਾਰ ਨੂੰ ਤੇਜ਼ ਕੀਤਾ ਗਿਆ ਹੈ ਉਥੇ ਲੋਕ ਹਿੱਤ ਨਾਲ ਜੁੜੇ ਮਾਮਲਿਆਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਯਕੀਨੀ ਬਣਾਇਆ ਜਾ ਰਿਹਾ ਹੈ।

ਇਸ ਮੌਕੇ ਇਲਾਕੇ ਦੇ ਲੋਕਾਂ ਨੇ ਸੜਕਾਂ, ਸੀਵਰੇਜ ਸਿਸਟਮ ਦੀ ਅਪਗ੍ਰੇਡੇਸ਼ਨ ਸਮੇਤ ਸਥਾਨਕ ਮੁੱਦੇ ਮੰਤਰੀ ਦੇ ਧਿਆਨ ਵਿੱਚ ਲਿਆਂਦੇ। ਉਨ੍ਹਾਂ ਇਲਾਕਾ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਸਾਰੇ ਜਾਇਜ਼ ਮੁੱਦਿਆਂ ਦਾ ਜਲਦ ਹੱਲ ਕਰਵਾਇਆ ਜਾਵੇਗਾ।

ਪ੍ਰੋਗਰਾਮ ਦੌਰਾਨ ਸਥਾਨਕ ਲੋਕਾਂ ਵੱਲੋਂ ਇਲਾਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਹੋਰ ਲੋੜਾਂ ਬਾਰੇ ਵੀ ਕੈਬਨਿਟ ਮੰਤਰੀ ਨੂੰ ਜਾਣੂ ਕਰਵਾਇਆ ਗਿਆ। ਜਿਸ 'ਤੇ ਸ਼੍ਰੀ ਭਗਤ ਨੇ ਸਬੰਧਿਤ ਅਧਿਕਾਰੀਆਂ ਰਾਹੀਂ ਯੋਗ ਕਾਰਵਾਈ ਦਾ ਭਰੋਸਾ ਦਿਵਾਇਆ।

# ਪੰਜਾਬ ਕਾਂਗਰਸ ਦੇ ਸੋਸ਼ਲ ਮੀਡੀਆ ਹੈਂਡਲਾਂ 'ਤੇ ਨਹੀਂ ਦਿਖੀਆਂ 'ਵੜਿੰਗ-ਵਿਰੋਧੀ' ਧੜੇ ਦੀਆਂ ਤਸਵੀਰਾਂ

**ਚੰਡੀਗੜ੍ਹ, 13 ਜੁਲਾਈ**
**-ਸੰਜੀਵ ਸ਼ਰਮਾ-**

ਬੀਤੇ ਦਿਨ ਵਿਧਾਇਕ ਰਾਣਾ ਗੁਰਜੀਤ ਸਿੰਘ ਦੇ ਘਰ ਕਾਂਗਰਸੀ ਲੀਡਰਾਂ ਦੀ ਇੱਕ ਅਹਿਮ ਮੀਟਿੰਗ ਹੋਈ ਸੀ, ਜਿਸ ਤੋਂ ਬਾਅਦ ਪੰਜਾਬ ਕਾਂਗਰਸ ਦੇ ਆਗੂਆਂ ਵਿੱਚ ਏਕਤਾ ਹੋਣ ਦੇ ਦਾਅਵੇ ਕੀਤੇ ਜਾ ਰਹੇ ਹਨ। ਪਰ ਇਸੇ ਦੌਰਾਨ ਐਤਵਾਰ ਨੂੰ ਪਾਰਟੀ ਦੇ ਅੰਦਰੂਨੀ ਹਲਕਿਆਂ ਵਿੱਚ ਇਸ ਗੱਲ ਦੀ ਕਾਫ਼ੀ ਚਰਚਾ ਰਹੀ ਕਿ ਪੰਜਾਬ ਕਾਂਗਰਸ ਦੇ ਅਧਿਕਾਰਤ ਸੋਸ਼ਲ ਮੀਡੀਆ ਪੇਜ 'ਤੇ ਇਸ ਅਹਿਮ ਮੀਟਿੰਗ ਦੀਆਂ ਤਸਵੀਰਾਂ ਨਜ਼ਰ ਨਹੀਂ ਆਈਆਂ।

ਦਰਅਸਲ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੂਪੇਸ਼ ਬਘੇਲ ਨਾਲ 'ਵੜਿੰਗ-ਵਿਰੋਧੀ' ਪਾਰਟੀ ਆਗੂਆਂ ਦੀ ਕੱਲ੍ਹ ਹੋਈ ਮੀਟਿੰਗ ਦੀ ਨਾ ਤਾਂ ਕੋਈ ਤਸਵੀਰ ਭੂਪੇਸ਼ ਬਘੇਲ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ 'ਤੇ ਸਾਂਝੀ ਕੀਤੀ ਅਤੇ ਨਾ ਹੀ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ (PPCC) ਨੇ ਇਸ ਮੀਟਿੰਗ ਦੀਆਂ ਤਸਵੀਰਾਂ ਜਾਂ ਵੀਡੀਓਜ਼ ਸਾਂਝੀਆਂ ਕੀਤੀਆਂ ਹਨ।

ਆਪਣੇ ਪੂਰੇ ਪੰਜਾਬ ਦੌਰੇ ਦੌਰਾਨ, ਭੂਪੇਸ਼ ਬਘੇਲ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ (PPCC) ਦੇ ਅਧਿਕਾਰਤ ਸੋਸ਼ਲ ਮੀਡੀਆ ਹੈਂਡਲਾਂ ਨੇ ਪਾਰਟੀ ਆਗੂਆਂ ਦੀ ਲਗਪਗ ਹਰ ਮੀਟਿੰਗ, ਗੱਲਬਾਤ ਅਤੇ ਰਾਤ ਦੇ ਖਾਣੇ (ਡਿਨਰ) ਦੀਆਂ ਤਸਵੀਰਾਂ, ਵੀਡੀਓਜ਼ ਅਤੇ ਅਪਡੇਟ ਨਿਯਮਿਤ ਤੌਰ 'ਤੇ ਸਾਂਝੇ ਕੀਤੇ ਸਨ।

ਨਾਮ ਨਾ ਛਾਪਣ ਦੀ ਸ਼ਰਤ 'ਤੇ ਕਾਂਗਰਸ ਦੇ ਇੱਕ ਸੀਨੀਅਰ ਆਗੂ ਨੇ ਦੱਸਿਆ ਕਿ ਰਾਣਾ ਗੁਰਜੀਤ ਸਿੰਘ ਦੇ ਘਰ ਹੋਈ ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਆਗੂ ਪਹੁੰਚੇ ਸਨ ਅਤੇ ਸਿਆਸੀ ਤੌਰ 'ਤੇ ਵੀ ਇਹ ਬਹੁਤ ਅਹਿਮ ਇਕੱਠ ਸੀ। ਪਰ ਇਸ ਦੇ ਬਾਵਜੂਦ, ਪਾਰਟੀ ਦੇ ਦੋਵਾਂ ਵਿੱਚੋਂ ਕਿਸੇ ਵੀ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਇਸ ਨਾਲ ਜੁੜੀ ਕੋਈ ਤਸਵੀਰ, ਵੀਡੀਓ ਜਾਂ ਕੋਈ ਅਧਿਕਾਰਤ ਜਾਣਕਾਰੀ ਸਾਂਝੀ ਨਹੀਂ ਕੀਤੀ ਗਈ ਹੈ। ਸਿਆਸੀ ਮਾਹਰਾਂ ਦਾ ਮੰਨਣਾ ਹੈ ਕਿ ਪਾਰਟੀ ਦੇ ਅਧਿਕਾਰਤ ਪੇਜਾਂ ਤੋਂ ਆਉਣ ਵਾਲੀ ਜਾਣਕਾਰੀ ਪਾਰਟੀ ਦਾ ਅਸਲ ਸੰਦੇਸ਼ ਲੋਕਾਂ ਤੱਕ ਪਹੁੰਚਾਉਣ ਅਤੇ ਅਫ਼ਵਾਹਾਂ ਨੂੰ ਰੋਕਣ ਵਿੱਚ ਬਹੁਤ ਮਦਦ ਕਰਦੀ ਹੈ। ਇਸੇ ਕਰਕੇ, ਇਸ ਖ਼ਾਸ ਮੀਟਿੰਗ ਨੂੰ ਲੈ ਕੇ ਧਾਰੀ ਗਈ ਚੁੱਪ ਨੇ ਕਈ ਸਵਾਲ ਖੜ੍ਹੇ ਕਰ ਦਿੱਤੇ ਹਨ ਕਿ ਕੀ ਤਸਵੀਰਾਂ ਨਾ ਪਾਉਣਾ ਸਿਰਫ਼ ਇੱਕ ਗਲਤੀ ਜਾਂ ਭੁੱਲ ਸੀ, ਜਾਂ ਫਿਰ ਇਹ ਸੋਚ-ਸਮਝ ਕੇ ਲਿਆ ਗਿਆ ਕੋਈ ਸਿਆਸੀ ਫੈਸਲਾ ਸੀ।

# ਪੰਜਾਬ 'ਚ ਸਰਕਾਰ ਬਣਾਉਣ ਲਈ ਬੀ.ਜੇ.ਪੀ. ਤਿਆਰ: ਪਰਨੀਤ ਕੌਰ



**ਪਟਿਆਲਾ, 13 ਜੁਲਾਈ**
**-ਛਤਰਪਾਲ ਸਿੰਘ-**

ਸਾਬਕਾ ਕੇਂਦਰੀ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਪਰਨੀਤ ਕੌਰ ਨੇ ਦਾਅਵਾ ਕੀਤਾ ਕਿ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਆਪਣੀ ਸਰਕਾਰ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਵਪੱਖੀ ਵਿਕਾਸ ਅਤੇ ਅਮਨ-ਕਾਨੂੰਨ ਦੀ ਵਿਵਸਥਾ ਨੂੰ ਦਰੁਸਤ ਰੱਖਣ ਲਈ ਸੂਬੇ ਦੇ ਲੋਕਾਂ ਨੇ ਹੁਣ ਭਾਜਪਾ 'ਤੇ ਟੇਕ ਲਾਈ ਹੋਈ ਹੈ। ਲੋਕ ਅਗਾਮੀ ਚੋਣਾਂ ਦੌਰਾਨ 'ਕਮਲ' ਦੇ ਨਿਸ਼ਾਨ 'ਤੇ ਮੋਹਰ ਲਾਉਣ ਲਈ ਉਤਸ਼ਾਹਿਤ ਹਨ। ਉਹ ਅੱਜ ਇੱਥੇ ਪਟਿਆਲਾ ਸ਼ਹਿਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਮੁੱਖ ਆਗੂ ਮਨਜੀਤ ਸਿੰਘ ਅਰਨੋ ਤੇ ਸਾਥੀਆਂ ਨੂੰ ਭਾਜਪਾ ਵਿੱਚ ਸ਼ਾਮਲ ਕਰਨ ਮੌਕੇ ਕਰਵਾਏ ਵਿਸ਼ੇਸ਼ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਭਾਜਪਾ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਸੰਜੀਵ ਕੁਮਾਰ ਗਰਗ, ਕੁਸ਼ਲ ਗਰੇਵਾਲ, ਹਰਤੇਜ ਸਿੰਘ, ਲਾਲ ਸਿੰਘ ਸੋਹੀ, ਰਮੇਸ਼ ਕੁਮਾਰ ਬੰਧੂ, ਪਵਨ ਕੁਮਾਰ, ਰਵਿੰਦਰ ਸਿੰਘ, ਜੌਨੀ ਵਰਮਾ, ਸਚਿਨ ਚਾਵਲਾ, ਨਿਰਮਲ ਸਿੰਘ ਤੇ ਸਰਬਜੀਤ ਸਿੰਘ ਆਦਿ ਮੌਜੂਦ ਹਨ। ਇਸ ਦੌਰਾਨ ਭਾਜਪਾ ਮਹਿਲਾ ਮੋਰਚਾ ਪੰਜਾਬ ਦੇ ਪ੍ਰਧਾਨ ਜੈ ਇੰਦਰ ਕੌਰ ਨੇ ਵੀ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਸਿਰੋਪਾਓ ਪਾ ਕੇ ਨਿੱਘਾ ਸਵਾਗਤ ਕੀਤਾ। ਪਰਨੀਤ ਕੌਰ ਨੇ ਕਿਹਾ ਕਿ ਪਟਿਆਲਾ ਦੇ ਸਿਆਸੀ ਆਗੂਆਂ ਦਾ ਵੱਡੀ ਗਿਣਤੀ ਵਿੱਚ ਭਾਜਪਾ 'ਚ ਸ਼ਾਮਲ ਹੋਣਾ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ ਕਿ ਲੋਕ ਹੁਣ ਸੂਬੇ ਵਿੱਚ ਸਕਾਰਾਤਮਕ ਬਦਲਾਅ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਹੀ ਦੂਜੀਆਂ ਪਾਰਟੀਆਂ ਦੇ ਆਗੂ ਲਗਾਤਾਰ ਭਾਜਪਾ ਨਾਲ ਜੁੜ ਰਹੇ ਹਨ।

ਇਸੇ ਤਰ੍ਹਾਂ ਜੈ ਇੰਦਰ ਕੌਰ ਨੇ ਕਿਹਾ ਕਿ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਸਿਰਫ਼ ਭਾਜਪਾ ਦੇ ਹੱਥਾਂ ਵਿੱਚ ਹੀ ਸੁਰੱਖਿਅਤ ਹੈ। ਇਸ ਮੌਕੇ ਭਾਜਪਾ ਦੇ ਸ਼ਹਿਰੀ ਪ੍ਰਧਾਨ ਵਿਜੇ ਕੂਕਾ, ਹੈਪੀ ਸ਼ਰਮਾ, ਮੰਡਲ ਪ੍ਰਧਾਨ ਸੰਦੀਪ ਯਾਦਵ, ਹਰਦੇਵ ਬੱਲੀ, ਤਰਲੋਚਨ ਸ਼ੇਰਗੜ੍ਹ, ਸੂਬਾ ਸਿੰਘ ਵੜੈਚ, ਨਿਰੰਕਾਰ ਸੰਧੂ, ਮੁਖਤਾਰ ਸਿੰਘ ਆਦਿ ਵੀ ਹਾਜ਼ਰ ਸਨ।

# ਹੈਲਥ ਅਵੇਅਰਨੈੱਸ ਸੁਸਾਇਟੀ ਬਾਰਾਂਦਰੀ ਗਾਰਡਨ ਵੱਲੋਂ ਸਾਲਾਨਾ ਜਨਰਲ ਇਜਲਾਸ ਆਯੋਜਿਤ




**ਪਟਿਆਲਾ, 13 ਜੁਲਾਈ**
**-ਬਲਜੀਤ ਸਰਨਾ-**

ਹੈਲਥ ਅਵੇਅਰਨੈੱਸ ਸੁਸਾਇਟੀ, ਬਾਰਾਂਦਰੀ ਗਾਰਡਨ ਵੱਲੋਂ 13 ਜੁਲਾਈ 2026 ਨੂੰ ਸ਼੍ਰੀਮਤੀ ਅਮਰਜੀਤ ਕੌਰ ਚੋਪੜਾ ਦੇ ਨਿਵਾਸ ਵਿਖੇ ਸਾਲਾਨਾ ਜਨਰਲ ਇਜਲਾਸ (17$) ਦਾ ਆਯੋਜਨ ਕੀਤਾ ਗਿਆ। ਪ੍ਰਧਾਨ ਸ਼੍ਰੀ ਜਸਵੰਤ ਸਿੰਘ ਕੌਲੀ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਸਮੁੱਚੀ ਲੀਡਰਸ਼ਿਪ ਨੇ ਪਿਛਲੇ ਸਾਲ ਦੀਆਂ ਪ੍ਰਾਪਤੀਆਂ ਦੀ ਸਮੀਖਿਆ ਕੀਤੀ ਅਤੇ ਆਗਾਮੀ ਸਾਲ ਲਈ ਸਿਹਤ ਰਣਨੀਤੀਆਂ ਉਲੀਕੀਆਂ। ਮੀਟਿੰਗ ਦੀ ਸ਼ੁਰੂਆਤ ਸਾਬਕਾ ਵਿੱਤ ਸਕੱਤਰ ਸਵਰਗੀ ਸ਼੍ਰੀ ਐੱਮ.ਐੱਸ. ਸੋਹਲ ਨੂੰ ਸ਼ਰਧਾਂਜਲੀ ਦੇਣ ਲਈ ਇੱਕ ਮਿੰਟ ਦਾ ਮੋਨ ਧਾਰਨ ਕਰਕੇ ਕੀਤੀ ਗਈ।

ਪ੍ਰਧਾਨ ਸ਼੍ਰੀ ਕੌਲੀ ਨੇ ਵਿੱਤੀ ਸਾਲ 2025-26 ਦੀ ਪ੍ਰਗਤੀ ਰਿਪੋਰਟ ਪੇਸ਼ ਕੀਤੀ ਅਤੇ ਪ੍ਰੋਫੈਸਰ ਡਾ. ਗਜ਼ਲ ਪ੍ਰੀਤ ਸਿੰਘ ਨੂੰ ਸੁਸਾਇਟੀ ਦਾ ਨਵਾਂ ਮੈਂਬਰ ਤੇ ਪਬਲਿਕ ਰਿਲੇਸ਼ਨ ਅਫ਼ਸਰ (PRO) ਨਿਯੁਕਤ ਕਰਨ ਦਾ ਐਲਾਨ ਕੀਤਾ। ਸਾਲ 2026-27 ਦੀ ਰੂਪ-ਰੇਖਾ ਤਹਿਤ ਸਲਾਹਕਾਰ ਸ਼੍ਰੀ ਸਵਰਨ ਸਿੰਘ ਮਾਨ ਨੇ ਪੇਂਡੂ ਖੇਤਰਾਂ ਵਿੱਚ ਜਾਗਰੂਕਤਾ ਵਧਾਉਣ, ਸਲਾਹਕਾਰ ਡਾ. ਜੀ. ਐੱਸ. ਆਨੰਦ ਨੇ ਯੋਜਨਾਬੱਧ ਸਿਹਤ ਕੈਂਪ ਲਗਾਉਣ ਅਤੇ ਮੀਤ ਪ੍ਰਧਾਨ ਸ਼੍ਰੀਮਤੀ ਰਣਜੀਤ ਕੌਰ ਨੇ ਵਿੱਤੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਸੁਝਾਅ ਦਿੱਤੇ।

ਜਨਰਲ ਸਕੱਤਰ ਸ਼੍ਰੀ ਤਾਰਾ ਸਿੰਘ ਭਾਮਰਾ ਨੇ ਮੈਂਬਰਾਂ ਦੇ ਸਮਰਪਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਗਲੋਬਲ ਹੈਲਥ ਸਿਕਊਰਿਟੀ ਇੰਡੈਕਸ ਵਿੱਚ ਭਾਰਤ ਦੇ ਰੈਂਕ ਨੂੰ ਹੋਰ ਉੱਚਾ ਚੁੱਕਣ ਵਿੱਚ ਮਦਦਗਾਰ ਸਾਬਤ ਹੋਣਗੀਆਂ। ਇਸ ਮੀਟਿੰਗ ਦੌਰਾਨ ਸੁਸਾਇਟੀ ਦੇ ਕਾਰਜਕਾਰੀ ਮੈਂਬਰ ਸ਼੍ਰੀ ਗੀਤਇੰਦਰ ਸਿੰਘ ਅਤੇ ਸ਼੍ਰੀ ਇੰਦਰਜੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਅੰਤ ਵਿੱਚ, ਪ੍ਰਧਾਨ ਕੌਲੀ ਨੇ ਬਿਹਤਰੀਨ ਪ੍ਰਬੰਧਾਂ ਲਈ ਮੇਜ਼ਬਾਨ ਦਾ ਵਿਸ਼ੇਸ਼ ਧੰਨਵਾਦ ਕੀਤਾ।

# ਮੀਡੀਆ ਲੋਕਤੰਤਰ ਦੀ ਮਜ਼ਬੂਤ ਬੁਨਿਆਦ: ਰੱਖੜਾ



**ਸਮਾਣਾ 13 ਜੁਲਾਈ**
**-ਜਗਦੇਵ ਸਿੰਘ ਜੱਗੀ-**

ਇੱਥੇ ਵਿਕਰਮਜੀਤ ਸਿੰਘ ਮਣਕੂ ਵੱਲੋਂ ਕਰਵਾਏ ਵਿਸ਼ੇਸ਼ ਮੀਡੀਆ ਮਿਲਣੀ ਪ੍ਰੋਗਰਾਮ ਦੌਰਾਨ ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਨੇ ਸ਼ਿਰਕਤ ਕੀਤੀ। ਇਸ ਦੌਰਾਨ ਉਨ੍ਹਾਂ ਪੱਤਰਕਾਰ ਭਾਈਚਾਰੇ ਨਾਲ ਰੂ-ਬ-ਰੂ ਹੁੰਦਿਆਂ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਗੰਭੀਰਤਾ ਨਾਲ ਸੁਣੀਆਂ। ਇਸ ਦੇ ਨਾਲ ਹੀ ਉਨ੍ਹਾਂ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਹਲਕਾ ਸਮਾਣਾ ਵਿੱਚ ਕਰਵਾਏ ਜਾ ਰਹੇ ਮੌਜੂਦਾ ਵਿਕਾਸ ਕਾਰਜਾਂ ਅਤੇ ਆਉਣ ਵਾਲੇ ਸਮੇਂ ਦੀਆਂ ਪ੍ਰਮੁੱਖ ਯੋਜਨਾਵਾਂ ਬਾਰੇ ਚਰਚਾ ਕੀਤੀ।

ਮੀਡੀਆ ਦੇ ਮਹੱਤਵ 'ਤੇ ਜ਼ੋਰ ਦਿੰਦਿਆਂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਮੀਡੀਆ ਲੋਕਾਂ ਦੀਆਂ ਮੁਸ਼ਕਲਾਂ ਅਤੇ ਉਨ੍ਹਾਂ ਦੀ ਆਵਾਜ਼ ਨੂੰ ਸਰਕਾਰ ਤੱਕ ਪਹੁੰਚਾਉਣ ਦਾ ਸਭ ਤੋਂ ਮਜ਼ਬੂਤ ਜ਼ਰੀਆ ਹੈ, ਜਿਸ ਕਾਰਨ ਇਸ ਨੂੰ ਲੋਕਤੰਤਰ ਦੀ ਮਜ਼ਬੂਤ ਨੀਂਹ ਅਤੇ ਚੌਥਾ ਥੰਮ੍ਹ ਮੰਨਿਆ ਜਾਂਦਾ ਹੈ।

# ਬੀ.ਐਲ.ਓਜ਼ ਵੱਲੋਂ ਘਰ-ਘਰ ਗਣਨਾ ਜਾ ਕੇ ਗਣਨਾ ਫਾਰਮ ਭਰਨ ਦਾ ਕਾਰਜ 24 ਜੁਲਾਈ ਤੱਕ ਰਹੇਗਾ ਜਾਰੀ : ਜ਼ਿਲ੍ਹਾ ਚੋਣ ਅ.ਫਸਰ



**ਜਲੰਧਰ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਧਿਕਾਰੀ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ.) ਤਹਿਤ ਜ਼ਿਲ੍ਹੇ ਭਰ ਦੇ ਸਾਰੇ ਬੂਥਾਂ 'ਤੇ ਲਗਾਏ ਗਏ ਦੋ ਦਿਨਾਂ ਵਿਸ਼ੇਸ਼ ਕੈਂਪਾਂ ਵਿੱਚ ਵੱਡੀ ਗਿਣਤੀ ਨਾਗਰਿਕਾਂ ਨੇ ਆਪਣੇ ਗਣਨਾ (ਇਨਿਊਮੀਰੇਸ਼ਨ) ਫਾਰਮ ਭਰ ਕੇ ਜਮ੍ਹਾ ਕਰਵਾਏ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਦੱਸਿਆ ਕਿ ਇਸ ਦੋ ਦਿਨਾਂ ਕੈਂਪ ਦੌਰਾਨ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼.) ਵੱਲੋਂ ਸਵੇਰੇ 8 ਤੋਂ ਦੁਪਹਿਰ 3 ਵਜੇ ਤੱਕ ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਮੌਜੂਦ ਰਹਿ ਕੇ ਗਣਨਾ ਫਾਰਮ ਭਰਨ ਅਤੇ ਜਮ੍ਹਾ ਕਰਵਾਉਣ ਦੀ ਪ੍ਰਕਿਰਿਆ ਵਿੱਚ ਵੋਟਰਾਂ ਨੂੰ ਪੂਰਾ ਸਹਿਯੋਗ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਵਿਸ਼ੇਸ਼ ਕੈਂਪਾਂ ਦਾ ਮੁੱਖ ਉਦੇਸ਼ ਗਣਨਾ ਫਾਰਮਾਂ ਦੀ ਭਰਵਾਈ, ਇਕੱਤਰਤਾ ਅਤੇ ਡਿਜੀਟਾਈਜ਼ੇਸ਼ਨ ਵਿੱਚ ਤੇਜ਼ੀ ਲਿਆਉਣਾ ਸੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਵੋਟਰਾਂ ਦੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਕੈਂਪਾਂ ਦੌਰਾਨ ਪ੍ਰਾਪਤ ਗਣਨਾ ਫਾਰਮਾਂ ਦੀ ਡਿਜ਼ੀਟਾਈਜ਼ੇਸ਼ਨ ਵੀ ਨਾਲੋ-ਨਾਲ ਯਕੀਨੀ ਬਣਾਈ ਗਈ। ਉਨ੍ਹਾਂ ਕਿਹਾ ਕਿ ਬੀ.ਐਲ.ਓਜ਼ ਵੱਲੋਂ ਘਰ-ਘਰ ਗਣਨਾ ਜਾ ਕੇ ਫਾਰਮ ਭਰਨ ਦਾ ਕਾਰਜ 24 ਜੁਲਾਈ 2026 ਤੱਕ ਜਾਰੀ ਰਹੇਗਾ। ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਜੇਕਰ ਕੋਈ ਯੋਗ ਵੋਟਰ ਕਿਸੇ ਕਾਰਨ ਅਜੇ ਤੱਕ ਆਪਣੇ ਗਣਨਾ ਫਾਰਮ ਨਹੀਂ ਭਰ ਸਕੇ ਤਾਂ ਉਹ ਬਿਨਾਂ ਕਿਸੇ ਦੇਰੀ ਤੋਂ ਆਪਣੇ ਸਬੰਧਤ ਬੀ.ਐਲ.ਓ. ਨਾਲ ਸੰਪਰਕ ਕਰਕੇ ਫਾਰਮ ਭਰਨ ਅਤੇ ਜਮ੍ਹਾ ਕਰਨ ਦੀ ਪ੍ਰਕਿਰਿਆ ਮੁਕੰਮਲ ਕਰਨ।

ਸ਼੍ਰੀ ਵਾਲੀਆ ਨੇ ਸਮੇਂ ਸਿਰ ਗਣਨਾ ਫਾਰਮ ਜਮ੍ਹਾ ਕਰਵਾਉਣ 'ਤੇ ਜ਼ੋਰ ਦਿੱਤਾ ਤਾਂ ਜੋ ਕੋਈ ਵੀ ਯੋਗ ਵੋਟਰ, ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ। ਉਨ੍ਹਾਂ ਦੱਸਿਆ ਕਿ ਐੱਸ.ਆਈ.ਆਰ.-2026 ਸਬੰਧੀ ਕਿਸੇ ਵੀ ਜਾਣਕਾਰੀ ਜਾਂ ਸਹਾਇਤਾ ਲਈ ਟੋਲ-ਫ੍ਰੀ ਨੰਬਰ 1950 'ਤੇ ਕਾਲ ਕਰਕੇ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ।



# ਹਰਿਆਣਾ ਖ਼ਬਰਨਾਮਾ



## ਨਸ਼ਾ ਸਿਰਫ ਕਾਨੂੰਨ-ਵਿਵਸਥਾ ਨਹੀਂ, ਸਮਾਜ, ਪਰਿਵਾਰ ਅਤੇ ਰਾਸ਼ਟਰ ਨਿਰਮਾਣ ਦਾ ਵਿਸ਼ਾ, ਜਨ-ਭਾਗੀਦਾਰੀ ਨਾਲ ਬਣੇਗਾ ਨਸ਼ਾ ਮੁਕਤ ਹਰਿਆਣਾ : ਮੁੱਖ ਮੰਤਰੀ

**ਚੰਡੀਗੜ੍ਹ 13 ਜੁਲਾਈ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਨਸ਼ਾ ਸਿਰਫ ਕਾਨੂੰਨ-ਵਿਵਸਥਾ ਦੀ ਚੁਣੌਤੀ ਨਹੀਂ, ਸਗੋਂ ਸਮਾਜ, ਪਰਿਵਾਰ, ਸੱਭਿਆਚਾਰ ਅਤੇ ਰਾਸ਼ਟਰ ਨਿਰਮਾਣ ਨਾਲ ਜੁੜਿਆ ਬੇਹੱਦ ਗੰਭੀਰ ਵਿਸ਼ਾ ਹੈ। ਸਰਕਾਰ ਕਾਨੂੰਨ ਬਣਾ ਕੇ ਅਤੇ ਪੁਲਿਸ ਕਾਰਵਾਈ ਕਰਕੇ ਨਸ਼ੇ ਦੇ ਕਾਰੋਬਾਰ 'ਤੇ ਰੋਕ ਲਗਾ ਸਕਦੀ ਹੈ, ਪਰ ਇਸ ਬੁਰਾਈ ਦਾ ਸਥਾਈ ਹੱਲ ਤਾਂ ਹੀ ਸੰਭਵ ਹੈ, ਜਦੋਂ ਪੂਰਾ ਸਮਾਜ ਇਸ ਦੇ ਵਿਰੁੱਧ ਇੱਕਜੁੱਟ ਹੋ ਕੇ ਜਨ-ਅੰਦੋਲਨ ਖੜ੍ਹਾ ਕਰੇ। ਉਨ੍ਹਾਂ ਕਿਹਾ ਕਿ 'ਹਰਿਆਣਾ ਉਦੈ' ਮੁਹਿੰਮ ਤਹਿਤ ਕਮਿਊਨਿਟੀ ਪੁਲਿਸਿੰਗ ਅਤੇ ਜਨ-ਸਹਿਭਾਗਿਤਾ ਨੂੰ ਮਜ਼ਬੂਤ ਕਰਦੇ ਹੋਏ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਵਿਆਪਕ ਜਨ-ਜਾਗਰਣ ਮੁਹਿੰਮ ਚਲਾਈ ਜਾਵੇਗੀ।

ਮੁੱਖ ਮੰਤਰੀ ਸ਼ਨੀਵਾਰ ਨੂੰ ਪੰਚਕੂਲਾ ਵਿੱਚ 'ਹਰਿਆਣਾ ਉਦੈ' ਮੁਹਿੰਮ ਤਹਿਤ 'ਨਸ਼ਾ ਮੁਕਤ ਹਰਿਆਣਾ ਲਈ ਐਨਜੀਓ ਅਤੇ ਕੈਮਿਸਟ ਐਸੋਸੀਏਸ਼ਨਾਂ ਨਾਲ ਸੰਵਾਦ' ਪ੍ਰੋਗਰਾਮ ਨੂੰ ਸੰਬੋਧਿਤ ਕਰ ਰਹੇ ਸਨ। ਮੁੱਖ ਮੰਤਰੀ ਨੇ ਪ੍ਰੋਗਰਾਮ ਵਿੱਚ ਆਏ ਸਾਰੇ ਲੋਕਾਂ ਨੂੰ ਨਸ਼ਾ ਵਿਰੋਧੀ ਸਹੁੰ ਵੀ ਚੁਕਾਈ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਵਿਕਸਿਤ ਭਾਰਤ ਦੇ ਨਿਰਮਾਣ ਦਾ ਟੀਚਾ ਲੈ ਕੇ ਦੇਸ਼ ਅੱਗੇ ਵਧ ਰਿਹਾ ਹੈ। ਇਸ ਟੀਚੇ ਦੀ ਪ੍ਰਾਪਤੀ ਤਾਂ ਹੀ ਸੰਭਵ ਹੈ, ਜਦੋਂ ਦੇਸ਼ ਅਤੇ ਸੂਬੇ ਦੇ ਨੌਜਵਾਨ ਨਸ਼ੇ ਤੋਂ ਮੁਕਤ ਹੋ ਕੇ ਆਪਣੀ ਊਰਜਾ ਰਾਸ਼ਟਰ ਨਿਰਮਾਣ ਵਿੱਚ ਲਗਾਉਣ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਹਰਿਆਣਾ ਸਿਰਫ ਇੱਕ ਸਮਾਜਿਕ ਮੁਹਿੰਮ ਨਹੀਂ, ਸਗੋਂ ਵਿਕਸਿਤ ਹਰਿਆਣਾ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਦੀ ਮਜ਼ਬੂਤ ਨੀਂਹ ਹੈ। ਸਰਕਾਰ ਇਸ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ ਅਤੇ ਸਮਾਜ ਦੇ ਹਰ ਵਰਗ ਦੇ ਸਹਿਯੋਗ ਨਾਲ ਇਸ ਮੁਹਿੰਮ ਨੂੰ ਜਨ-ਅੰਦੋਲਨ ਬਣਾਇਆ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਾ ਮੁਕਤ ਹਰਿਆਣਾ ਦਾ ਇਹ ਸੰਕਲਪ ਸਿਰਫ ਮੌਜੂਦਾ ਦੀ ਲੋੜ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਤੈਅ ਕਰਨ ਵਾਲੀ ਮੁਹਿੰਮ ਹੈ। ਉਨ੍ਹਾਂ ਕਿਹਾ ਕਿ ਜੋ ਵੀ ਵਿਅਕਤੀ, ਸੰਸਥਾ, ਸਮਾਜਿਕ ਸੰਗਠਨ, ਕੈਮਿਸਟ, ਪੁਲਿਸ ਅਧਿਕਾਰੀ ਜਾਂ ਨਾਗਰਿਕ ਇਸ ਮੁਹਿੰਮ ਵਿੱਚ ਸਹਿਯੋਗ ਕਰ ਰਿਹਾ ਹੈ, ਉਹ ਭਵਿੱਖ ਦੇ ਸੁਰੱਖਿਅਤ, ਸਿਹਤਮੰਦ ਅਤੇ ਮਜਬੂਤ ਹਰਿਆਣਾ ਦੇ ਨਿਰਮਾਣ ਵਿੱਚ ਮਹੱਤਵਪੂਰਨ ਯੋਗਦਾਨ ਦੇ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦਾ ਇਹ ਸੰਵਾਦ ਸਿਰਫ ਇੱਕ ਸਰਕਾਰੀ ਪ੍ਰੋਗਰਾਮ ਨਹੀਂ, ਸਗੋਂ ਉਸ ਸੰਕਲਪ ਦਾ ਐਲਾਨ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਤੈਅ ਕਰੇਗਾ। ਇਹ ਅਜਿਹੇ ਹਰਿਆਣਾ ਦੇ ਨਿਰਮਾਣ ਦੀ ਮੁਹਿੰਮਹੈ, ਜਿੱਥੇ ਨੌਜਵਾਨਾਂ ਦੀਆਂ ਅੱਖਾਂ ਵਿੱਚ ਰਾਸ਼ਟਰ ਨਿਰਮਾਣ ਦਾ ਸੁਪਨਾ ਹੋਵੇਗਾ। ਉਨ੍ਹਾਂ ਇਸ ਮੁਹਿੰਮ ਨਾਲ ਜੁੜੇ ਸਾਰੇ ਸਵੈ-ਸੇਵੀ ਸੰਗਠਨਾਂ, ਸਮਾਜਿਕ ਕਾਰਕੁੰਨਾਂ, ਕੈਮਿਸਟ ਭਾਈਚਾਰੇ, ਪੁਲਿਸ ਅਧਿਕਾਰੀਆਂ ਅਤੇ ਜਾਗਰੂਕ ਨਾਗਰਿਕਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਹਰ ਨਾਗਰਿਕ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਾ ਅਜਿਹੀ ਸਮਾਜਿਕ ਬੁਰਾਈ ਹੈ, ਜੋ ਵਿਅਕਤੀ ਨੂੰ ਪਤਨ ਵੱਲ ਲੈ ਜਾਂਦੀ ਹੈ। ਇਹ ਸਿਰਫ ਸਰੀਰ ਨੂੰ ਹੀ ਨਹੀਂ, ਸਗੋਂ ਆਤਮ-ਵਿਸ਼ਵਾਸ, ਪਰਿਵਾਰ, ਸੰਸਕਾਰ ਅਤੇ ਸਮਾਜਿਕ ਮੁੱਲਾਂ ਨੂੰ ਵੀ ਤੋੜ ਦਿੰਦਾ



ਹੈ ਅਤੇ ਅੰਤ ਵਿੱਚ ਰਾਸ਼ਟਰ ਦੀ ਊਰਜਾ ਨੂੰ ਕਮਜ਼ੋਰ ਕਰਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਦੁਨੀਆ ਦਾ ਸਭ ਤੋਂ ਨੌਜਵਾਨ ਦੇਸ਼ ਹੈ ਅਤੇ ਹਰਿਆਣਾ ਦੇਸ਼ ਦੀ ਸਭ ਤੋਂ ਊਰਜਾਵਾਨ ਧਰਤੀ ਹੈ। ਸੂਬੇ ਦੇ ਨੌਜਵਾਨਾਂ ਨੇ ਖੇਡਾਂ, ਸਿੱਖਿਆ, ਵਿਗਿਆਨ, ਉਦਯੋਗ ਅਤੇ ਕਈ ਖੇਤਰਾਂ ਵਿੱਚ ਦੇਸ਼ ਅਤੇ ਦੁਨੀਆ ਵਿੱਚ ਹਰਿਆਣਾ ਦਾ ਨਾਮ ਰੌਸ਼ਨ ਕੀਤਾ ਹੈ। ਅਜਿਹੇ ਵਿੱਚ ਜੇਕਰ ਇਹੀ ਨੌਜਵਾਨ ਨਸ਼ੇ ਦੀ ਗ੍ਰਿਫ਼ਤ ਵਿੱਚ ਚਲਾ ਜਾਵੇ ਤਾਂ ਇਹ ਸਿਰਫ ਇੱਕ ਵਿਅਕਤੀ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਹਾਰ ਹੋਵੇਗੀ।

ਉਨ੍ਹਾਂ ਕਿਹਾ ਕਿ ਨਸ਼ਾ ਸਿਰਫ ਇੱਕ ਵਿਅਕਤੀ ਦਾ ਜੀਵਨ ਬਰਬਾਦ ਨਹੀਂ ਕਰਦਾ, ਸਗੋਂ ਇੱਕ ਮਾਂ ਦੀ ਮੁਸਕਾਨ, ਪਿਤਾ ਦਾ ਸਹਾਰਾ, ਭੈਣ ਦੀ ਸੁਰੱਖਿਆ, ਪਤਨੀ ਦਾ ਵਿਸ਼ਵਾਸ ਅਤੇ ਬੱਚਿਆਂ ਦਾ ਭਵਿੱਖ ਵੀ ਖੋਹ ਲੈਂਦਾ ਹੈ। ਇਸ ਲਈ ਨਸ਼ੇ ਵਿਰੁੱਧ ਸੰਘਰਸ਼ ਸਿਰਫ ਕਾਨੂੰਨ-ਵਿਵਸਥਾ ਦਾ ਵਿਸ਼ਾ ਨਹੀਂ, ਸਗੋਂ ਮਨੁੱਖਤਾ, ਪਰਿਵਾਰ, ਸੱਭਿਆਚਾਰ ਅਤੇ ਰਾਸ਼ਟਰ ਨਿਰਮਾਣ ਦਾ ਵਿਸ਼ਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਜਦੋਂ-ਜਦੋਂ ਸਮਾਜ ਨੇ ਕਿਸੇ ਬੁਰਾਈ ਦੇ ਵਿਰੁੱਧ ਸਮੂਹਿਕ ਸੰਕਲਪ ਲਿਆ ਹੈ, ਉਦੋਂ-ਉਦੋਂ ਅਸੰਭਵ ਵੀ ਸੰਭਵ ਹੋਇਆ ਹੈ। ਮਹਾਤਮਾ ਗਾਂਧੀ ਨੇ ਸੁਤੰਤਰਤਾ ਅੰਦੋਲਨ ਨੂੰ ਜਨ-ਅੰਦੋਲਨ ਬਣਾਇਆ ਅਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਸਵੱਛ ਭਾਰਤ ਮੁਹਿੰਮ ਰਾਹੀਂ ਕਰੋੜਾਂ ਲੋਕਾਂ ਨੂੰ ਜਨ-ਭਾਗੀਦਾਰੀ ਨਾਲ ਜੋੜਿਆ। ਇਸੇ ਤਰ੍ਹਾਂ ਹੁਣ ਨਸ਼ੇ ਦੇ ਵਿਰੁੱਧ ਵੀ ਵਿਆਪਕ ਜਨ-ਅੰਦੋਲਨ ਖੜ੍ਹਾ ਕਰਨ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਕਾਨੂੰਨ ਬਣਾ ਸਕਦੀ ਹੈ, ਪੁਲਿਸ ਅਪਰਾਧੀਆਂ ਦੇ ਵਿਰੁੱਧ ਕਾਰਵਾਈ ਕਰ ਸਕਦੀ ਹੈ ਅਤੇ ਅਦਾਲਤਾਂ ਨਿਆਂ ਯਕੀਨੀ ਬਣਾ ਸਕਦੀਆਂ ਹਨ, ਪਰ ਸਮਾਜ ਦੀ ਸੋਚ ਨੂੰ ਬਦਲਣ ਦਾ ਕੰਮ ਖੁਦ ਸਮਾਜ ਹੀ ਕਰ ਸਕਦਾ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੂਬੇ ਭਰ ਤੋਂ ਆਏ ਸਵੈ-ਸੇਵੀ ਸੰਗਠਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਸੇਵਾ ਸਿਰਫ ਇੱਕ ਜ਼ਿੰਮੇਵਾਰੀ ਨਹੀਂ, ਸਗੋਂ ਲੋਕ-ਭਲਾਈ ਦੀ ਸਰਵਉੱਚ ਪਰੰਪਰਾ ਹੈ। ਜਿੱਥੇ ਸਰਕਾਰ ਦੀ ਪਹੁੰਚ ਸੀਮਤ ਹੁੰਦੀ ਹੈ, ਉੱਥੇ ਸਵੈ-ਸੇਵੀ ਸੰਗਠਨ ਸਮਾਜ ਦੇ ਆਖਰੀ ਵਿਅਕਤੀ ਤੱਕ ਪਹੁੰਚਦੇ ਹਨ। ਜਦੋਂ ਕੋਈ ਨੌਜਵਾਨ ਨਿਰਾਸ਼ਾ ਜਾਂ ਨਸ਼ੇ ਦੀ ਗ੍ਰਿਫ਼ਤ ਵਿੱਚ ਟੁੱਟਣ ਲੱਗਦਾ ਹੈ, ਤਦ ਸਮਾਜ ਸੇਵੀ ਸੰਗਠਨ ਉਸਦਾ ਹੱਥ ਫੜ ਕੇ ਉਸਨੂੰ ਨਵੀਂ ਦਿਸ਼ਾ ਦੇਣ ਦਾ ਕੰਮ ਕਰਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸਮਾਜ ਦੀ ਭਲਾਈ ਲਈ ਨਿਰਸਵਾਰਥ ਭਾਵ ਨਾਲ ਕੰਮ ਕਰਨਾ ਭਾਰਤੀ ਸੱਭਿਆਚਾਰ ਦੀ ਪਛਾਣ ਹੈ ਅਤੇ ਸੂਬੇ ਦੇ ਸਵੈ-ਸੇਵੀ ਸੰਗਠਨ ਇਸੇ ਪਰੰਪਰਾ ਨੂੰ ਅੱਗੇ ਵਧਾ ਰਹੇ ਹਨ। ਉਨ੍ਹਾਂ ਸਾਰੇ ਸਮਾਜਿਕ ਸੰਗਠਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤੀ ਮੁਹਿੰਮ ਨੂੰ ਜਨ-ਅੰਦੋਲਨ ਬਣਾਉਣ ਲਈ ਪਿੰਡ-ਪਿੰਡ, ਵਾਰਡ-ਵਾਰਡ ਅਤੇ ਮੁਹੱਲਿਆਂ ਤੱਕ ਪਹੁੰਚਣ ਅਤੇ ਸਕੂਲਾਂ, ਕਾਲਜਾਂ ਅਤੇ ਖੇਡ ਮੈਦਾਨਾਂ ਵਿੱਚ ਨੌਜਵਾਨਾਂ ਨਾਲ ਦੋਸਤਾਨਾ ਸੰਵਾਦ ਸਥਾਪਿਤ ਕਰਕੇ ਉਨ੍ਹਾਂ ਨੂੰ ਨਸ਼ੇ ਦੇ ਮੰਦੇ ਨਤੀਜਿਆਂ ਤੋਂ ਜਾਣੂ ਕਰਵਾਉਣ। ਉਨ੍ਹਾਂ ਕਿਹਾ ਕਿ ਕਈ ਵਾਰ ਨੌਜਵਾਨ ਹਾਲਾਤ ਦਾ ਸ਼ਿਕਾਰ ਹੋ ਜਾਂਦੇ ਹਨ, ਇਸ ਲਈ ਉਨ੍ਹਾਂ ਨੂੰ ਡਾਂਟਣ ਜਾਂ ਉਨ੍ਹਾਂ ਤੋਂ ਦੂਰੀ ਬਣਾਉਣ ਦੀ ਬਜਾਏ ਸਹੀ ਮਾਰਗਦਰਸ਼ਨ ਅਤੇ ਹਾਂਪੱਖੀ ਮਾਹੌਲ ਉਪਲਬਧ ਕਰਾਉਣਾ ਜ਼ਰੂਰੀ ਹੈ।

ਮੁੱਖ ਮੰਤਰੀ ਨੇ ਪ੍ਰੋਗਰਾਮ ਵਿੱਚ ਮੌਜੂਦ ਕੈਮਿਸਟ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਦੀ ਭੂਮਿਕਾ ਨੂੰ ਬੇਹੱਦ ਮਹੱਤਵਪੂਰਨ ਦੱਸਦਿਆਂ ਕਿਹਾ ਕਿ ਦਵਾਈ ਵਿਕਰੇਤਾ ਸਿਰਫ ਦਵਾਈਆਂ ਦਾ ਵਪਾਰ ਨਹੀਂ ਕਰਦੇ, ਸਗੋਂ ਸਮਾਜ ਦੀ ਸਿਹਤ ਅਤੇ ਵਿਸ਼ਵਾਸ ਦੀ ਰੱਖਿਆ ਵੀ ਕਰਦੇ ਹਨ। ਉਨ੍ਹਾਂ ਦੇ ਕਾਊਂਟਰ 'ਤੇ ਸਿਰਫ ਦਵਾਈਆਂ ਨਹੀਂ, ਸਗੋਂ ਲੋਕਾਂ ਦਾ ਵਿਸ਼ਵਾਸ ਵੀ ਰੱਖਿਆ ਹੁੰਦਾ ਹੈ।

ਉਨ੍ਹਾਂ ਕਿਹਾ ਕਿ ਨਸ਼ੇ ਲਈ ਦੁਰਉਪਯੋਗ ਹੋਣ ਵਾਲੀਆਂ ਦਵਾਈਆਂ ਦੀ ਵਿਕਰੀ ਦੌਰਾਨ ਹਰ ਕੈਮਿਸਟ ਨੂੰ ਪੂਰੀ ਚੌਕਸੀ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਨਾ ਚਾਹੀਦਾ ਹੈ। ਜੇਕਰ ਕੋਈ ਪਾਬੰਦੀਸ਼ੁਦਾ ਜਾਂ ਸੰਵੇਦਨਸ਼ੀਲ ਦਵਾਈ ਗਲਤ ਹੱਥਾਂ ਵਿੱਚ ਪਹੁੰਚ ਜਾਂਦੀ ਹੈ ਤਾਂ ਉਸਦਾ ਮਾੜਾ ਪ੍ਰਭਾਵ ਸਿਰਫ ਇੱਕ ਵਿਅਕਤੀ ਤੱਕ ਸੀਮਤ ਨਹੀਂ ਰਹਿੰਦਾ, ਸਗੋਂ ਪੂਰਾ ਪਰਿਵਾਰ ਅਤੇ ਸਮਾਜ ਪ੍ਰਭਾਵਿਤ ਹੁੰਦਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਹਰਿਆਣਾ ਦਾ ਕੈਮਿਸਟ ਸਮਾਜ ਆਪਣੀ ਸਮਾਜਿਕ ਜ਼ਿੰਮੇਵਾਰੀ ਦਾ ਪੂਰੀ ਨਿਸ਼ਠਾ ਨਾਲ ਨਿਭਾਉਂਦੇ ਹੋਏ ਇਹ ਯਕੀਨੀ ਬਣਾਏਗਾ ਕਿ ਦਵਾਈ ਜੀਵਨ ਬਚਾਉਣ ਦਾ ਸਰੋਤ ਬਣੇ, ਵਿਨਾਸ਼ ਦਾ ਨਹੀਂ।

## ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹਰਿਆਣਾ ਦੇ ਜੀਂਦ ਤੋਂ ਕਰਨਗੇ ਸਵੱਛ ਰੇਲ ਆਵਾਜਾਈ ਦੀ ਸ਼ੁਰੂਆਤ

**ਚੰਡੀਗੜ੍ਹ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ 17 ਜੁਲਾਈ ਨੂੰ ਦੇਸ਼ ਦੇ ਰੇਲ ਇਤਿਹਾਸ ਵਿੱਚ ਨਵਾਂ ਅਧਿਆਏ ਲਿਖਣ ਜਾ ਰਿਹਾ ਹੈ। ਇਸੇ ਦਿਨ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜੀਂਦ ਤੋਂ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਦੀ ਸ਼ੁਰੂਆਤ ਕਰਨਗੇ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਭਾਰਤ ਆਧੁਨਿਕ ਤਕਨੀਕ ਅਤੇ ਵਿਸ਼ਵ ਪੱਧਰੀ ਬੁਨਿਆਦੀ ਢਾਂਚੇ ਵੱਲ ਤੇਜ਼ੀ ਨਾਲ ਵਧ ਰਿਹਾ ਹੈ। ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਦਾ ਸੰਚਾਲਨ ਸਥਾਨ ਹਰਿਆਣਾ ਨੂੰ ਬਣਾਇਆ ਜਾਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਸੂਬਾ ਨਵੀਨਤਾ ਅਤੇ ਵਿਕਾਸ ਵਿੱਚ ਮੋਹਰੀ ਭੂਮਿਕਾ ਨਿਭਾ ਰਿਹਾ ਹੈ। ਇਹ ਟ੍ਰੇਨ ਜੀਂਦ ਤੋਂ ਸੋਨੀਪਤ ਵਿਚਕਾਰ ਚਲਾਈ ਜਾਵੇਗੀ। ਹਾਈਡ੍ਰੋਜਨ ਫਿਊਲ ਨਾਲ ਚੱਲਣ ਕਾਰਨ ਇਹ ਪੂਰੀ ਤਰ੍ਹਾਂ ਵਾਤਾਵਰਣ ਅਨੁਕੂਲ ਹੋਵੇਗੀ ਅਤੇ ਪ੍ਰਦੂਸ਼ਣ ਘੱਟ ਕਰਨ ਦੇ ਨਾਲ ਟਿਕਾਊ ਆਵਾਜਾਈ ਨੂੰ ਪ੍ਰੋਤਸਾਹਿਤ ਕਰੇਗੀ।

**ਹਰਿਆਣਾ ਲਈ ਮਾਣ ਦਾ ਪਲ**

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਲਈ ਮਾਣ ਦਾ ਪਲ ਹੈ ਕਿ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਸੂਬੇ ਦੀਆਂ ਪਟੜੀਆਂ 'ਤੇ ਦੌੜੇਗੀ। ਇਹ ਆਤਮ-ਨਿਰਭਰ ਭਾਰਤ ਅਤੇ ਵਿਕਸਿਤ ਭਾਰਤ ਦੀ ਪਛਾਣ ਬਣੇਗੀ। ਉਨ੍ਹਾਂ ਦੱਸਿਆ ਕਿ 17 ਜੁਲਾਈ ਨੂੰ ਜੀਂਦ ਵਿੱਚ ਪ੍ਰਧਾਨ ਮੰਤਰੀ ਸੂਬੇ ਨੂੰ ਕਈ ਹੋਰ ਵਿਕਾਸ ਪ੍ਰੋਜੈਕਟਾਂ ਦੀ ਸੌਗਾਤ ਵੀ ਦੇਣਗੇ। ਇਸ ਨਾਲ ਰਾਜ ਦੇ ਵਿਕਾਸ ਨੂੰ ਨਵੀਂ ਗਤੀ ਮਿਲੇਗੀ ਅਤੇ ਆਮ ਲੋਕਾਂ ਨੂੰ ਸਿੱਧਾ ਲਾਭ ਹੋਵੇਗਾ।

**ਹਰਿਤ ਪਹਿਲਕਦਮੀ 'ਤੇ ਜ਼ੋਰ**

ਮੁੱਖ ਮੰਤਰੀ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਇਤਿਹਾਸਕ ਮੌਕੇ ਦੇ ਗਵਾਹ ਬਣਨ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਨੂੰ ਪੂਰੀ ਤਰ੍ਹਾਂ ਨਾਲ ਇਕੋ-ਫ੍ਰੈਂਡਲੀ ਬਣਾਉਣ ਲਈ ਕਈ ਪ੍ਰਬੰਧ ਕੀਤੇ ਗਏ ਹਨ। ਸਵੱਛ ਵਾਤਾਵਰਣ ਦਾ ਸੰਦੇਸ਼ ਦੇਣ ਲਈ ਰੈਲੀ ਵਿੱਚ ਇਲੈਕਟ੍ਰਿਕ ਅਤੇ ਸੀਐਨਜੀ ਵਾਹਨਾਂ ਨੂੰ ਤਰਜੀਹ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਸੋਚ ਦੇ ਅਨੁਰੂਪ ਸੂਬਾ ਸਰਕਾਰ ਵੀ ਹਰਿਤ ਪਹਿਲਕਦਮੀ 'ਤੇ ਜ਼ੋਰ ਦੇ ਰਹੀ ਹੈ।

ਮੁੱਖ ਮੰਤਰੀ ਨੇ ਵਿਸ਼ਵਾਸ ਜਤਾਇਆ ਕਿ ਹਾਈਡ੍ਰੋਜਨ ਟ੍ਰੇਨ ਦੀ ਸ਼ੁਰੂਆਤ ਨਾਲ ਭਾਰਤ ਵਿੱਚ ਹਰਿਤ ਊਰਜਾ ਅਧਾਰਤ ਰੇਲ ਆਵਾਜਾਈ ਨੂੰ ਨਵੀਂ ਦਿਸ਼ਾ ਮਿਲੇਗੀ ਅਤੇ ਹਰਿਆਣਾ ਆਧੁਨਿਕ, ਸਵੱਛ ਅਤੇ ਤਕਨੀਕ ਅਧਾਰਤ ਵਿਕਾਸ ਵਿੱਚ ਹੋਰ ਮਜ਼ਬੂਤ ਹੋਵੇਗਾ।

## ਐਚਐਸਵੀਪੀ ਪਲਾਟ ਧਾਰਕਾਂ ਲਈ 'ਵਿਵਾਦੋਂ ਸੇ ਸਮਾਧਾਨ ਯੋਜਨਾ' ਦਾ ਲਾਭ ਉਠਾਉਣ ਦਾ ਦਿੱਤਾ ਇੱਕ ਹੋਰ ਮੌਕਾ

**ਚੰਡੀਗੜ੍ਹ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਨੇ ਹਰਿਆਣਾ ਸ਼ਹਿਰੀ ਵਿਕਾਸ ਅਥਾਰਟੀ ਦੁਆਰਾ ਪਾਤਰ ਅਲਾਟੀਆਂ ਲਈ 'ਵਿਵਾਦੋਂ ਸੇ ਸਮਾਧਾਨ ਯੋਜਨਾ 2026' ਦੇ ਤਹਿਤ ਇੱਕ ਸੁਨਹਿਰੀ ਅਤੇ ਅੰਤਿਮ ਮੌਕਾ ਦਿੱਤਾ ਹੈ, ਜਿਸ ਦੀ ਅੰਤਿਮ ਮਿਤੀ 31 ਦਸੰਬਰ, 2026 ਨਿਰਧਾਰਤ ਕੀਤੀ ਗਈ ਹੈ।

ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਸ ਲੋਕ-ਭਲਾਈ ਯੋਜਨਾ ਦੇ ਅਧੀਨ ਕੁੱਲ 103 ਸੈਕਟਰਾਂ ਅਤੇ ਲਗਭਗ 5,085 ਲਾਭਪਾਤਰੀਆਂ ਨੂੰ ਸ਼ਾਮਲ ਕੀਤਾ ਗਿਆ ਹੈ। ਇਸ ਯੋਜਨਾ ਤਹਿਤ ਪਾਤਰ ਅਲਾਟੀਆਂ ਨੂੰ 770 ਕਰੋੜ ਰੁਪਏ ਤੋਂ ਵੱਧ ਦੀ ਮਹੱਤਵਪੂਰਨ ਛੋਟ ਦਿੱਤੀ ਜਾਵੇਗੀ। ਇਹ ਯੋਜਨਾ ਮੁੱਖ ਤੌਰ 'ਤੇ ਪਲਾਟ ਐਨਹਾਂਸਮੈਂਟ ਨਾਲ ਸਬੰਧਤ ਵਿਵਾਦਾਂ ਦੇ ਇੱਕਮੁਸ਼ਤ ਹੱਲ ਦਾ ਮੌਕਾ ਪ੍ਰਦਾਨ ਕਰਦੀ ਹੈ, ਅਤੇ ਉਹਨਾਂ ਅਲਾਟੀਆਂ ਨੂੰ ਵੀ ਇਸ ਵਾਰ ਵਿਸ਼ੇਸ਼ ਤੌਰ 'ਤੇ ਲਾਭ ਦੇ ਰਹੀ ਹੈ ਜੋ ਪਿਛਲੀਆਂ ਯੋਜਨਾਵਾਂ ਦਾ ਲਾਭ ਉਠਾਉਣ ਤੋਂ ਚੂਕ ਗਏ ਸਨ। ਪਾਤਰਤਾ ਦੇ ਘੇਰੇ ਨੂੰ ਵਿਆਪਕ ਰੱਖਦੇ ਹੋਏ ਇਸ ਵਿੱਚ ਰਿਹਾਇਸ਼ੀ ਪਲਾਟਾਂ ਦੇ ਅਲਾਟੀ, ਫਲੋਰ-ਵਾਈਜ਼ ਰਜਿਸਟ੍ਰੇਸ਼ਨ, ਗਰੁੱਪ ਹਾਊਸਿੰਗ ਸਾਈਟਾਂ, ਸੰਸਥਾਗਤ ਪਲਾਟ ਅਤੇ ਉਦਯੋਗਿਕ ਪਲਾਟਾਂ ਨੂੰ ਸ਼ਾਮਲ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੂਰੀ ਪ੍ਰਕਿਰਿਆ ਨੂੰ ਡਿਜੀਟਲ ਅਤੇ ਪਾਰਦਰਸ਼ੀ ਬਣਾਇਆ ਗਿਆ ਹੈ, ਜਿਸ ਦੇ ਤਹਿਤ ਪਾਤਰ ਅਲਾਟੀ ਆਪਣੀ ਪਲਾਟ ਆਈਡੀ ਅਤੇ ਪਾਸਵਰਡ ਦੀ ਵਰਤੋਂ ਕਰਕੇ ਐਚਐਸਵੀਪੀ ਪੋਰਟਲ 'ਤੇ ਆਪਣੀ ਨਿਰਧਾਰਤ ਛੋਟ ਰਕਮ ਨੂੰ ਲਾਈਵ ਦੇਖ ਸਕਦੇ ਹਨ। ਵਧੇਰੇ ਜਾਣਕਾਰੀ ਅਤੇ ਅਰਜ਼ੀ ਲਈ ਅਲਾਟੀ ਅਧਿਕਾਰਤ ਪੋਰਟਲ https://vsss.hsvphry.org.in/ Óå ਜਾ ਸਕਦੇ ਹਨ। ਜੇਕਰ ਕਿਸੇ ਅਲਾਟੀ ਨੂੰ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਜਾਂ ਵਾਧੂ ਜਾਣਕਾਰੀ ਦੀ ਲੋੜ ਹੈ, ਤਾਂ ਉਹ ਸਿੱਧੇ ਆਪਣੇ ਸਬੰਧਤ ਐਚਐਸਵੀਪੀ ਅਸਟੇਟ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ ਜਾਂ ਪੋਰਟਲ ਰਾਹੀਂ ਆਪਣੀ ਬੇਨਤੀ ਆਨਲਾਈਨ ਦਰਜ ਕਰਵਾ ਸਕਦੇ ਹਨ।

ਬੁਲਾਰੇ ਨੇ ਅੱਗੇ ਕਿਹਾ ਕਿ ਜੇਕਰ ਕੋਈ ਡਿਫੌਲਟਰ (ਬਕਾਇਆਦਾਰ) ਅਲਾਟੀ ਇਸ ਨਿਰਧਾਰਤ ਮਿਆਦ ਦੇ ਅੰਦਰ ਯੋਜਨਾ ਦਾ ਲਾਭ ਨਹੀਂ ਉਠਾਉਂਦਾ ਹੈ, ਤਾਂ ਉਸ ਦੇ ਖਿਲਾਫ ਲਾਗੂ ਨਿਯਮਾਂ ਅਤੇ ਕਾਨੂੰਨੀ ਪ੍ਰਬੰਧਾਂ ਅਨੁਸਾਰ ਪਲਾਟ ਮੁੜ-ਗ੍ਰਹਿਣ ਦੀ ਸਖ਼ਤ ਕਾਨੂੰਨੀ ਕਾਰਵਾਈ ਤੁਰੰਤ ਸ਼ੁਰੂ ਕਰ ਦਿੱਤੀ ਜਾਵੇਗੀ। ਉਨ੍ਹਾਂ ਨੇ ਸਾਰੇ ਪਾਤਰ ਅਲਾਟੀਆਂ ਨੂੰ ਜ਼ੋਰਦਾਰ ਅਪੀਲ ਕਰਦਿਆਂ ਕਿਹਾ ਕਿ ਇਹ ਯੋਜਨਾ ਪਾਤਰ ਮਾਮਲਿਆਂ ਦੇ ਸਧਾਰਨ, ਤੇਜ਼ ਅਤੇ ਨਿਰਪੱਖ ਹੱਲ ਦਾ ਇੱਕ ਇਤਿਹਾਸਕ ਮੌਕਾ ਹੈ, ਇਸ ਲਈ ਸਾਰੇ ਅਲਾਟੀ ਕਿਸੇ ਵੀ ਅੰਤਿਮ ਸਮੇਂ ਦੀ ਕਾਹਲੀ ਤੋਂ ਬਚਣ ਲਈ ਸਮਾਂ ਰਹਿੰਦਿਆਂ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਚੁਕਣ।

## ਆਮ ਆਦਮੀ ਪਾਰਟੀ ਦੇ ਵਲੰਟੀਅਰਾ ਨੇ 2027 ਵਿਚ ਸਰਕਾਰ ਬਨਾਉਣ ਦਾ ਬਿਗੁਲ ਵਜਾਇਆ : ਬਲਤੇਜ ਪੰਨੂ



**ਚੰਡੀਗੜ੍ਹ 13 ਜੁਲਾਈ**
**-ਛਤਰਪਾਲ ਸਿੰਘ-**

ਆਮ ਆਦਮੀ ਪਾਰਟੀ ਦੇ ਵਲੰਟੀਅਰ ਵਲੋਂ ਇੱਕ ਮੰਚ ਤੇ ਇਕੱਠੇ ਹੋ ਕੇ 2027 ਵਿਚ ਦੁਬਾਰਾ ਸ੍. ਭਗਵੰਤ ਸਿੰਘ ਮਾਨ ਜੀ ਨੂੰ ਮੁਖ ਮੰਤਰੀ ਬਨਾਉਂਣ ਦਾ ਪ੍ਰਣ ਕੀਤਾ । ਇਸ ਮੌਕੇ ਆਮ ਆਦਮੀ ਪਾਰਟੀ ਪੰਜਾਬ ਦੇ ਜਰਨਲ ਸਕੱਤਰ ,ਮੁਖ ਬੁਲਾਰੇ ਸ੍.ਬਲਤੇਜ ਸਿੰਘ ਪੰਨੂ ਜੀ , ਪੀ ਆਰ ਟੀ ਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਜੀ ਨੇ ਸਿਰਕਤ ਕਰਕੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ , ਪੰਜਾਬ ਦੇ ਮੁਖ ਮੰਤਰੀ ਸ੍ .ਭਗਵੰਤ ਸਿੰਘ ਮਾਨ ਜੀ ਵਲੋਂ ਕੀਤੇ ਵਿਕਾਸ ਬਾਰੇ ਚਰਚਾ ਕੀਤੀ । ਇਸ ਮੌਕੇ ਸ੍ . ਬਲਤੇਜ ਸਿੰਘ ਪਨੂੰ ਨੇ ਕਿਹਾ ਕੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਪਾਰਟੀ ਦੀ ਰੀੜ ਦੀ ਹੁੱਡੀ ਹੁੰਦੀ ਹੈ ।

ਮਾਨ ਸਾਹਿਬ ਦੇ ਭਮਕੜਾ ਨੇ ਬੜੀ ਮੇਹਨਤ ਕਰਕੇ 2022 ਵਿਚ ਸ੍ . ਭਗਵੰਤ ਸਿੰਘ ਮਾਨ ਜੀ ਦੀ ਸਰਕਾਰ ਬਣਾਈ ਅਤੇ ਹੁਣ 2027 ਵਿਚ ਤਿਆਰ ਬਰ ਤਿਆਰ ਨੇ ।ਇਸ ਮੌਕੇ ਚੇਅਰਮੈਨ ਹਰਪਾਲ ਜੁਨੇਜਾ ਨੇ ਕਿਹਾ ਕੇ ਆਮ ਆਦਮੀ ਪਾਰਟੀ ਦੇ ਵਰਕਰਾ ਵਿਚ ਜੋ ਜਜਬਾਤੀ ਜਨੂੰਨ ਹੈ ਉਸ ਨੂੰ ਦੇਖ ਕੇ ਜਾਪਦਾ ਕੇ 2027 ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਹਾਲ ਵਿਚ ਬਨਣੀ ਤਹਿ ਹੈ ਅਤੇ ਜੋ ਵਾਧੇ ਮਾਨ ਸਰਕਾਰ ਨੇ ਕੀਤੇ ਉਹ ਸਮੇ ਤੋਂ ਪਹਿਲਾ ਹੀ ਪੂਰੇ ਕਰ ਦਿਤੇ ।ਜਿਸ ਦਾ ਪੰਜਾਬੀਆਂ ਨੂੰ ਲਾਭ ਮਿਲ ਰਿਹਾ ਹੈ । ਮੀਟਿੰਗ ਨੂੰ ਸਬੋਧਨ ਕਰਦਿਆਂ ਜਰਨੈਲ ਸਿੰਘ ਮਨੂੰ, ਵੀਰਪਾਲ ਕੌਰ, ਰਾਜਿੰਦਰ ਮੋਹਨ, ਆਰਤੀ ਗੁਪਤਾ, ਸ਼ੁਸੀਲ ਮਿੱਡਾ, ਸੰਦੀਪ ਬੰਧੂ, ਜਸਵਿੰਦਰ ਰਿਮਪਾ ਕ੍ਰਿਸ਼ਨ ਜੀ, ਰਾਜਵੀਰ ਸਿੰਘ, ਅਮਿਤ ਕੁਮਾਰ, ਸੁਖਜਿੰਦਰ ਸਿੰਘ, ਸੁਖਚੈਨ ਸਿੰਘ, ਮੁਖਤਿਆਰ ਗਿੱਲ, ਰਵੇਲ ਸਿੱਧੂ, ਸੁਰਜਨ ਸਿੰਘ, ਦੀਪ ਮਾਲਾ ਦੁੱਗਲ, ਜੀ ਐੱਸ ਓਬਰਾਏ, ਗੁਰਬਖੁਸ਼ ਸਿੰਘ, ਰਾਜੇਸ਼ ਕਨੋਜੀਆਂ, ਹਰਿਕਾਂਤ ਵਾਲੀਆ, ਅਮਰਜੀਤ ਸਿੰਘ, ਅਮਨ ਬਾਂਸਲ ਅਤੇ ਸਾਰੇ ਮਾਨ ਸਾਹਿਬ ਦੇ ਭਮਕੜਾ ਨੇ ਸਾਂਝੇ ਤੌਰ ਤੇ ਕਿਹਾ ਕੇ 2027 ਵਿਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ ।

ਇਸ ਨੂੰ ਕੋਈ ਵੀ ਨਹੀਂ ਰੋਕ ਸਕਦਾ ਮਾਨ ਸਾਹਿਬ ਦੇ ਭਮਕੜ 2022 ਤੋਂ ਵੀ ਜਿਆਂਦਾ ਸੀਟਾ ਜਿੱਤ ਕੇ ਵਾਪਸੀ ਕਰਨ ਗਏ ।

## ਹਰਿਆਣਾ 'ਚ ਅਮਨ-ਕਾਨੂੰਨ ਦੀ ਸਥਿਤੀ ਵਿਗੜੀ: ਸ਼ੈਲਜਾ

**ਰਤੀਆ, 13 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਲੋਕ ਸਭਾ ਮੈਂਬਰ ਕੁਮਾਰੀ ਸ਼ੈਲਜਾ ਨੇ ਰਤੀਆ ਦੇ ਪਿੰਡ ਹੜੌਲੀ ਵਿੱਚ ਨਾਗਪੁਰ ਬਲਾਕ ਕਾਂਗਰਸ ਕਮੇਟੀ ਦੇ ਦਫ਼ਤਰ ਦੇ ਉਦਘਾਟਨ ਅਤੇ ਵਰਕਰ ਮਿਲਣੀ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸ਼ੈਲਜਾ ਨੇ ਕਾਂਗਰਸੀ ਵਰਕਰਾਂ ਵਿੱਚ ਜੋਸ਼ ਭਰਦਿਆਂ ਉਨ੍ਹਾਂ ਨੂੰ ਲੋਕਾਂ ਦੇ ਮੁੱਦੇ ਚੁੱਕਣ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੁਮਾਰੀ ਸ਼ੈਲਜਾ ਨੇ ਕਿਹਾ ਕਿ ਕਾਂਗਰਸ ਹਮੇਸ਼ਾ ਲੋਕਾਂ ਦੇ ਹੱਕਾਂ ਲਈ ਸੰਘਰਸ਼ ਕਰਦੀ ਆਈ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦਾ ਹਰ ਅਹੁਦੇਦਾਰ ਅਤੇ ਵਰਕਰ ਲੋਕਾਂ ਦੀਆਂ ਮੁਸ਼ਕਲਾਂ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਉਨ੍ਹਾਂ ਦੇ ਹੱਲ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰੇ। ਉਨ੍ਹਾਂ ਕਿਹਾ ਕਿ ਕਿਸੇ ਵੀ ਰਾਜਨੀਤਿਕ ਸੰਗਠਨ ਦੀ ਅਸਲ ਤਾਕਤ ਉਸ ਦੇ ਸਮਰਪਿਤ ਵਰਕਰ ਅਤੇ ਲੋਕਾਂ ਦਾ ਭਰੋਸਾ ਹੁੰਦੇ ਹਨ। ਇਸ ਲਈ ਹਰ ਵਰਕਰ ਨੂੰ ਪਿੰਡ-ਪਿੰਡ ਅਤੇ ਘਰ-ਘਰ ਤੱਕ ਪਹੁੰਚ ਕੇ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣਾ ਚਾਹੀਦਾ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਾਰਟੀ ਦੇ ਮੰਚ ਰਾਹੀਂ ਚੁੱਕਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦਾ ਮੂਲ ਉਦੇਸ਼ ਲੋਕਾਂ ਦੀ ਸੇਵਾ ਕਰਨਾ ਹੈ ਅਤੇ ਇਸ ਮਿਸ਼ਨ ਨੂੰ ਮਜ਼ਬੂਤ ਬਣਾਉਣ ਲਈ ਸੰਗਠਨ ਨੂੰ ਜੜ੍ਹਾਂ ਤੱਕ ਫੈਲਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਫਤਿਹਾਬਾਦ ਜ਼ਿਲ੍ਹੇ ਦੇ ਖਾਰਾਖੇੜੀ ਪਿੰਡ ਵਿੱਚ ਸਾਬਕਾ ਸਰਪੰਚ ਰਾਜਿੰਦਰ ਖਿਲੇਰੀ ਦੀ ਦਿਨ-ਦਿਹਾੜੇ ਗੋਲੀ ਮਾਰ ਕੇ ਕੀਤੀ ਗਈ ਹੱਤਿਆ ਦੀ ਨਿਖੇਧੀ ਕਰਦਿਆਂ ਮੁਲਜ਼ਮਾਂ ਖ਼ਿਲਾਫ਼ ਕਾਰਵਾਈ ਮੰਗੀ। ਕੁਮਾਰੀ ਸ਼ੈਲਜਾ ਨੇ ਕਿਹਾ ਕਿ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਵਿਗੜ ਗਈ ਹੈ ਅਤੇ ਅਪਰਾਧੀ ਬੇਖ਼ੌਫ਼ ਹੋ ਕੇ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਵਿੱਚ ਨਾਕਾਮ ਸਾਬਤ ਹੋਈ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਪੁਲੀਸ ਪ੍ਰਬੰਧ ਨੂੰ ਹੋਰ ਮਜ਼ਬੂਤ ਬਣਾਇਆ ਜਾਵੇ। ਇਸ ਮੌਕੇ ਜ਼ਿਲ੍ਹਾ ਕਾਂਗਰਸ ਪ੍ਰਧਾਨ ਅਰਵਿੰਦ ਸ਼ਰਮਾ, ਵਿਧਾਇਕ ਬਲਵਾਨ ਸਿੰਘ ਦੌਲਤਪੁਰੀਆ, ਜੈਪਾਲ ਸਿੰਘ ਲਾਲੀ, ਨਾਗਪੁਰ ਬਲਾਕ ਪ੍ਰਧਾਨ ਗੁਰਜਿੰਦਰ ਜੌਹਲ, ਦੇਵਰਾਜ ਹੜੌਲੀ, ਸਜਿੰਦਰ ਬੇਨੀਵਾਲ ਆਦਿ ਹਾਜ਼ਰ ਸਨ।

## ਸੂਬੇ ਦੀਆਂ ਮੈਡੀਕਲ ਸਹੂਲਤਾਂ ਵਿੱਚ ਲਗਾਤਾਰ ਵਿਸਥਾਰ ਕੀਤਾ ਜਾ ਰਿਹਾ ਹੈ : ਸਿਹਤ ਮੰਤਰੀ

**ਚੰਡੀਗੜ੍ਹ, 13 ਜੁਲਾਈ**
**-ਸੰਜੀਵ ਸ਼ਰਮਾ-**

ਸੂਬੇ ਦੀ ਸਿਹਤ, ਮੈਡੀਕਲ ਸਿੱਖਿਆ ਅਤੇ ਖੋਜ ਅਤੇ ਆਯੂਸ਼ ਮੰਤਰੀ ਆਰਤੀ ਸਿੰਘ ਰਾਓ ਨੇ ਅੱਜ ਭਿਵਾਨੀ ਵਿੱਚ ਮਹਿਮ ਰੋਡ 'ਤੇ ਸਥਿਤ ਜਗਨਨਾਥ ਸਰਾਫ ਵੈਲਨੈਸ ਸੈਂਟਰ ਅਤੇ ਹਰਿਆਣਾ ਯੋਗ ਕੁਦਰਤੀ ਇਲਾਜ ਕਲੀਨਿਕ ਕੰਪਲੈਕਸ ਵਿੱਚ ਨਵੇਂ ਬਣੇ ਫਿਜ਼ੀਓਥੈਰੇਪੀ ਸੈਂਟਰ ਦਾ ਉਦਘਾਟਨ ਕੀਤਾ।

ਇਸ ਦੌਰਾਨ ਉਨ੍ਹਾਂ ਕਿਹਾ ਕਿ ਸੂਬੇ ਵਿੱਚ ਮੈਡੀਕਲ ਸਹੂਲਤਾਂ ਵਿੱਚ ਲਗਾਤਾਰ ਵਿਸਥਾਰ ਕੀਤਾ ਜਾ ਰਿਹਾ ਹੈ। ਆਉਣ ਵਾਲੇ ਸਮੇਂ ਵਿੱਚ ਸੂਬੇ ਨੂੰ ਹੋਰ ਵੀ ਬਿਹਤਰ ਮੈਡੀਕਲ ਸਹੂਲਤਾਂ ਮਿਲਣਗੀਆਂ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ 17 ਜੁਲਾਈ ਨੂੰ ਜੀਂਦ ਤੋਂ ਭਿਵਾਨੀ ਅਤੇ ਮਹਿੰਦਰਗੜ੍ਹ ਜ਼ਿਲ੍ਹੇ ਦੇ ਕੋਰੀਆਵਾਸ ਨੂੰ ਨਵੇਂ ਮੈਡੀਕਲ ਕਾਲਜ ਦੀ ਸੌਗਾਤ ਦੇਣਗੇ, ਜੋ ਸਿਹਤ ਸੇਵਾਵਾਂ ਵਿੱਚ ਮੀਲ ਦਾ ਪੱਥਰ ਸਾਬਤ ਹੋਣਗੇ।



ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਪਿਛਲੇ 11 ਸਾਲਾਂ ਤੋਂ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾ ਰਿਹਾ ਹੈ। ਇਹ ਯੋਗ ਦਿਵਸ ਸਿਹਤਮੰਦ ਰਹਿਣ ਲਈ ਕੁਦਰਤ ਦੀ ਗੋਦ ਵਿੱਚ ਜਾਣ ਦਾ ਇੱਕ ਸੰਦੇਸ਼ ਹੈ। ਨਿਯਮਿਤ ਤੌਰ 'ਤੇ ਯੋਗਾਸਨ ਅਤੇ ਪ੍ਰਾਣਾਯਾਮ ਕਰਕੇ ਅਸੀਂ ਸਿਹਤਮੰਦ ਰਹਿ ਸਕਦੇ ਹਾਂ ਅਤੇ ਬੁਢਾਪੇ ਵਿੱਚ ਆਉਣ ਵਾਲੀਆਂ ਆਮ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਕਰੀਬ ਪੌਣੇ ਦੋ ਸਾਲਾਂ ਦੌਰਾਨ ਸੂਬੇ ਵਿੱਚ ਮੈਡੀਕਲ ਸਹੂਲਤਾਂ ਵਿੱਚ ਲਗਾਤਾਰ ਵਿਸਥਾਰ ਕੀਤਾ ਹੈ। ਸੂਬੇ ਵਿੱਚ 1100 ਡਾਕਟਰਾਂ ਦੀ ਭਰਤੀ ਕੀਤੀ ਗਈ ਹੈ। ਉਨ੍ਹਾਂ ਦਾ ਯਤਨ ਹੈ ਕਿ ਪੇਂਡੂ ਖੇਤਰਾਂ ਵਿੱਚ ਸਥਾਪਿਤ ਪ੍ਰਾਇਮਰੀ ਹੈਲਥ ਸੈਂਟਰਾਂ ਵਿੱਚ ਜਨਰਲ ਹਸਪਤਾਲ ਵਰਗੀਆਂ ਮੈਡੀਕਲ ਸਹੂਲਤਾਂ ਮਿਲਣ ਤਾਂ ਜੋ ਪੇਂਡੂਆਂ ਅਤੇ ਖਾਸ ਕਰਕੇ ਔਰਤਾਂ ਨੂੰ ਮੈਡੀਕਲ ਸਹੂਲਤ ਪ੍ਰਾਪਤ ਕਰਨ ਵਿੱਚ ਕਿਸੇ ਕਿਸਮ ਦੀ ਪਰੇਸ਼ਾਨੀ ਨਾ ਹੋਵੇ।

ਪ੍ਰੋਗਰਾਮ ਦੌਰਾਨ ਭਿਵਾਨੀ ਦੇ ਵਿਧਾਇਕ ਸ੍ਰੀ ਘਨਸ਼ਿਆਮ ਸਰਾਫ, ਬਵਾਨੀ ਖੇੜਾ ਦੇ ਵਿਧਾਇਕ ਸ੍ਰੀ ਕਪੂਰ ਸਿੰਘ ਵਾਲਮਿਕੀ, ਹਰਿਆਣਾ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਸ੍ਰੀ ਸ਼ੰਕਰ ਲਾਲ ਧੂਪੜ, ਚੌਧਰੀ ਬੰਸੀ ਲਾਲ ਯੂਨੀਵਰਸਿਟੀ ਦੀ ਵਾਇਸ ਚਾਂਸਲਰ ਪ੍ਰੋ. ਦੀਪਤੀ ਧਰਮਾਨੀ ਅਤੇ ਹੋਰ ਮਾਣਯੋਗ ਵਿਅਕਤੀ ਮੌਜੂਦ ਸਨ।





